PAIGAM-E-JAGAT

ਪੈਗ਼ਾਮ-ਏ-ਜਗਤ

ਜੋ ਅਸੀਂ ਖ਼ੁਸ਼ੀ ਨਾਲ ਸਿੱਖਦੇ ਹਾਂ, ਅਸੀਂ ਕਦੇ ਨਹੀਂ ਭੁੱਲਦੇ।'
- ਐਲਫ੍ਰੇਡ ਮਰਸੀਅਰ

Title code : CHAMUL00914 | E-mail : Info@paigamejagat.com | ਸੋਮਵਾਰ, 28 ਸਤੰਬਰ 2026, ਸਾਲ-4, ਅੰਕ-8, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701



ਐਲਪੀਯੂ ਦੇ ਬਾਹਰ ਹਾਲਾਤ ਬੇਕਾਬੂ

ਵਿਦਿਆਰਥੀਆਂ ਵੱਲੋਂ ਪੁਲੀਸ ’ਤੇ ਪਥਰਾਅ, ਗੱਡੀਆਂ ਨੂੰ ਲਗਾਈ ਅੱਗ

ਪੁਲੀਸ ਵੱਲੋਂ ਕੀਤਾ ਗਿਆ ਲਾਠੀਚਾਰਜ

ਫਗਵਾੜਾ, 27 ਸਤੰਬਰ
(ਪੈਗ਼ਾਮ-ਏ-ਜਗਤ)

ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਦੇ ਬਾਹਰ ਐਤਵਾਰ ਸ਼ਾਮ ਨੂੰ ਵਿਦਿਆਰਥੀਆਂ ਦਾ ਪ੍ਰਦਰਸ਼ਨ ਹਿੰਸਕ ਰੂਪ ਧਾਰਨ ਕਰ ਗਿਆ। ਵਿਦਿਆਰਥੀਆਂ ਅਤੇ ਪੁਲੀਸ ਵਿਚਕਾਰ ਤਣਾਅ ਵਧ ਗਿਆ ਅਤੇ ਸਥਿਤੀ ਇੰਨੀ ਬੇਕਾਬੂ ਹੋ ਗਈ ਕਿ ਪ੍ਰਦਰਸ਼ਨਕਾਰੀਆਂ ਅਤੇ ਪੁਲੀਸ ਵਿਚਕਾਰ ਸਿੱਧੀ ਝੜਪ ਦੇਖਣ ਨੂੰ ਮਿਲੀ।

ਪ੍ਰਾਪਤ ਜਾਣਕਾਰੀ ਅਨੁਸਾਰ, ਪ੍ਰਦਰਸ਼ਨਕਾਰੀ ਵਿਦਿਆਰਥੀਆਂ ਵੱਲੋਂ ਮੌਕੇ ’ਤੇ ਤਾਇਨਾਤ ਪੁਲੀਸ ਮੁਲਾਜ਼ਮਾਂ ਉੱਤੇ ਪਥਰਾਅ ਸ਼ੁਰੂ ਕਰ ਦਿੱਤਾ ਗਿਆ। ਭੜਕੀ ਹੋਈ ਭੀੜ ਨੂੰ ਖਿੰਡਾਉਣ ਅਤੇ ਹਾਲਾਤ ’ਤੇ ਕਾਬੂ ਪਾਉਣ ਲਈ ਪੁਲੀਸ ਵੱਲੋਂ ਜਵਾਬੀ ਕਾਰਵਾਈ ਕਰਦਿਆਂ ਲਾਠੀਚਾਰਜ ਵੀ ਕੀਤਾ ਗਿਆ।

ਉੱਥੇ ਹੀ ਪ੍ਰਦਰਸ਼ਨਕਾਰੀਆਂ ਵੱਲੋਂ ਐੱਸ ਐੱਸ ਪੀ ਗੌਰਵ ਤੂਰਾ ਦੀ ਗੱਡੀ ਦੀ ਭੰਨਤੋੜ ਕੀਤੀ ਗਈ, ਜਦਕਿ ਤਿੰਨ ਹੋਰ ਪੁਲੀਸ ਵਾਹਨਾਂ ਨੂੰ ਅੱਗ ਲਗਾ ਦਿੱਤੀ ਗਈ। ਇਸ ਪਥਰਾਅ ਦੌਰਾਨ ਕੁਝ ਪੁਲੀਸ ਮੁਲਾਜ਼ਮਾਂ ਦੇ ਜ਼ਖ਼ਮੀ ਹੋਣ ਦੀ ਵੀ ਖ਼ਬਰ ਹੈ।

ਇਸ ਘਟਨਾ ਤੋਂ ਬਾਅਦ ਯੂਨੀਵਰਸਿਟੀ ਦੇ ਬਾਹਰ ਅਤੇ ਆਸਪਾਸ ਦੇ ਇਲਾਕੇ ਵਿੱਚ ਸਥਿਤੀ ਕਾਫੀ ਤਣਾਅਪੂਰਨ ਬਣੀ ਹੋਈ ਹੈ। ਮੌਕੇ ’ਤੇ ਭਾਰੀ ਪੁਲੀਸ ਫੋਰਸ ਤਾਇਨਾਤ ਕਰ ਦਿੱਤੀ ਗਈ ਹੈ। ਇਸ ਤੋਂ ਪਹਿਲਾਂ ਦਿਨ ਵੇਲੇ, ਵਿਦਿਆਰਥੀਆਂ ਨੇ ਕੈਂਪਸ ਵਿੱਚ ਹੰਗਾਮਾ ਕੀਤਾ ਅਤੇ ਤੋੜ-ਫੋੜ ਕੀਤੀ। ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੇ ਕੌਮੀ ਮਾਰਗ ਨੂੰ ਜਾਮ ਕਰ ਦਿੱਤਾ। ਸਤਨਾਮਪੁਰਾ ਪੁਲੀਸ ਸਟੇਸ਼ਨ ਵਿੱਚ ਇੱਕ ਵਿਦਿਆਰਥਣ ਦੇ ਬਿਆਨ ’ਤੇ ਇੱਕ ਐੱਫਆਈਆਰ ਦਰਜ ਕੀਤੀ ਗਈ ਹੈ, ਜਿਸ ਨੇ ਦੋਸ਼ ਲਗਾਇਆ ਹੈ ਕਿ 23 ਸਤੰਬਰ ਨੂੰ ਗਰਲਜ਼ ਹੋਸਟਲ ਵਿੱਚ ਇੱਕ ਲੜਕੀ ਨਾਲ ਜਬਰ-ਜਨਾਹ ਕੀਤਾ ਗਿਆ ਸੀ ਪਰ ਪ੍ਰਸ਼ਾਸਨ ਨੇ ਇਸ ਘਟਨਾ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ।

ਉੱਥੇ ਹੀ ਜਲੰਧਰ ਰੇਂਜ ਦੇ ਡੀ ਆਈ ਜੀ ਨਵੀਨ ਸਿੰਗਲਾ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਲਈ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਗਿਆ ਹੈ, ਜਿਸ ਵਿੱਚ ਫਗਵਾੜਾ ਦੇ ਐੱਸ ਪੀ ਮੇਜਰ ਸਿੰਘ, ਡੀ ਐੱਸ ਪੀ ਪਲਵਿੰਦਰ ਸਿੰਘ ਅਤੇ ਇੱਕ ਮਹਿਲਾ ਪੁਲੀਸ ਇੰਸਪੈਕਟਰ ਤੋਂ ਇਲਾਵਾ ਵਿਦਿਆਰਥੀਆਂ ਦੇ (ਬਾਕੀ ਸਫ਼ਾ 2 ’ਤੇ)

ਚਿਤਕਾਰਾ ਯੂਨੀਵਰਸਿਟੀ ਵਿੱਚ ਕੀ ਹੋਇਆ?

ਪਹਿਲੀ ਘਟਨਾ 25 ਸਤੰਬਰ ਦੀ ਰਾਤ ਨੂੰ ਸਾਹਮਣੇ ਆਈ ਜਦੋਂ ਸੋਸ਼ਲ ਮੀਡੀਆ ਪੋਸਟਾਂ ਅਤੇ ਰੀਲਾਂ ਵਿੱਚ ਇਹ ਦਾਅਵੇ ਫੈਲਣੇ ਸ਼ੁਰੂ ਹੋ ਗਏ ਕਿ ਕੁੜੀਆਂ ਦੇ ਹੋਸਟਲ ਵਿੱਚੋਂ ਦੋ ਵਿਦਿਆਰਥਣਾਂ ਗਾਇਬ ਹਨ ਜਾਂ ਉਨ੍ਹਾਂ ਨੇ ਖ਼ੁਦਕੁਸ਼ੀ ਕਰ ਲਈ ਹੈ। ਕੁਝ ਪੋਸਟਾਂ ਵਿੱਚ ਇੱਕ ਕਥਿਤ ‘ਭੂਤ’ ਦਾ ਅਜੀਬੋ-ਗਰੀਬ ਹਵਾਲਾ ਵੀ ਦਿੱਤਾ ਗਿਆ ਅਤੇ ਦਾਅਵਾ ਕੀਤਾ ਗਿਆ ਕਿ ਹੋਸਟਲ ਵਿੱਚੋਂ ਚੀਕਾਂ ਸੁਣਾਈ ਦਿੱਤੀਆਂ ਸਨ।

ਇਨ੍ਹਾਂ ਦਾਅਵਿਆਂ ਕਾਰਨ ਰਾਤ ਨੂੰ ਹੀ ਪ੍ਰਦਰਸ਼ਨ ਸ਼ੁਰੂ ਹੋ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀ ਕੈਂਪਸ ਵਿੱਚ ਇਕੱਠੇ ਹੋ ਗਏ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਤੋਂ ਜਵਾਬ ਮੰਗਣ ਲੱਗੇ। ਵਿਦਿਆਰਥੀਆਂ ਨੇ ਕਥਿਤ ਤੌਰ ’ਤੇ ਸੀਸੀਟੀਵੀ ਫੁਟੇਜ ਤੱਕ ਪਹੁੰਚ ਦੀ ਮੰਗ ਕੀਤੀ ਅਤੇ ਦੋਸ਼ਾਂ ਨੂੰ ਲੈ ਕੇ ਅਧਿਕਾਰੀਆਂ ਦਾ ਘਿਰਾਓ ਕੀਤਾ।

ਇਹ ਪ੍ਰਦਰਸ਼ਨ ਬਾਅਦ ਵਿੱਚ ਹਿੰਸਕ ਹੋ ਗਿਆ, ਜਿਸ ਵਿੱਚ ਕੈਂਪਸ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਇਆ ਗਿਆ ਅਤੇ ਪੰਜਾਬ ਪੁਲੀਸ ਦੇ ਐਮਰਜੈਂਸੀ ਰਿਸਪਾਂਸ ਵਾਹਨ ’ਤੇ ਹਮਲਾ ਕੀਤਾ ਗਿਆ। ਇਸ ਦਾ ਅੱਗੇ ਵਾਲਾ ਸ਼ੀਸ਼ਾ ਤੋੜ ਦਿੱਤਾ ਗਿਆ ਸੀ।

ਚਿਤਕਾਰਾ ਯੂਨੀਵਰਸਿਟੀ ਦੇ ਰਜਿਸਟਰਾਰ ਕਲੋਨਲ ਰਾਕੇਸ਼ ਸ਼ਰਮਾ (ਸੇਵਾਮੁਕਤ) ਅਤੇ ਸਥਾਨਕ ਪੁਲੀਸ ਅਧਿਕਾਰੀਆਂ ਨੇ ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਦੋਸ਼ਾਂ ਨੂੰ ਨਕਾਰ ਦਿੱਤਾ। ਪੁਲੀਸ ਅਧਿਕਾਰੀਆਂ ਨੇ ਇਹ ਵੀ ਇਸ਼ਾਰਾ ਕੀਤਾ ਕਿ ਕਾਰਵਾਈ ਦੀ ਮੰਗ ਕਰਨ ਵਾਲੇ ਵਿਦਿਆਰਥੀ ਕਥਿਤ ਤੌਰ ’ਤੇ ਲਾਪਤਾ ਵਿਦਿਆਰਥੀਆਂ ਦੇ ਨਾਮ ਜਾਂ ਪਛਾਣ ਨਹੀਂ ਦੇ ਸਕੇ। ਯੂਨੀਵਰਸਿਟੀ ਅਤੇ ਪੁਲੀਸ ਨੇ ਦਾਅਵਾ ਕੀਤਾ ਕਿ ਅਜਿਹੀ ਕੋਈ ਮੌਤ ਨਹੀਂ ਹੋਈ ਹੈ ਅਤੇ ਕੋਈ ਵੀ ਵਿਦਿਆਰਥੀ ਲਾਪਤਾ ਨਹੀਂ ਹੈ।

24 ਘੰਟਿਆਂ ਦੇ ਅੰਦਰ ਐਲਪੀਯੂ ਵਿੱਚ ਪ੍ਰਦਰਸ਼ਨ ਸ਼ੁਰੂ

ਇਸ ਤੋਂ ਬਿਲਕੁਲ ਅਗਲੇ ਦਿਨ, ਫਗਵਾੜਾ ਵਿੱਚ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਵੀ ਅਜਿਹੀ ਹੀ ਸਥਿਤੀ ਪੈਦਾ ਹੋ ਗਈ। ਸ਼ਨਿੱਚਰਵਾਰ ਰਾਤ ਨੂੰ ਅਸਪਸ਼ਟ ਸੋਸ਼ਲ ਮੀਡੀਆ ਸੁਨੇਹੇ ਘੁੰਮਣ ਲੱਗੇ ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਕਿ ਕੈਂਪਸ ਵਿੱਚ ਇੱਕ ਬਾਹਰੀ ਵਿਅਕਤੀ ਵੱਲੋਂ ਇੱਕ ਵਿਦਿਆਰਥਣ ਨਾਲ ਜਬਰ-ਜਨਾਹ ਕੀਤਾ ਗਿਆ ਹੈ। ਇਸ ਦਾਅਵੇ ਦੇ ਕੁਝ ਹੋਰ ਰੂਪਾਂ ਵਿੱਚ ਸੁਝਾਅ ਦਿੱਤਾ ਗਿਆ ਕਿ ਵਿਦਿਆਰਥਣ ਨੇ ਖ਼ੁਦਕੁਸ਼ੀ ਕਰ ਲਈ ਹੈ। ਇਨ੍ਹਾਂ ਪੋਸਟਾਂ ਨੇ ਵਿਦਿਆਰਥੀਆਂ ਵਿੱਚ ਘਬਰਾਹਟ ਪੈਦਾ ਕਰ ਦਿੱਤੀ, ਜੋ ਐਤਵਾਰ ਤੜਕੇ ਕੁੜੀਆਂ ਦੇ ਹੋਸਟਲ ਨੇੜੇ ਇਕੱਠੇ ਹੋ ਗਏ।

ਸਥਿਤੀ ਤੇਜ਼ੀ ਨਾਲ ਵਿਗੜ ਗਈ, ਜਿਸ ਵਿੱਚ ਪ੍ਰਦਰਸ਼ਨਕਾਰੀਆਂ ਨੇ ਕਥਿਤ ਤੌਰ ’ਤੇ ਇੱਟਾਂ ਸੁੱਟੀਆਂ, ਖਿੜਕੀਆਂ ਦੇ ਸ਼ੀਸ਼ੇ ਤੋੜੇ ਅਤੇ ਕੈਂਪਸ ਦੇ ਅੰਦਰ ਚੀਜ਼ਾਂ ਨੂੰ ਅੱਗ ਲਗਾ ਦਿੱਤੀ।

ਪ੍ਰਦਰਸ਼ਨਕਾਰੀਆਂ ਨੇ ਕੈਂਪਸ ਦੇ ਗੇਟਾਂ ਨੂੰ ਵੀ ਤੋੜ ਦਿੱਤਾ ਅਤੇ ਜਲੰਧਰ-ਫਗਵਾੜਾ ਨੈਸ਼ਨਲ ਹਾਈਵੇਅ ਨੂੰ ਜਾਮ ਕਰ ਦਿੱਤਾ, ਜਿਸ ਨਾਲ ਆਵਾਜਾਈ ਵਿੱਚ ਵਿਘਨ ਪਿਆ।

ਸਥਿਤੀ ਨੂੰ ਕਾਬੂ ਹੇਠ ਲਿਆਉਣ ਲਈ ਵੱਡੀ ਗਿਣਤੀ ਵਿੱਚ ਪੁਲੀਸ ਫ਼ੋਰਸ ਤਾਇਨਾਤ ਕੀਤੀ ਗਈ। ਕਪੂਰਥਲਾ ਦੇ ਐੱਸ.ਐੱਸ.ਪੀ. ਗੌਰਵ ਤੂਰਾ ਨੇ ਕਿਹਾ ਕਿ ਮੁੱਢਲੀ ਜਾਂਚ ਵਿੱਚ ਦੋਸ਼ਾਂ ਦਾ ਸਮਰਥਨ ਕਰਨ ਵਾਲਾ ਕੋਈ ਸਬੂਤ ਨਹੀਂ ਮਿਲਿਆ ਹੈ ਅਤੇ ਕਥਿਤ ਜਬਰ-ਜਨਾਹ ਬਾਰੇ ਕੋਈ ਅਧਿਕਾਰਤ ਸ਼ਿਕਾਇਤ ਪ੍ਰਾਪਤ ਨਹੀਂ ਹੋਈ ਹੈ। ਪੁਲੀਸ ਨੇ ਕਿਹਾ ਕਿ ਸਥਿਤੀ ਕਾਬੂ ਹੇਠ ਹੈ ਅਤੇ ਕੈਂਪਸ ਦੇ ਨਾਲ-ਨਾਲ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਵੀ ਸਥਿਤੀ ’ਤੇ ਨਜ਼ਰ ਰੱਖੀ ਜਾ ਰਹੀ ਹੈ।

ਹਾਲਾਂਕਿ ਦੋਵਾਂ ਪ੍ਰਦਰਸ਼ਨਾਂ ਦਾ ਤਤਕਾਲ ਕਾਰਨ ਆਨਲਾਈਨ ਅਪੁਸ਼ਟ ਦਾਅਵਿਆਂ ਦਾ ਫੈਲਣਾ ਸੀ, ਪਰ ਪੁਲੀਸ ਅਧਿਕਾਰੀਆਂ ਨੇ ਕਿਹਾ ਕਿ ਵਿਦਿਆਰਥੀਆਂ ਨਾਲ ਗੱਲਬਾਤ ਕਰਨ ’ਤੇ ਕੈਂਪਸ ਪ੍ਰਸ਼ਾਸਨ ਅਤੇ ਸੰਚਾਰ ਬਾਰੇ ਵੀ ਚਿੰਤਾਵਾਂ ਸਾਹਮਣੇ ਆਈਆਂ। ਪੁਲੀਸ ਦੇ ਅਨੁਸਾਰ, ਕੁਝ ਵਿਦਿਆਰਥੀਆਂ ਨੇ ਸ਼ਿਕਾਇਤ ਕੀਤੀ ਕਿ ਯੂਨੀਵਰਸਿਟੀ ਪ੍ਰਸ਼ਾਸਨ ਦੁਆਰਾ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਸ਼ਿਕਾਇਤਾਂ ਦਾ ਸਹੀ ਢੰਗ ਨਾਲ ਹੱਲ ਨਹੀਂ ਕੀਤਾ ਜਾ ਰਿਹਾ ਹੈ। ਇਸ ਲਈ ਇਨ੍ਹਾਂ ਘਟਨਾਵਾਂ ਨੇ ਹਜ਼ਾਰਾਂ ਵਿਦਿਆਰਥੀਆਂ ਵਿੱਚ ਅਪੁਸ਼ਟ ਜਾਣਕਾਰੀ ਫੈਲਣ ਬਾਰੇ ਵੱਡੀ ਚਿੰਤਾ ਪੈਦਾ ਕਰ ਦਿੱਤੀ ਹੈ। ਪੁਲੀਸ ਭੜਕਾਊ ਗਲਤ ਜਾਣਕਾਰੀ ਦੇ ਪ੍ਰਸਾਰ ਨੂੰ ਰੋਕਣ ਲਈ ਆਨਲਾਈਨ ਪਲੇਟਫਾਰਮਾਂ ’ਤੇ ਨਜ਼ਰ ਰੱਖ ਰਹੀ ਹੈ ਅਤੇ ਵਿਦਿਆਰਥੀਆਂ ਨੂੰ ਅਪੁਸ਼ਟ ਦਾਅਵਿਆਂ ਨੂੰ ਸਾਂਝਾ ਨਾ ਕਰਨ ਦੀ ਅਪੀਲ ਕੀਤੀ ਹੈ। ਯੂਨੀਵਰਸਿਟੀ ਪ੍ਰਸ਼ਾਸਨ ਅਤੇ ਪੁਲੀਸ ਨੇ ਵੀ ਵਿਦਿਆਰਥੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸੋਸ਼ਲ ਮੀਡੀਆ ਪੋਸਟਾਂ ’ਤੇ ਕਾਰਵਾਈ ਕਰਨ ਤੋਂ ਪਹਿਲਾਂ ਅਧਿਕਾਰਤ ਸੰਚਾਰ ’ਤੇ ਭਰੋਸਾ ਕਰਨ। ਦੋਵਾਂ ਯੂਨੀਵਰਸਿਟੀਆਂ ਵਿੱਚ ਪ੍ਰਦਰਸ਼ਨ ਇੱਕ ਦੂਜੇ ਤੋਂ ਲਗਭਗ 24 ਘੰਟਿਆਂ ਦੇ ਅੰਦਰ ਹੋਏ, ਪਰ ਅਜਿਹਾ ਕੋਈ ਅਧਿਕਾਰਤ ਸਬੂਤ ਨਹੀਂ ਹੈ ਜੋ ਇਹ ਸਥਾਪਤ ਕਰੇ ਕਿ ਅਪੁਸ਼ਟ ਦਾਅਵਿਆਂ ਦੇ ਸਮਾਨ ਪੈਟਰਨ ਤੋਂ ਇਲਾਵਾ ਇਹ ਦੋਵੇਂ ਘਟਨਾਵਾਂ ਆਪਸ ਵਿੱਚ ਜੁੜੀਆਂ ਹੋਈਆਂ ਸਨ।

ਸੀਐਮ ਮਾਨ ਨੇ ਬੇਅਦਬੀ ਵਿਰੋਧੀ ਕਾਨੂੰਨ ਸਬੰਧੀ ਬਣਾਈ 7 ਮੈਂਬਰੀ ਕਮੇਟੀ ਨਾਲ ਕੀਤੀ ਮੀਟਿੰਗ

ਬੇਅਦਬੀ ਕਰਨ ਵਾਲਿਆਂ ਲਈ ਉਮਰਕੈਦ ਅਤੇ ਭਾਰੀ ਜ਼ੁਰਮਾਨੇ ’ਚ ਕੋਈ ਸਮਝੌਤਾ ਨਹੀਂ ਹੋਵੇਗਾ : ਮਾਨ

- ਕਿਹਾ: ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਲਈ ਸਖ਼ਤ ਤੋਂ ਸਖ਼ਤ ਕਾਨੂੰਨ ਯਕੀਨੀ ਬਣਾਇਆ ਜਾਵੇਗਾ



ਚੰਡੀਗੜ੍ਹ, 27 ਸਤੰਬਰ
(ਪੈਗ਼ਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਲਈ ਸਰਵਉੱਚ ਹਨ ਅਤੇ ਉਨ੍ਹਾਂ ਦੀ ਸਰਕਾਰ ਬੇਅਦਬੀ ਵਿਰੁੱਧ ਸਖ਼ਤ ਕਾਨੂੰਨੀ ਢਾਂਚਾ ਬਣਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਲਈ ਕੋਈ ਕਸਰ ਨਹੀਂ ਛੱਡੇਗੀ। ਸੂਬਾ ਸਰਕਾਰ ਵੱਲੋਂ ਬਣਾਈ 7 ਮੈਂਬਰੀ ਉੱਚ ਪੱਧਰੀ ਕਮੇਟੀ ਨਾਲ ਹੋਈ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬੇਅਦਬੀ ਕਰਨ ਵਾਲਿਆਂ ਲਈ ਉਮਰਕੈਦ ਅਤੇ ਭਾਰੀ ਜੁਰਮਾਨਾ ਇਸ ਕਾਨੂੰਨ ਦਾ ਮੁੱਖ ਆਧਾਰ ਹਨ ਅਤੇ ਇਸ ਵਿੱਚ ਕੋਈ ਢਿੱਲ ਨਹੀਂ ਦਿੱਤੀ ਜਾ ਸਕਦੀ।

ਮੁੱਖ ਮੰਤਰੀ ਨਿਵਾਸ ’ਤੇ ਹੋਈ ਇਸ ਮੀਟਿੰਗ ਵਿੱਚ ’ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026’ ਦੀਆਂ ਕੁੱਝ ਧਾਰਾਵਾਂ ਨੂੰ ਲੈ ਕੇ ਉੱਠੇ ਖ਼ਦਸ਼ਿਆਂ ਅਤੇ ਆਪਸੀ ਸਹਿਮਤੀ ਨਾਲ ਉਨ੍ਹਾਂ ਦੇ ਹੱਲ ’ਤੇ ਚਰਚਾ ਕੀਤੀ ਗਈ। ਉਨ੍ਹਾਂ ਨੇ ਕਮੇਟੀ ਨੂੰ ਨਿਰਦੇਸ਼ ਦਿੱਤੇ ਕਿ ਪ੍ਰਸਤਾਵਿਤ ਸੋਧਾਂ ਦੀ ਸਮੀਖਿਆ ਕੀਤੀ ਜਾਵੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਪੈਨਲ ਨਾਲ ਨਿਰੰਤਰ ਬੈਠਕਾਂ ਕੀਤੀਆਂ ਜਾਣ। ਉਨ੍ਹਾਂ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਇਹ ਕਾਨੂੰਨ ਸਿੱਖ ਸੰਗਤ ਦੇ ਹਿਰਦਿਆਂ ’ਤੇ ਮਲ੍ਹਮ ਲਗਾਉਣ ਦਾ ਕੰਮ ਕਰੇ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਬੇਅਦਬੀ ਦੇ ਦੋਸ਼ੀਆਂ ਲਈ ਸਖ਼ਤ ਤੋਂ ਸਖ਼ਤ ਸਜ਼ਾ ਯਕੀਨੀ ਬਣਾਉਣਾ ਹੀ ਸਰਕਾਰ ਦਾ ਮੁੱਖ ਮਕਸਦ ਹੈ, ਤਾਂ ਜੋ ਕੋਈ ਵੀ ਅਜਿਹਾ ਗੁਨਾਹ ਕਰਨ ਦੀ ਹਿੰਮਤ ਨਾ ਕਰ ਸਕੇ। ਇਸ ਮਕਸਦ ਲਈ ਬਣਾਈ ਗਈ 7 ਮੈਂਬਰੀ ਕਮੇਟੀ ਵਿੱਚ ਧਾਰਮਿਕ ਸ਼ਖ਼ਸੀਅਤਾਂ, ਬੁੱਧੀਜੀਵੀ ਅਤੇ ਕਾਨੂੰਨੀ ਮਾਹਰ ਸ਼ਾਮਲ ਹਨ, ਜੋ ਕਾਨੂੰਨ ਦੇ ਹਰ ਪਹਿਲੂ ਦੀ ਜਾਂਚ ਕਰਨਗੇ। ਮੁੱਖ ਮੰਤਰੀ ਨੇ ਨੋਡਲ ਅਫ਼ਸਰ ਪੀ.ਸੀ.ਐੱਸ. ਹਰਜੀਤ ਸਿੰਘ ਸੰਧੂ ਨੂੰ ਭਵਿੱਖ ਦੀਆਂ ਬੈਠਕਾਂ ਲਈ ਪੂਰਾ ਤਾਲਮੇਲ ਰੱਖਣ ਦੇ ਨਿਰਦੇਸ਼ ਦਿੱਤੇ ਹਨ।

ਉਨ੍ਹਾਂ ਦੱਸਿਆ ਕਿ ਸਰਕਾਰ ਨੇ ਨਵਾਂ ਕਾਨੂੰਨ ਲਿਆਉਣ ਦੀ ਬਜਾਏ ਮੌਜੂਦਾ ਕਾਨੂੰਨ ਵਿੱਚ ਹੀ ਸੋਧ ਕਰਨ ਦਾ ਫ਼ੈਸਲਾ ਕੀਤਾ ਹੈ, ਤਾਂ ਜੋ ਸੋਧੇ ਹੋਏ ਕਾਨੂੰਨ ਨੂੰ ਮਨਜ਼ੂਰੀ ਲਈ ਰਾਜਪਾਲ ਕੋਲ ਭੇਜਿਆ ਜਾ ਸਕੇ। ਉਨ੍ਹਾਂ ਆਸ ਪ੍ਰਗਟਾਈ ਕਿ ਕਮੇਟੀ ਦੀ ਵਿਚਾਰ-ਵਟਾਂਦਰਾ ਸਿੱਖ ਪੰਥ (ਬਾਕੀ ਸਫ਼ਾ 2 ’ਤੇ)

ਅੱਜ ਤੋਂ ਬੈਂਕਾਂ ’ਚ ਤਿੰਨ ਦਿਨਾਂ ਦੀ ਹੜਤਾਲ

ਨਵੀਂ ਦਿੱਲੀ, 27 ਸਤੰਬਰ
(ਪੈਗ਼ਾਮ-ਏ-ਜਗਤ)

ਹਫ਼ਤੇ ਵਿੱਚ ਪੰਜ ਦਿਨ ਕੰਮ ਅਤੇ ਹੋਰ ਲਟਕਦੀਆਂ ਮੰਗਾਂ ਨੂੰ ਲੈ ਕੇ ਬੈਂਕ ਯੂਨੀਅਨਾਂ ਵੱਲੋਂ ਸੋਮਵਾਰ ਤੋਂ ਤਿੰਨ ਦਿਨਾਂ ਦੇਸ਼ ਵਿਆਪੀ ਹੜਤਾਲ ਸ਼ੁਰੂ ਕੀਤੇ ਜਾਣ ਨਾਲ ਚੈੱਕ ਕਲੀਅਰੈਂਸ, ਨਕਦੀ ਕਢਵਾਉਣ ਅਤੇ ਜਮ੍ਹਾਂ ਕਰਨ ਸਮੇਤ ਬੈਂਕਿੰਗ ਸੇਵਾਵਾਂ ਪ੍ਰਭਾਵਿਤ ਹੋਣ ਦਾ ਖਦਸ਼ਾ ਹੈ। ਹੜਤਾਲ ਦਾ ਮੁੱਖ ਅਸਰ ਜਨਤਕ ਖੇਤਰ ਦੇ ਬੈਂਕਾਂ, ਨਿੱਜੀ ਬੈਂਕਾਂ ਅਤੇ ਖੇਤਰੀ ਪੇਂਡੂ ਬੈਂਕਾਂ (ਆਰ ਆਰ ਬੀ) ਵਿੱਚ ਦੇਖਣ ਨੂੰ ਮਿਲ ਸਕਦਾ ਹੈ। ਹਾਲਾਂਕਿ ਡਿਜੀਟਲ ਬੈਂਕਿੰਗ ਅਤੇ ਹੋਰ ਆਨਲਾਈਨ ਸੇਵਾਵਾਂ ਦੇ ਆਮ ਵਾਂਗ ਚਾਲੂ ਰਹਿਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ, ਆਈਸੀਆਈਸੀਆਈ ਬੈਂਕ, ਐੱਚਡੀਐੱਫਸੀ ਬੈਂਕ (ਬਾਕੀ ਸਫ਼ਾ 2 ’ਤੇ)



ਵਿਰਾਟ ਕੋਹਲੀ ਨੇ ਰਚਿਆ ਇਤਿਹਾਸ

ਇੱਕ ਰੋਜ਼ਾ ’ਚ 15000 ਦੌੜਾਂ ਬਣਾਉਣ ਵਾਲੇ ਦੁਨੀਆ ਦੇ ਬਣੇ ਦੂਜੇ ਬੱਲੇਬਾਜ਼

ਨਵੀਂ ਦਿੱਲੀ, 27 ਸਤੰਬਰ (ਪੈਗ਼ਾਮ-ਏ-ਜਗਤ)

ਭਾਰਤੀ ਬੱਲੇਬਾਜ਼ ਵਿਰਾਟ ਕੋਹਲੀ ਨੇ ਐਤਵਾਰ ਨੂੰ ਵੈਸਟਇੰਡੀਜ਼ ਵਿਰੁੱਧ ਪਹਿਲੇ ਵਨਡੇ ਵਿੱਚ ਇਤਿਹਾਸ ਰਚ ਦਿੱਤਾ। ਤਿਰੂਵਨੰਤਪੁਰਮ ਦੇ ਗ੍ਰੀਨਫੀਲਡ ਇੰਟਰਨੈਸ਼ਨਲ ਸਟੇਡੀਅਮ ਵਿੱਚ ਰੋਹਿਤ ਸ਼ਰਮਾ ਦੇ ਆਊਟ ਹੋਣ ਤੋਂ ਬਾਅਦ ਮੈਦਾਨ ’ਤੇ ਉਤਰਦੇ ਹੋਏ, ਕੋਹਲੀ ਨੇ ਪਹਿਲਾਂ 40 ਗੇਂਦਾਂ ਵਿੱਚ ਅਰਧ ਸੈਂਕੜਾ ਲਗਾਇਆ। ਮੈਚ ਵਿੱਚ 59 ਦੌੜਾਂ ਬਣਾ ਕੇ, ਉਸਨੇ ਵਨਡੇ ਵਿੱਚ 15000 ਦੌੜਾਂ ਪੂਰੀਆਂ ਕੀਤੀਆਂ। ਕੋਹਲੀ ਵਨਡੇ ਵਿੱਚ 15000 ਦੌੜਾਂ ਬਣਾਉਣ ਵਾਲਾ ਦੁਨੀਆ ਦਾ ਦੂਜਾ ਬੱਲੇਬਾਜ਼ ਬਣ ਗਿਆ। ਕੋਹਲੀ ਨੇ ਆਪਣੇ 315ਵੇਂ ਵਨਡੇ ਦੀਆਂ 303 ਪਾਰੀਆਂ ਵਿੱਚ ਇਹ ਉਪਲਬਧੀ ਹਾਸਲ ਕੀਤੀ। ਸਚਿਨ ਤੇਂਦੁਲਕਰ ਇਸ ਸੂਚੀ ਵਿੱਚ ਸਿਖਰ ’ਤੇ ਹਨ। ਸਚਿਨ ਤੇਂਦੁਲਕਰ ਨੇ 463 ਵਨਡੇ ਦੀਆਂ 452 ਪਾਰੀਆਂ ਵਿੱਚ 18426 ਦੌੜਾਂ ਬਣਾਈਆਂ। ਸੂਚੀ ਵਿੱਚ ਕੁਮਾਰ ਸੰਗਾਕਾਰਾ ਤੀਜੇ ਸਥਾਨ ’ਤੇ, ਰਿੱਕੀ ਪੌਂਟਿੰਗ ਚੌਥੇ ਸਥਾਨ ’ਤੇ ਅਤੇ ਸਨਥ ਜੈਸੂਰੀਆ ਪੰਜਵੇਂ ਸਥਾਨ ’ਤੇ ਹਨ।

‘ਮਨ ਕੀ ਬਾਤ’: ਅਤਿਵਾਦ ਪ੍ਰਤੀ ਜ਼ੀਰੋ-ਟੋਲਰੈਂਸ ਨੀਤੀ ’ਤੇ ਚੱਲ ਰਿਹੈ ਭਾਰਤ: ਮੋਦੀ

ਨਵੀਂ ਦਿੱਲੀ, 27 ਸਤੰਬਰ
(ਪੈਗ਼ਾਮ-ਏ-ਜਗਤ)



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਐਤਵਾਰ ਨੂੰ ਸਾਲ 2016 ਦੀ ਸਰਜੀਕਲ ਸਟ੍ਰਾਈਕ ਨੂੰ ਯਾਦ ਕੀਤਾ ਅਤੇ ਕਿਹਾ ਕਿ ਇਸ ਕਾਰਵਾਈ ਨੇ ਦੁਨੀਆ ਨੂੰ ਭਾਰਤ ਦੀ ਅਤਿਵਾਦ ਵਿਰੋਧੀ ਨੀਤੀ ਦੀ ‘ਨਵੀਂ ਮਿਸਾਲ’ ਦਿਖਾਈ ਹੈ।

ਆਪਣੇ 138ਵੇਂ ਮਹੀਨਾਵਾਰ ਰੇਡੀਓ ਪ੍ਰੋਗਰਾਮ ‘ਮਨ ਕੀ ਬਾਤ’ ਵਿੱਚ ਦੇਸ਼ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਕਿਹਾ ਕਿ 28-29 ਸਤੰਬਰ 2016 ਨੂੰ ਕੀਤੀ ਗਈ ਸਰਜੀਕਲ ਸਟ੍ਰਾਈਕ ਸੋਮਵਾਰ ਨੂੰ 10 ਸਾਲ ਪੂਰੇ ਕਰ ਲਵੇਗੀ। ਉਨ੍ਹਾਂ ਕਿਹਾ ਕਿ ਭਾਰਤੀ ਸੈਨਾ ਨੇ ਪਾਕਿਸਤਾਨ ਵਿੱਚ ਅਤਿਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਉਣ ਲਈ ਕੰਟਰੋਲ ਰੇਖਾ ਨੂੰ ਪਾਰ ਕੀਤਾ ਸੀ।

ਉੜੀ ਹਮਲੇ, ਜਿਸ ਵਿੱਚ 18 ਫੌਜੀ ਸ਼ਹੀਦ ਹੋ ਗਏ ਸਨ, ਤੋਂ 11 ਦਿਨਾਂ ਬਾਅਦ ਭਾਰਤੀ ਸੈਨਾ ਨੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਸਰਜੀਕਲ ਸਟ੍ਰਾਈਕ ਕੀਤੀ, ਜਿਸ ਨਾਲ ਅਤਿਵਾਦੀਆਂ ਨੂੰ ਭਾਰੀ ਨੁਕਸਾਨ ਪਹੁੰਚਿਆ ਸੀ।


ਮੋਦੀ ਨੇ ਕਿਹਾ ਕਿ ਭਾਰਤ ਨੇ ਲੰਬੇ ਸਮੇਂ ਤੱਕ ਅਤਿਵਾਦੀ ਹਮਲਿਆਂ ਦਾ ਦੁੱਖ ਸਹਿਣ ਕੀਤਾ ਹੈ ਅਤੇ ਸਰਜੀਕਲ ਸਟ੍ਰਾਈਕ ਇਸਦਾ ਫ਼ੈਸਲਾਕੁਨ ਜਵਾਬ ਸੀ। ਮੋਦੀ ਨੇ ਕਿਹਾ, ‘ਸਰਜੀਕਲ ਸਟ੍ਰਾਈਕ’ ਨੇ ਪੂਰੀ ਦੁਨੀਆ ਨੂੰ ਭਾਰਤ ਦੀ ਅਤਿਵਾਦ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਬੜੀ ਬੇਬਾਕੀ ਨਾਲ ਦਿਖਾਈ। ਦੁਨੀਆ ਇਹ ਦੇਖ ਕੇ ਹੈਰਾਨ ਰਹਿ ਗਈ ਕਿ ਜਿਸ ਤਰ੍ਹਾਂ ਸਾਡੇ ਬਹਾਦਰ ਫੌਜੀਆਂ ਨੇ ਅਤਿਵਾਦ ਵਿਰੁੱਧ ਕਾਰਵਾਈ ਕਰਨ ਲਈ ਕੰਟਰੋਲ ਰੇਖਾ ਪਾਰ ਕੀਤੀ। ਸਰਜੀਕਲ ਸਟ੍ਰਾਈਕ ਨੇ ਪੂਰੀ ਦੁਨੀਆ ਨੂੰ ਭਾਰਤ ਦੀ ਅਤਿਵਾਦ ਵਿਰੋਧੀ ਨੀਤੀ ਦੀ ਨਵੀਂ ਮਿਸਾਲ ਬੜੀ ਬੇਬਾਕੀ ਨਾਲ ਦਿਖਾਈ। ‘ਸਰਜੀਕਲ ਸਟ੍ਰਾਈਕ’ ਅਤਿਵਾਦੀ ਹਮਲਿਆਂ ਕਾਰਨ ਭਾਰਤ ਵੱਲੋਂ ਲੰਬੇ ਸਮੇਂ ਤੋਂ ਸਹੇ ਜਾ ਰਹੇ ਦੁੱਖ ਦਾ ਸਾਡਾ ਫ਼ੈਸਲਾਕੁਨ ਜਵਾਬ ਸੀ।

ਪਿਛਲੇ ਇੱਕ ਦਹਾਕੇ ਵਿੱਚ ਬਾਲਾਕੋਟ ਏਅਰਸਟ੍ਰਾਈਕ ਤੋਂ ਲੈ ਕੇ ‘ਅਪਰੇਸ਼ਨ ਸਿੰਧੂਰ’ ਤੱਕ ਭਾਰਤ ਨੇ ਇੱਕ ਸਪੱਸ਼ਟ ਸੰਨੇਹਾ ਦਿੱਤਾ ਹੈ: ਜੇ ਅਤਿਵਾਦੀਆਂ ਨੇ (ਬਾਕੀ ਸਫ਼ਾ 2 ’ਤੇ)

0.4% ਐੱਮ.ਡੀ.ਆਰ. ਦੇ ਵਿਰੋਧ ਵਿੱਚ 2 ਅਕਤੂਬਰ ਨੂੰ ਮੋਬਾਈਲ ਦੁਕਾਨਦਾਰ ‘ਨੋ ਯੂ.ਪੀ.ਆਈ. ਦਿਨ’ ਮਨਾਉਣਗੇ

ਨਵੀਂ ਦਿੱਲੀ, 27 ਸਤੰਬਰ
(ਪੈਗ਼ਾਮ-ਏ-ਜਗਤ)

ਯੂ.ਪੀ.ਆਈ. ਲੈਣ-ਦੇਣ ਉੱਤੇ 0.4 ਪ੍ਰਤੀਸ਼ਤ ਮਰਚੈਂਟ ਡਿਸਕਾਊਂਟ ਰੇਟ ਫੀਸ ਲਗਾਉਣ ਦੇ ਵਿਰੋਧ ਵਿੱਚ ਦੇਸ਼ ਭਰ ਦੇ ਮੋਬਾਈਲ ਫੋਨ ਪ੍ਰਚੂਨ ਦੁਕਾਨਦਾਰ 2 ਅਕਤੂਬਰ ਨੂੰ ’ਨੋ ਯੂ.ਪੀ.ਆਈ. ਦਿਨ’ ਮਨਾਉਣ ਦੀ ਯੋਜਨਾ ਬਣਾ ਰਹੇ ਹਨ। ਉਦਯੋਗ ਸੰਗਠਨ ਏ.ਆਈ.ਐੱਮ.ਆਰ.ਏ. ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਇਸ ਦਿਨ ਯੂ.ਪੀ.ਆਈ. ਰਾਹੀਂ ਕੋਈ ਲੈਣ-ਦੇਣ ਨਹੀਂ ਕੀਤਾ ਜਾਵੇਗਾ।



ਸਰਕਾਰ ਨੇ 15 ਅਕਤੂਬਰ ਤੋਂ ਵਪਾਰੀਆਂ ਲਈ 2,000 ਰੁਪਏ ਤੋਂ ਵੱਧ ਦੇ ਯੂ.ਪੀ.ਆਈ. ਲੈਣ-ਦੇਣ ਉੱਤੇ 0.4 ਪ੍ਰਤੀਸ਼ਤ ਫੀਸ ਲਾਗੂ ਕੀਤੀ ਹੈ, ਜਦਕਿ ਦੋ ਵਿਅਕਤੀਆਂ ਵਿਚਕਾਰ (ਪੀ.ਟੂ.ਪੀ.) ਲੈਣ-ਦੇਣ ਅਤੇ ਛੋਟੇ ਭੁਗਤਾਨਾਂ ਉੱਤੇ ਕੋਈ ਫੀਸ ਨਹੀਂ ਲੱਗੇਗੀ।

ਆਲ ਇੰਡੀਆ ਮੋਬਾਈਲ ਰਿਟੇਲਰਜ਼ ਐਸੋਸੀਏਸ਼ਨ ਦੇ ਉਪ-ਪ੍ਰਧਾਨ ਅਤੇ ਦਿੱਲੀ-ਐੱਨ.ਸੀ.ਆਰ. ਖੇਤਰ ਦੇ ਪ੍ਰਧਾਨ ਤਰਵਿੰਦਰ ਸਿੰਘ ਨੇ ਬਿਆਨ ਵਿੱਚ ਕਿਹਾ, ’’ਏ.ਆਈ.ਐੱਮ.ਆਰ.ਏ. ਨੇ ਯੂ.ਪੀ.ਆਈ. ਲੈਣ-ਦੇਣ ਉੱਤੇ ਲਾਗੂ 0.4 ਪ੍ਰਤੀਸ਼ਤ ਐੱਮ.ਡੀ.ਆਰ. ਨੂੰ ਲੈ ਕੇ ਮੋਬਾਈਲ ਦੁਕਾਨਦਾਰਾਂ ਦੀਆਂ ਚਿੰਤਾਵਾਂ ਜ਼ਾਹਰ ਕਰਨ ਲਈ 2 ਅਕਤੂਬਰ 2026 ਨੂੰ ’ਨੋ ਯੂ.ਪੀ.ਆਈ. ਦਿਨ’ ਦਾ ਸੱਦਾ ਦਿੱਤਾ ਹੈ।”


ਉਨ੍ਹਾਂ ਦੱਸਿਆ ਕਿ ’ਗਾਂਧੀ ਜਯੰਤੀ’ ਦੇ ਮੌਕੇ ‘ਤੇ ਪ੍ਰਚੂਨ ਦੁਕਾਨਦਾਰ ਸਾਂਕੇਤਿਕ ਤੌਰ ਉੱਤੇ ਯੂ.ਪੀ.ਆਈ. ਕਿਊ.ਆਰ. ਕੋਡ ਨੂੰ ਕਾਲੇ ਕੱਪੜੇ ਨਾਲ ਢੱਕਣਗੇ ਅਤੇ ਯੂ.ਪੀ.ਆਈ. ਭੁਗਤਾਨ ਸਵੀਕਾਰ ਕਰਨ ਤੋਂ ਗੁਰੇਜ਼ ਕਰਨਗੇ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੂੰ ਏ.ਆਈ.ਐੱਮ.ਆਰ.ਏ. ਵੱਲੋਂ ਭੇਜੇ ਗਏ ਇੱਕ ਮੰਗ ਪੱਤਰ ਮੁਤਾਬਕ, ਯੂ.ਪੀ.ਆਈ. ਉੱਤੇ ਐੱਮ.ਡੀ.ਆਰ. ਲਗਾਉਣ ਨਾਲ ਪ੍ਰਤੀ ਮਹੀਨਾ ਯੂ.ਪੀ.ਆਈ. ਰਾਹੀਂ 5 ਲੱਖ ਤੋਂ 30 ਲੱਖ ਰੁਪਏ ਦਾ ਲੈਣ-ਦੇਣ ਕਰਨ ਵਾਲੇ ਛੋਟੇ ਦੁਕਾਨਦਾਰ ਨੂੰ ਸਿੱਧੇ ਤੌਰ ‘ਤੇ 2,000 ਤੋਂ 12,000 ਰੁਪਏ ਦਾ ਮਾਸਿਕ ਸ਼ੁੱਧ ਨੁਕਸਾਨ ਹੋਵੇਗਾ। ਇਸ ਨਾਲ ਉਨ੍ਹਾਂ ਦੀ ਸ਼ੁੱਧ ਆਮਦਨ ਦਾ ਇੱਕ ਵੱਡਾ ਹਿੱਸਾ ਖਤਮ ਹੋ ਜਾਵੇਗਾ। ਮੋਬਾਈਲ ਦੁਕਾਨਦਾਰਾਂ ਦੇ ਸੰਗਠਨ ਦਾ ਅਨੁਮਾਨ ਹੈ ਕਿ 0.4 ਪ੍ਰਤੀਸ਼ਤ (ਬਾਕੀ ਸਫ਼ਾ 2 ’ਤੇ)

ਨੇਪਾਲ ਵਿੱਚ ਮੁੜ ਹੜ੍ਹ ਅਤੇ ਜ਼ਮੀਨ ਖਿਸਕਣ ਨਾਲ 6 ਲੋਕਾਂ ਦੀ ਮੌਤ

- ਘਰ ਅਤੇ ਪੁਲ ਰੁੜ੍ਹ ਗਏ, ਹਾਈਵੇਅ ਬੰਦ; ਇਸ ਤੋਂ ਪਹਿਲਾਂ ਆਏ ਹੜ੍ਹਾਂ ਵਿੱਚ 1,453 ਲੋਕਾਂ ਦੀ ਜਾਨ ਗਈ ਸੀ ਅਤੇ 5,500 ਤੋਂ ਵੱਧ ਲੋਕ ਅਜੇ ਵੀ ਲਾਪਤਾ ਹਨ

ਕਾਠਮੰਡੂ, 27 ਸਤੰਬਰ
(ਪੈਗ਼ਾਮ-ਏ-ਜਗਤ)


ਨੇਪਾਲ ਵਿੱਚ ਭਾਰੀ ਮੀਂਹ ਕਾਰਨ ਕਈ ਦਰਿਆਵਾਂ ਵਿੱਚ ਪਾਣੀ ਦਾ ਪੱਧਰ ਵਧ ਗਿਆ ਹੈ, ਜਿਸ ਨਾਲ ਹੜ੍ਹ ਵਰਗੇ ਹਾਲਾਤ ਪੈਦਾ ਹੋ ਗਏ ਹਨ। ਲਗਾਤਾਰ ਮੀਂਹ ਕਾਰਨ ਸਥਿਤੀ ਹੋਰ ਵਿਗੜ ਗਈ ਹੈ, ਜਿਸ ਨਾਲ ਹੜ੍ਹ ਅਤੇ ਜ਼ਮੀਨ ਖਿਸਕਣ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਹੁਣ ਤੱਕ ਛੇ ਲੋਕਾਂ ਦੀ ਮੌਤ ਹੋ ਚੁੱਕੀ ਹੈ। ਬਾਗਲੁੰਗ ਜ਼ਿਲ੍ਹੇ ਵਿੱਚ, ਜ਼ਮੀਨ ਖਿਸਕਣ ਕਾਰਨ ਇੱਕ ਘਰ ਮਲਬੇ ਹੇਠ ਦੱਬ ਗਿਆ, ਜਿਸ ਵਿੱਚ ਇੱਕ ਔਰਤ ਅਤੇ ਉਸਦੇ ਤਿੰਨ ਪੁੱਤਰਾਂ ਦੀ ਮੌਤ ਹੋ ਗਈ। ਪਾਲਪਾ ਜ਼ਿਲ੍ਹੇ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ। ਇਸ ਦੌਰਾਨ, ਹੜ੍ਹ ਅਤੇ ਜ਼ਮੀਨ ਖਿਸਕਣ ਕਾਰਨ ਕਈ ਘਰ ਅਤੇ ਪੁਲ ਰੁੜ੍ਹ ਗਏ ਹਨ ਅਤੇ ਕਈ ਇਲਾਕਿਆਂ ਵਿੱਚ ਹਾਈਵੇਅ ਬੰਦ ਹੋਣ ਕਾਰਨ ਆਵਾਜਾਈ ਪ੍ਰਭਾਵਿਤ ਹੋਈ ਹੈ। ਬੁਟਵਾਲ ਵਿੱਚ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ 1,000 ਤੋਂ ਵੱਧ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ। ਇਸ ਤੋਂ ਪਹਿਲਾਂ, 26 ਅਗਸਤ ਨੂੰ ਭੋਟੇ ਕੋਸ਼ੀ ਦਰਿਆ ਵਿੱਚ ਆਏ ਹੜ੍ਹਾਂ ਕਾਰਨ 1,453 ਲੋਕਾਂ ਦੀ ਮੌਤ ਹੋ ਗਈ ਸੀ, ਜਦਕਿ 5,500 ਤੋਂ ਵੱਧ ਲੋਕ ਅਜੇ ਵੀ ਲਾਪਤਾ ਹਨ। (ਬਾਕੀ ਸਫ਼ਾ 2 ’ਤੇ)



ਸਾਬਕਾ ਈ.ਡੀ. ਅਧਿਕਾਰੀ ਨਿਰੰਜਨ ਸਿੰਘ ਨੇ ‘ਵਾਰਿਸ ਪੰਜਾਬ ਦੇ’ ਨੂੰ ਕਿਹਾ ਅਲਵਿਦਾ

ਚਾਰ ਦਿਨਾਂ ਮਗਰੋਂ ਹੀ ਬਦਲਿਆ ਫ਼ੈਸਲਾ

ਚੰਡੀਗੜ੍ਹ, 27 ਸਤੰਬਰ
(ਪੈਗ਼ਾਮ-ਏ-ਜਗਤ)



ਈ.ਡੀ. ਦੇ ਸਾਬਕਾ ਅਧਿਕਾਰੀ ਨਿਰੰਜਨ ਸਿੰਘ ਨੇ ਅਕਾਲੀ ਦਲ ’ਵਾਰਿਸ ਪੰਜਾਬ ਦੇ’ ਨੂੰ ਅੱਜ ਅਲਵਿਦਾ ਆਖ ਦਿੱਤਾ ਹੈ। ਚਾਰ ਦਿਨ ਪਹਿਲਾਂ ਹੀ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਨੇ ਆਪਣੀ ਸਿਆਸੀ ਪਾਰੀ ਦੀ ਸ਼ੁਰੂਆਤ ਕਰਦਿਆਂ ਅਕਾਲੀ ਦਲ ’ਵਾਰਿਸ ਪੰਜਾਬ ਦੇ’ ਦਾ ਪੱਲਾ ਫੜਿਆ ਸੀ। ਅਚਾਨਕ ਚੰਦ ਦਿਨਾਂ ਦੇ ਵਕਫ਼ੇ ਮਗਰੋਂ ਹੀ ਸਾਬਕਾ ਅਧਿਕਾਰੀ ਵੱਲੋਂ ਆਪਣੇ ਆਪ ਨੂੰ ਇਸ ਪਾਰਟੀ ਨਾਲੋਂ ਅਲੱਗ ਕਰ ਲੈਣ ਤੋਂ ਸਿਆਸੀ ਹਲਕੇ ਹੈਰਾਨ ਹਨ।

ਸਾਬਕਾ ਅਧਿਕਾਰੀ ਨਿਰੰਜਨ ਸਿੰਘ ਨੇ ਅੱਜ ਆਪਣੇ ਸੋਸ਼ਲ ਮੀਡੀਆ ਖਾਤੇ ’ਤੇ ਇਹ ਐਲਾਨ ਕੀਤਾ ਹੈ। ਸਾਂਝੀ ਕੀਤੀ ਪੋਸਟ ਅਨੁਸਾਰ ਨਿਰੰਜਨ ਸਿੰਘ ਨੇ ਕਿਹਾ ਕਿ ਉਸ ਨੇ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ, ਭ੍ਰਿਸ਼ਟਾਚਾਰ, ਗੈਂਗਸਟਰਵਾਦ, ਫਿਰੌਤੀ ਅਤੇ ਨਸ਼ਿਆਂ ਦੀ ਤਸਕਰੀ ਵਿੱਚ ਪੁਲੀਸ ਮੁਲਾਜ਼ਮਾਂ ਦੀ ਸ਼ਮੂਲੀਅਤ ਵਰਗੇ ਮੁੱਦਿਆਂ ’ਤੇ ਇਸ ਪਾਰਟੀ ਨੂੰ ਆਪਣਾ ਸਮਰਥਨ ਦਿੱਤਾ ਸੀ, ਪ੍ਰੰਤੂ ਕੁਝ ਅਜਿਹੇ ਮਤਭੇਦ ਹਨ ਜੋ ਮੇਰੇ ਲਈ ਗ਼ੈਰ-ਸਮਝੌਤਾਯੋਗ ਹਨ। ਉਨ੍ਹਾਂ ਕਿਹਾ ਕਿ ਜਨਤਕ ਜੀਵਨ ਵਿੱਚ ਰਹਿਣ ਵਾਲੇ ਵਿਅਕਤੀਆਂ ਦਾ ਆਚਰਨ ਭਾਰਤੀ ਸੰਵਿਧਾਨ ਦੇ ਅਨੁਸਾਰ ਹੋਣਾ ਚਾਹੀਦਾ ਹੈ।

ਨਿਰੰਜਨ ਸਿੰਘ ਨੇ ਅਕਾਲੀ ਦਲ ’ਵਾਰਿਸ ਪੰਜਾਬ ਦੇ’ ਨੂੰ ਸ਼ੁੱਭਕਾਮਨਾਵਾਂ ਵੀ ਦਿੱਤੀਆਂ ਹਨ। ਦੱਸਣਯੋਗ ਹੈ ਕਿ ਸਾਬਕਾ ਅਧਿਕਾਰੀ ਨਿਰੰਜਨ ਸਿੰਘ (ਬਾਕੀ ਸਫ਼ਾ 2 ’ਤੇ)

ਅੰਬਾਲਾ ’ਚ ਨਿਰਮਾਣ ਅਧੀਨ ਮਕਾਨ ਦਾ ਲੈਂਟਰ ਡਿੱਗਣ ਨਾਲ ਚਾਰ ਮਜ਼ਦੂਰਾਂ ਦੀ ਮੌਤ

- 30 ਦੇ ਕਰੀਬ ਮਜ਼ਦੂਰਾਂ ਦੇ ਫਸੇ ਹੋਣ ਦਾ ਖਦਸ਼ਾ

ਅੰਬਾਲਾ, 27 ਸਤੰਬਰ
(ਪੈਗ਼ਾਮ-ਏ-ਜਗਤ)

ਹਰਿਆਣਾ ਦੇ ਅੰਬਾਲਾ ਦੇ ਘੁਲਕੋਟ ਪਿੰਡ ਵਿੱਚ ਐਤਵਾਰ ਸ਼ਾਮ ਨੂੰ ਇੱਕ ਵੱਡਾ ਹਾਦਸਾ ਵਾਪਰਿਆ, ਜਦੋਂ ਇੱਕ ਨਿਰਮਾਣ ਅਧੀਨ ਘਰ ਦੀ ਛੱਤ ਡਿੱਗ ਗਈ। ਇਸ ਹਾਦਸੇ ਵਿੱਚ ਚਾਰ ਮਜ਼ਦੂਰਾਂ ਦੀ ਮੌਤ ਹੋ ਗਈ। ਤੀਹ ਮਜ਼ਦੂਰਾਂ ਦੇ ਫਸੇ ਹੋਣ ਦਾ ਖਦਸ਼ਾ ਹੈ। ਹੁਣ ਤੱਕ ਨੌਂ ਮਜ਼ਦੂਰਾਂ ਨੂੰ ਬਚਾਇਆ ਗਿਆ ਹੈ ਅਤੇ ਇਲਾਜ ਲਈ ਜ਼ਿਲ੍ਹਾ ਹਸਪਤਾਲ ਲਿਜਾਇਆ ਗਿਆ ਹੈ। ਪੰਜ ਜੇਸੀਬੀ ਇਸ ਸਮੇਂ ਮਲਬਾ ਹਟਾਉਣ ਦਾ ਕੰਮ ਕਰ ਰਹੇ ਹਨ। ਐਸਡੀਆਰਐਫ ਦੀ ਇੱਕ ਟੀਮ ਮੌਕੇ ’ਤੇ ਪਹੁੰਚ ਗਈ ਹੈ। ਐਸਡੀਐਮ ਅਤੇ ਭਾਜਪਾ ਜ਼ਿਲ੍ਹਾ (ਬਾਕੀ ਸਫ਼ਾ 2 ’ਤੇ)








ਨਿੱਕੀ ਗੁਰਲੀਨ

ਨੂੰ ਜਨਮਦਿਨ ਦੀਆਂ ਬਹੁਤ-ਬਹੁਤ ਮੁਬਾਰਕਾਂ

ਪਿਆਰੀ ਗੁਰਲੀਨ, ਤੇਰੀ ਮੁਸਕਾਨ ਹਮੇਸ਼ਾ ਇੰਝ ਹੀ ਖਿੜੀ ਰਹੇ। ਵਾਹਿਗੁਰੂ ਤੈਨੂੰ ਚੰਗੀ ਸਿਹਤ, ਲੰਮੀ ਉਮਰ ਅਤੇ ਖੁਸ਼ੀਆਂ ਭਰਿਆ ਜੀਵਨ ਬਖ਼ਸ਼ੇ। ਤੇਰੇ ਹਰ ਸੁਪਨੇ ਨੂੰ ਨਵੀਆਂ ਉਡਾਨਾਂ ਮਿਲਣ।













ਸ਼ਹੀਦ ਭਗਤ ਸਿੰਘ ਜਨਮ ਦਿਹਾੜੇ ’ਤੇ ਵਿਚਾਰ ਗੋਸ਼ਟੀ ਤੇ ਸਨਮਾਨ ਸਮਾਰੋਹ ਅੱਜ

ਮੋਹਾਲੀ, 26 ਸਤੰਬਰ (ਪੈ.ਗਾਮ-ਏ-ਜਗਤ)

ਭਗਤ ਪੂਰਨ ਸਿੰਘ ਵਾਤਾਵਰਣ ਸੰਭਾਲ ਸੁਸਾਇਟੀ (ਰਜਿ.) ਵੱਲੋਂ ਸ਼ਹੀਦ ਭਗਤ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ 28 ਸਤੰਬਰ, ਸੋਮਵਾਰ ਨੂੰ 3 ਵਜੇ ਸ਼ਾਮ, ਸਾਰੰਗ ਲੋਕ, ਫੇਜ਼-11, ਨੇੜੇ ਗੁਰਦੁਆਰਾ ਭਗਤ ਨਾਮਦੇਵ ਜੀ, ਮੋਹਾਲੀ ਵਿਖੇ ਵਿਚਾਰ ਗੋਸ਼ਟੀ ਅਤੇ ਸਨਮਾਨ ਸਮਾਰੋਹ ਕਰਵਾਇਆ ਜਾ ਰਿਹਾ ਹੈ।

ਮੁੱਖ ਮਹਿਮਾਨ: ਡਾ. ਪਿਆਰਾ ਲਾਲ ਗਰਗ, ਵਾਈਸ ਚੇਅਰਮੈਨ ਮਨੁੱਖੀ ਅਧਿਕਾਰ ਸੰਗਠਨ ਪੰਜਾਬ। ਮੁੱਖ ਬੁਲਾਰੇ: ਸ. ਮਨਮੋਹਨ ਸਿੰਘ ਦਾਊਂ ਤੇ ਗੁਰਨਾਮ ਕੰਵਰ। ਹੋਣਹਾਰ ਵਿਦਿਆਰਥੀਆਂ ਅਤੇ ਸ. ਹਮੀਰ ਸਿੰਘ, ਸ੍ਰੀ ਅਮਨੀਤ ਸਿੰਘ DFO ਮੋਹਾਲੀ ਦਾ ਸਨਮਾਨ ਕੀਤਾ ਜਾਵੇਗਾ। ਜਗਸੀਰ ਸਿੰਘ ਜੀਦਾ ਵੱਲੋਂ ਲੋਕ ਗੀਤ ਪੇਸ਼ ਕੀਤੇ ਜਾਣਗੇ। ਅੰਤ ਵਿੱਚ ਜੂਟ ਕੈਰੀ-ਬੈਗ, ਪੌਦੇ ਵੰਡੇ ਜਾਣਗੇ ਅਤੇ ਚਾਹ-ਪਕੌੜਿਆਂ ਦਾ ਲੰਗਰ ਹੋਵੇਗਾ।

ਵਾਤਾਵਰਨ ਦੀ ਸੰਭਾਲ ਲਈ ਆਮ ਨਾਗਰਿਕਾਂ ਦੇ ਸਹਿਯੋਗ ਦੀ ਲੋੜ : ਕੇ. ਕੇ. ਸੈਨੀ

ਐਸ.ਏ.ਐਸ. ਨਗਰ, 26 ਸਤੰਬਰ (ਪੈ.ਗਾਮ-ਏ-ਜਗਤ)

ਵਾਤਾਵਰਨ ਪ੍ਰੇਮੀ ਅਤੇ ਸਮਾਜ ਸੇਵੀ ਸ਼੍ਰੀ ਕੇ. ਕੇ. ਸੈਨੀ ਨੇ ਕਿਹਾ ਹੈ ਕਿ ਵਾਤਾਵਰਨ ਦੀ ਸੰਭਾਲ ਲਈ ਆਮ ਨਾਗਰਿਕਾਂ ਦੇ ਸਹਿਯੋਗ ਦੀ ਲੋੜ ਹੈ। ਇੱਥੇ ਜਾਰੀ ਬਿਆਨ ਵਿੱਚ ਉਹਨਾਂ ਕਿਹਾ ਕਿ ਸਾਫ਼ ਅਤੇ ਹਰਿਆ-ਭਰਿਆ ਵਾਤਾਵਰਨ ਹਵਾ ਦੀ ਗੁਣਵੱਤਾ ਵਿੱਚ ਸੁਧਾਰ, ਗਰਮੀ ਦੇ ਪ੍ਰਭਾਵ ਨੂੰ ਘਟਾਉਣ, ਜੈਵ-ਵਿਭਿੰਨਤਾ ਦੀ ਰੱਖਿਆ ਅਤੇ ਮਨੁੱਖੀ ਸਿਹਤ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਔਸ਼ਧੀ ਪੌਦੇ ਸਿਰਫ਼ ਵਾਤਾਵਰਨ ਨੂੰ ਹਰਿਆ-ਭਰਿਆ ਬਣਾਉਣ ਵਿੱਚ ਹੀ ਸਹਾਇਕ ਨਹੀਂ ਹੁੰਦੇ, ਬਲਕਿ ਭਾਰਤੀ ਪਰੰਪਰਾਗਤ ਗਿਆਨ ਵਿੱਚ ਕਈ ਪੌਦਿਆਂ ਦੀ ਵਰਤੋਂ ਸਿਹਤ ਸੰਭਾਲ ਅਤੇ ਵੱਖ-ਵੱਖ ਘਰੇਲੂ ਉਪਯੋਗਾਂ ਲਈ ਵੀ ਕੀਤੀ ਜਾਂਦੀ ਰਹੀ ਹੈ। ਘਰਾਂ, ਸਕੂਲਾਂ ਅਤੇ ਜਨਤਕ ਸਥਾਨਾਂ ਤੇ ਔਸ਼ਧੀ ਪੌਦਿਆਂ ਦੀਆਂ ਕਿਆਰੀਆਂ ਤਿਆਰ ਕਰਨ ਨਾਲ ਲੋਕਾਂ, ਖ਼ਾਸ ਕਰਕੇ ਬੱਚਿਆਂ ਵਿੱਚ ਕੁਦਰਤ ਅਤੇ ਪੌਦਿਆਂ ਪ੍ਰਤੀ ਰੁਚੀ ਅਤੇ ਜਾਗਰੂਕਤਾ ਵੀ ਵਧਦੀ ਹੈ। ਉਹਨਾਂ ਕਿਹਾ ਕਿ ਵਾਤਾਵਰਨ ਦੀ ਰੱਖਿਆ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦੀ ਜ਼ਿੰਮੇਵਾਰੀ ਨਹੀਂ, ਬਲਕਿ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।

ਸਰਪੰਚ ਦਿਲਬਾਗ ਸਿੰਘ ਗੜਾਂਗਾਂ ‘ਆਪ’ ਕਿਸਾਨ ਵਿੰਗ ਦੇ ਹਲਕਾ ਇੰਚਾਰਜ ਨਿਯੁਕਤ



ਪੈ.ਗਾਮ-ਏ-ਜਗਤ/ਖਰੜ, 27 ਸਤੰਬਰ (ਦਵਿੰਦਰ ਕੌਰ ਸਹੋਤਾ)

ਹਲਕਾ ਸ੍ਰੀ ਚਮਕੌਰ ਸਾਹਿਬ ਦੇ ਇੰਚਾਰਜ ਜਸਵੀਰ ਸਿੰਘ ਗੜੀ ਵੱਲੋਂ ਗ੍ਰਾਮ ਪੰਚਾਇਤ ਪਿੰਡ ਗੜਾਂਗਾਂ ਦੇ ਸਰਪੰਚ ਦਿਲਬਾਗ ਸਿੰਘ ਨੂੰ ਆਮ ਆਦਮੀ ਪਾਰਟੀ ਦੇ ਕਿਸਾਨ ਵਿੰਗ ਦਾ ਹਲਕਾ ਸ੍ਰੀ ਚਮਕੌਰ ਸਾਹਿਬ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਇਸ ਮੌਕੇ ਜਸਵੀਰ ਸਿੰਘ ਗੜੀ ਨੇ ਕਿਹਾ ਕਿ ਸਰਪੰਚ ਦਿਲਬਾਗ ਸਿੰਘ ਪਿਛਲੇ ਲੰਬੇ ਸਮੇਂ ਤੋਂ ਪਾਰਟੀ ਨਾਲ ਜੁੜ ਕੇ ਸਰਗਰਮੀ ਨਾਲ ਸੇਵਾ ਨਿਭਾਅ ਰਹੇ ਹਨ, ਜਿਸ ਦੇ ਮੱਦੇਨਜ਼ਰ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ। ਨਵ-ਨਿਯੁਕਤ ਹਲਕਾ ਇੰਚਾਰਜ ਸਰਪੰਚ ਦਿਲਬਾਗ ਸਿੰਘ ਨੇ ਪਾਰਟੀ ਹਾਈਕਮਾਂਡ ਅਤੇ ਜਸਵੀਰ ਸਿੰਘ ਗੜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਕਿਸਾਨਾਂ ਨਾਲ ਸਬੰਧਤ ਮਸਲਿਆਂ ਨੂੰ ਪਹਿਲ ਦੇ ਆਧਾਰ ’ਤੇ ਉਠਾਉਣ ਲਈ ਯਤਨ ਕਰਨਗੇ। ਇਸ ਮੌਕੇ ਨਵਦੀਪ ਸਿੰਘ ਟੋਨੀ, ਰਣਜੀਤ ਸਿੰਘ, ਮਨਦੀਪ ਸਿੰਘ, ਸਰਪੰਚ ਗੁਰਸੇਵਕ ਸਿੰਘ ਘੋਗਾ, ਸੋਹਨ ਸਿੰਘ ਖੇੜੀ, ਅਮਰ ਸਿੰਘ ਗੜਾਂਗਾ, ਜਸਮੇਰ ਸਿੰਘ ਅਤੇ ਅਮਨ ਸੋਹਲ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਸੀ.ਬੀ.ਐਸ.ਈ. ਸਕੂਲਾਂ ਵਿੱਚ ਦਿਨ ਵਿੱਚ ਤਿੰਨ ਵਾਰ ਹਾਜ਼ਰੀ ਲਗਵਾਉਣ ਦਾ ਪ੍ਰਵਕਤਾ ਸੰਘ ਵੱਲੋਂ ਵਿਰੋਧ

ਪੈਗਾਮ-ਏ-ਜਗਤ/ਹਰੋਲੀ/ਊਨਾ 25 ਸਤੰਬਰ (ਰਾਜਵੀਰ ਚੋਪੜਾ)

- **ਅਧਿਆਪਕਾਂ ਲਈ ਵਰਦੀ ਲਾਗੂ ਕਰਨ ’ਤੇ ਵਰਦੀ ਭੱਤਾ ਦੇਣ ਦੀ ਮੰਗ, ਬੋਰਡ ਵੱਲੋਂ ਵਧਾਈ ਰਜਿਸਟ੍ਰੇਸ਼ਨ ਫੀਸ ਵਾਪਸ ਲੈਣ ਦੀ ਉਠਾਈ ਆਵਾਜ਼**

ਹਿਮਾਚਲ ਪ੍ਰਦੇਸ਼ ਸਕੂਲ ਪ੍ਰਵਕਤਾ ਸੰਘ ਊਨਾ ਵੱਲੋਂ ਹਰੋਲੀ ਵਿੱਚ ਪ੍ਰੈਸ ਵਾਰਤਾ ਕਰਵਾਈ ਗਈ। ਜ਼ਿਲ੍ਹਾ ਪ੍ਰਧਾਨ ਸ਼ਸ਼ੀਪਾਲ ਸੈਣੀ ਅਤੇ ਜਨਰਲ ਸਕੱਤਰ ਸੰਜੀਵ ਕੁਮਾਰ ਨੇ ਪ੍ਰੈਸ ਨੂੰ ਸੰਬੋਧਨ ਕਰਦਿਆਂ ਸੀਬੀਐਸਈ ਸਕੂਲਾਂ ਵਿੱਚ ਅਧਿਆਪਕਾਂ ਤੋਂ ਦਿਨ ਵਿੱਚ ਤਿੰਨ ਵਾਰ ਹਾਜ਼ਰੀ ਲਗਵਾਉਣ ਦੇ ਫੈਸਲੇ ਦਾ ਸਖ਼ਤ ਵਿਰੋਧ ਕੀਤਾ। ਸੰਘ ਦੇ ਅਹੁਦੇਦਾਰਾਂ ਨੇ ਕਿਹਾ ਕਿ ਮੌਜੂਦਾ ਸਮੇਂ ਹਿਮਾਚਲ ਪ੍ਰਦੇਸ਼ ਦੇ ਕਿਸੇ ਵੀ ਹੋਰ ਵਿਭਾਗ ਵਿੱਚ ਕਰਮਚਾਰੀਆਂ ਤੋਂ ਦਿਨ ਵਿੱਚ ਤਿੰਨ ਵਾਰ ਹਾਜ਼ਰੀ ਨਹੀਂ ਲਗਵਾਈ ਜਾ ਰਹੀ। ਅਜਿਹੇ ਵਿੱਚ ਸਿੱਖਿਆ ਵਿਭਾਗ ਵਿੱਚ ਸੀਬੀਐਸਈ ਅਧਿਆਪਕਾਂ ਲਈ ਦਿਨ ਵਿੱਚ ਤਿੰਨ ਵਾਰ ਹਾਜ਼ਰੀ ਦੀ ਵਿਵਸਥਾ ਲਾਗੂ ਕਰਨ ਦਾ ਔਚਿਤਯ ਸਪੱਸ਼ਟ ਕੀਤਾ ਜਾਣਾ ਚਾਹੀਦਾ ਹੈ।

ਸੰਘ ਨੇ ਸੀਬੀਐਸਈ ਸਕੂਲਾਂ ਵਿੱਚ ਅਧਿਆਪਕਾਂ ਲਈ ਵਰਦੀ ਲਾਗੂ ਕਰਨ ਦਾ ਵੀ ਵਿਰੋਧ ਕੀਤਾ। ਅਹੁਦੇਦਾਰਾਂ ਨੇ ਕਿਹਾ ਕਿ ਜੇਕਰ ਅਧਿਆਪਕਾਂ ਲਈ ਵਰਦੀ ਲਾਜ਼ਮੀ ਕੀਤੀ ਜਾਂਦੀ ਹੈ ਤਾਂ ਸਰਕਾਰ ਵੱਲੋਂ ਅਧਿਆਪਕਾਂ ਨੂੰ ਵਰਦੀ ਭੱਤਾ ਵੀ ਦਿੱਤਾ ਜਾਣਾ ਚਾਹੀਦਾ ਹੈ। ਸੰਘ ਨੇ ਸਰਕਾਰ ਤੋਂ ਇਸ ਸਬੰਧੀ ਜਲਦ ਸਪੱਸ਼ਟ ਨੀਤੀ ਬਣਾਉਣ ਅਤੇ ਵਰਦੀ ਭੱਤੇ ਦਾ ਐਲਾਨ ਕਰਨ ਦੀ ਮੰਗ ਕੀਤੀ।

ਪ੍ਰਵਕਤਾ ਸੰਘ ਨੇ ਹਿਮਾਚਲ ਪ੍ਰਦੇਸ਼ ਸਕੂਲ ਸਿੱਖਿਆ ਬੋਰਡ ਵੱਲੋਂ ਰਜਿਸਟ੍ਰੇਸ਼ਨ ਫੀਸ ਵਿੱਚ ਕੀਤੇ ਵਾਧੇ ’ਤੇ ਵੀ ਇਤਰਾਜ਼ ਜਤਾਇਆ। ਸੰਘ ਅਨੁਸਾਰ ਪਹਿਲਾਂ ਨੌਵੀਂ ਜਮਾਤ ਵਿੱਚ ਰਜਿਸਟ੍ਰੇਸ਼ਨ ਫੀਸ 50 ਰੁਪਏ ਲਈ ਜਾਂਦੀ ਸੀ, ਜਿਸ ਨੂੰ ਹੁਣ ਵਧਾ ਕੇ 200 ਰੁਪਏ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ 11ਵੀਂ ਜਮਾਤ ਵਿੱਚ ਵਿਦਿਆਰਥੀਆਂ ਤੋਂ ਮੁੜ ਰਜਿਸਟ੍ਰੇਸ਼ਨ ਫੀਸ ਲਏ ਜਾਣ ਦਾ ਵੀ ਸੰਘ ਨੇ ਵਿਰੋਧ ਕੀਤਾ। ਸੰਘ ਨੇ ਇਸ ਨੂੰ ਵਿਦਿਆਰਥੀਆਂ ਅਤੇ ਮਾਪਿਆਂ ’ਤੇ ਵਾਧੂ ਆਰਥਿਕ ਬੋਝ ਦੱਸਦਿਆਂ ਫੀਸ ਪ੍ਰਣਾਲੀ ’ਤੇ ਮੁੜ ਵਿਚਾਰ ਕਰਨ ਦੀ ਮੰਗ ਕੀਤੀ। ਸੰਘ ਨੇ ਹਿਮਾਚਲ ਪ੍ਰਦੇਸ਼ ਸਕੂਲ ਸਿੱਖਿਆ ਬੋਰਡ ਤੋਂ ਪਿਛਲੇ ਸਾਲ ਦਾ ਲੰਬਿਤ ਮਾਣਭੱਤਾ ਜਲਦ ਜਾਰੀ ਕਰਨ ਦੀ ਮੰਗ ਕੀਤੀ। ਇਸ ਵਿੱਚ ਉੱਤਰ-ਪੱਤਰੀਆਂ ਦੇ ਮੁਲਾਂਕਣ ਸਮੇਤ ਹੋਰ ਲੰਬਿਤ ਮਾਣਭੱਤੇ ਸ਼ਾਮਲ ਹਨ।

ਅਹੁਦੇਦਾਰਾਂ ਨੇ ਕਿਹਾ ਕਿ ਅਧਿਆਪਕਾਂ ਤੋਂ ਸਮੇਂ ਸਿਰ ਕੰਮ ਲਿਆ ਜਾਂਦਾ ਹੈ, ਇਸ ਲਈ ਉਨ੍ਹਾਂ ਦੇ ਲੰਬਿਤ ਭੁਗਤਾਨ ਵੀ ਨਿਰਧਾਰਤ ਸਮੇਂ ਅਨੁਸਾਰ ਜਾਰੀ ਕੀਤੇ ਜਾਣੇ ਚਾਹੀਦੇ ਹਨ। ਸੰਘ ਦੇ ਅਹੁਦੇਦਾਰਾਂ ਨੇ ਕਿਹਾ ਕਿ ਕਰਮਚਾਰੀਆਂ ਨਾਲ ਜੁੜੇ ਇਨ੍ਹਾਂ ਵਿੱਤੀ ਮਾਮਲਿਆਂ ਦਾ ਜਲਦ ਹੱਲ ਕੀਤਾ ਜਾਣਾ ਚਾਹੀਦਾ ਹੈ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਰਾਮਕੁਮਾਰ, ਯਸ਼ਪਾਲ ਧੀਮਾਨ, ਚੀਫ਼ ਪ੍ਰੈਸ ਸਕੱਤਰ ਸਤੀਸ਼ ਕਾਲੀਆ, ਬਲਾਕ ਹਰੋਲੀ ਸਲਾਹਕਾਰ ਰਵੀ ਰਾਣਾ, ਬਲਾਕ ਪ੍ਰਧਾਨ ਸੰਜੀਵ ਕੁਮਾਰ, ਮੀਤ ਪ੍ਰਧਾਨ ਰਾਜੀਵ ਕੁਮਾਰ, ਵੈੱਬ ਸਕੱਤਰ ਵਿਪਿਨ ਸ਼ਰਮਾ, ਵਾਈਸ ਪ੍ਰਧਾਨ ਸੰਦੀਪ ਧੀਮਾਨ, ਅਰੁਣ ਪਾਠਕ, ਸਾਂਝੇ ਸਕੱਤਰ ਰਾਕੇਸ਼ ਕੁਮਾਰ, ਜਥੇਬੰਦਕ ਸਕੱਤਰ ਪੂਨਮ ਬਹਰਾ, ਤਾਲਮੇਲ ਕਮੇਟੀ ਪ੍ਰਧਾਨ ਨਰੇਸ਼ ਸੈਣੀ, ਜ਼ਿਲ੍ਹਾ ਸਟੀਅਰਿੰਗ ਕਮੇਟੀ ਦੇ ਵਾਈਸ ਚੇਅਰਮੈਨ ਨਵੀਨ ਧੀਮਾਨ, ਸਿੱਖਿਆ ਬੋਰਡ ਕਮੇਟੀ ਦੇ ਵਾਈਸ ਚੇਅਰਮੈਨ ਸੁਭਾਸ਼ ਸੈਣੀ, ਪਰਫਾਰਮੈਂਸ ਰਿਵਿਊ ਕਮੇਟੀ ਦੇ ਚੇਅਰਮੈਨ ਗੁਰਮੀਤ ਸਿੰਘ, ਮੀਡੀਆ ਸਕੱਤਰ ਅੰਕੁਰ ਮਹੇ, ਰਵਿਸ਼ ਬੱਗਾ, ਧਰਮਿੰਦਰ ਚੌਧਰੀ ਸਮੇਤ ਪ੍ਰਵਕਤਾ ਕਮਲਜੀਤ ਸਿੰਘ, ਪੁਰਸ਼ੋਤਮ ਕੁਮਾਰ, ਪਵਨ ਬੱਗਾ, ਸੁਰਿੰਦਰ ਕੁਮਾਰ, ਰਾਹੁਲ ਲੱਠ, ਦਵਿੰਦਰ ਸਿੰਘ, ਬਲਜੀਤ ਸੈਣੀ, ਸੰਦੀਪ ਕੁਮਾਰ, ਸਰਬਜੀਤ, ਰੇਨੂ ਬਾਲਾ, ਅਵਿਨਾਸ਼ ਕੁਮਾਰ, ਅਨੀਤਾ ਗਿੱਲ ਸਮੇਤ ਹੋਰ ਮੈਂਬਰ ਮੌਜੂਦ ਰਹੇ।

ਸ.ਫ਼ਾ 1 ਦਾ ਬਾਕੀ...

ਵਿਦਿਆਰਥੀਆਂ ਵੱਲੋਂ ਪੁਲੀਸ...

ਨੁਮਾਇੰਦੇ ਸ਼ਾਮਲ ਹਨ। ਇਸ ਦੌਰਾਨ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਸੋਸ਼ਲ ਮੀਡੀਆ ’ਤੇ ਫੈਲਾਈਆਂ ਜਾ ਰਹੀਆਂ ਅਫਵਾਹਾਂ ਨੂੰ ਝੂਠੀਆਂ, ਬੇਬੁਨਿਆਦ ਅਤੇ ਮਨਘੜਤ ਦੱਸਿਆ ਹੈ ਅਤੇ ਕਿਹਾ ਹੈ ਕਿ ਇਹ ਗਲਤ ਜਾਣਕਾਰੀ ਬੇਲੋੜੀ ਉਲਝਣ ਪੈਦਾ ਕਰ ਰਹੀ ਹੈ ਅਤੇ ਯੂਨੀਵਰਸਿਟੀ ਦੇ ਸ਼ਾਂਤਮਈ ਮਾਹੌਲ ਨੂੰ ਖਰਾਬ ਕਰ ਰਹੀ ਹੈ।

ਰਜਿਸਟਰਾਰ ਮੋਨਿਕਾ ਗੁਲਾਟੀ ਵੱਲੋਂ ਜਾਰੀ ਇੱਕ ਬਿਆਨ ਵਿੱਚ, ਯੂਨੀਵਰਸਿਟੀ ਨੇ ਕਿਹਾ ਕਿ ਕੁਝ ‘ਸਮਾਜ ਵਿਰੋਧੀ ਅਨਸਰ÷ ਗੁੰਮਰਾਹਕੁੰਨ ਜਾਣਕਾਰੀ ਫੈਲਾ ਰਹੇ ਹਨ ਅਤੇ ਜਿਸ ਤਰੀਕੇ ਨਾਲ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ, ਉਹ ਸੰਸਥਾ ਦੇ ਅਕਸ ਨੂੰ ਖਰਾਬ ਕਰਨ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਜਾਪਦੀ ਹੈ।

ਯੂਨੀਵਰਸਿਟੀ ਨੇ ਸਪਸ਼ਟ ਤੌਰ ’ਤੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਫੈਲ ਰਹੀਆਂ ਅਫਵਾਹਾਂ ਵਿੱਚ ਕੋਈ ਸੱਚਾਈ ਨਹੀਂ ਹੈ। ਯੂਨੀਵਰਸਿਟੀ ਨੇ ਵਿਦਿਆਰਥੀਆਂ, ਮਾਪਿਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਪੁਸ਼ਟੀ ਕੀਤੀ ਜਾਣਕਾਰੀ ’ਤੇ ਵਿਸ਼ਵਾਸ ਨਾ ਕਰਨ ਜਾਂ ਉਸਨੂੰ ਅੱਗੇ ਨਾ ਫੈਲਾਉਣ।

ਬੇਅਦਬੀ ਕਰਨ ਵਾਲਿਆਂ...

ਦੀਆਂ ਭਾਵਨਾਵਾਂ ਦੇ ਅਨੁਕੂਲ ਹੁੰਦਿਆਂ ਇੱਕ ਸਾਰਥਕ ਨਤੀਜੇ ਵੱਲ ਵਧੇਗਾ। ਇਸ 7 ਮੈਂਬਰੀ ਕਮੇਟੀ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਵੱਲੋਂ ਬਾਬਾ ਸਾਹਿਬ ਸਿੰਘ, ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਜਸਟਿਸ (ਰਿਟਾ.) ਜਸਪਾਲ ਸਿੰਘ, ਜਸਟਿਸ (ਰਿਟਾ.) ਗੁਰਬੀਰ ਸਿੰਘ, ਆਈ.ਪੀ.ਐੱਸ. (ਰਿਟਾ.) ਜਤਿੰਦਰ ਸਿੰਘ ਔਲਖ ਅਤੇ ਕਾਨੂੰਨੀ ਅਫ਼ਸਰ ਪ੍ਰੀਤ ਇੰਦਰ ਪਾਲ ਸਿੰਘ ਸ਼ਾਮਲ ਸਨ।

ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਵੀਡੀਓ ਕਾਨਫ਼ਰੰਸਿੰਗ ਰਾਹੀਂ ਹਿੱਸਾ ਲਿਆ। ਇਸ ਤੋਂ ਇਲਾਵਾ ਪੰਜਾਬ ਬਿਊਰੋ ਆਫ਼ ਇਨਵੈਸਟੀਗੇਸ਼ਨ ਦੇ ਡਾਇਰੈਕਟਰ ਐੱਲ.ਕੇ. ਯਾਦਵ, ਐਡਵੋਕੇਟ ਜੀ.ਐੱਸ. ਘੁੰਮਣ, ਜੀ.ਪੀ.ਐੱਸ. ਘੁੰਮਣ ਅਤੇ ਹੋਰ ਉੱਚ ਅਧਿਕਾਰੀ ਵੀ ਮੌਜੂਦ ਸਨ।

ਅੱਜ ਤੋਂ ਬੈਂਕਾਂ...

ਅਤੇ ਐਕਸਿਸ ਬੈਂਕ ਵਰਗੇ ਨਵੀਂ ਪੀੜ੍ਹੀ ਦੇ ਨਿੱਜੀ ਬੈਂਕਾਂ ਦੀਆਂ ਸ਼ਾਖਾਵਾਂ ਇਨ੍ਹਾਂ ਤਿੰਨ ਦਿਨਾਂ ਦੌਰਾਨ ਖੁੱਲ੍ਹੀਆਂ ਰਹਿਣਗੀਆਂ। ਇਹ ਤਿੰਨ ਦਿਨਾਂ ਹੜਤਾਲ 11 ਸਤੰਬਰ ਨੂੰ ਆਯੋਜਿਤ ਇੱਕ ਦਿਨ ਦੀ ਰਾਸ਼ਟਰਵਿਆਪੀ ਹੜਤਾਲ ਤੋਂ ਬਾਅਦ ਕੀਤੀ ਜਾ ਰਹੀ ਹੈ।

ਜਨਤਕ ਖੇਤਰ ਦੇ ਜ਼ਿਆਦਾਤਰ ਬੈਂਕਾਂ ਅਤੇ ਹੋਰ ਵਿੱਤੀ ਸੰਸਥਾਵਾਂ ਨੇ ਆਪਣੇ ਗਾਹਕਾਂ ਨੂੰ ਹੜਤਾਲ ਅਤੇ ਉਸ ਨਾਲ ਹੋਣ ਵਾਲੀ ਸੰਭਾਵਿਤ ਅਸੁਵਿਧਾ ਬਾਰੇ ਦੱਸ ਦਿੱਤਾ ਹੈ।

‘ਮਨ ਕੀ ਬਾਤ’...

ਭਾਰਤ ਵੱਲ ਮਾੜੀ ਅੱਖ ਨਾਲ ਦੇਖਣ ਦੀ ਹਿੰਮਤ ਕੀਤੀ, ਤਾਂ ਉਨ੍ਹਾਂ ਨੂੰ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਵਰਲਡ ਟ੍ਰੇਡ ਸੈਂਟਰ ’ਤੇ 9/11 ਦੇ ਅਤਿਵਾਦੀ ਹਮਲੇ ਦੇ 25 ਸਾਲ ਪੂਰੇ ਹੋਣ ਨੂੰ ਵੀ ਯਾਦ ਕੀਤਾ। ਉਨ੍ਹਾਂ ਕਿਹਾ, ਜਿਹੜੇ ਮਾਸੂਮ ਲੋਕਾਂ ਨੇ ਆਪਣੀਆਂ ਜਾਨਾਂ ਗੁਆਈਆਂ, ਉਨ੍ਹਾਂ ਵਿੱਚ ਅਮਰੀਕੀਆਂ ਤੋਂ ਬਾਅਦ ਸਭ ਤੋਂ ਵੱਧ ਗਿਣਤੀ ਭਾਰਤੀਆਂ ਦੀ ਸੀ।

13 ਸਤੰਬਰ 2008 ਨੂੰ ਦਿੱਲੀ ਵਿੱਚ ਹੋਏ ਲੜੀਵਾਰ ਧਮਾਕਿਆਂ ਅਤੇ 26/11 ਦੇ ਮੁੰਬਈ ਅਤਿਵਾਦੀ ਹਮਲਿਆਂ ਨੂੰ ਯਾਦ ਕਰਦਿਆਂ ਮੋਦੀ ਨੇ ਕਿਹਾ ਕਿ ਇੱਕ ਸਮਾਂ ਸੀ ਜਦੋਂ ਦੇਸ਼ ਵਿੱਚ ਲੜੀਵਾਰ ਧਮਾਕੇ ਆਮ ਗੱਲ ਹੋ ਗਈ ਸੀ। ਉਨ੍ਹਾਂ ਕਿਹਾ ਕਿ ਅਤੀਤ ਵਿੱਚ ਅਤਿਵਾਦੀ ਹਮਲਿਆਂ ਤੋਂ ਬਾਅਦ ਪਾਕਿਸਤਾਨ ਖ਼ਿਲਾਫ਼ ਕਾਰਵਾਈ ਦੀਆਂ ਮੰਗਾਂ ਉਠਾਈਆਂ ਜਾਂਦੀਆਂ ਸਨ, ਪਰ ਅਜਿਹੀਆਂ ਮੰਗਾਂ ਵੱਲ ਅਕਸਰ ਬਣਦਾ ਧਿਆਨ ਨਹੀਂ ਦਿੱਤਾ ਜਾਂਦਾ ਸੀ। ਉਨ੍ਹਾਂ ਕਿਹਾ, ਅੱਜ, ਭਾਰਤ ਅਤਿਵਾਦ ਪ੍ਰਤੀ ਜ਼ੀਰੋ-ਟੌਲਰੈਂਸ (ਸਖ਼ਤ ਨੀਤੀ) ਦੀ ਪਾਲਣਾ ਕਰਦਾ ਹੈ, ਅਤੇ ਅਸੀਂ ਉਸਦੇ ਨਤੀਜੇ ਦੇਖ ਰਹੇ ਹਾਂ। ਮੋਦੀ ਨੇ ਇਹ ਵੀ ਦੱਸਿਆ ਕਿ ਮਰਦਮਸ਼ੁਮਾਰੀ ਦਾ ਪਹਿਲਾ ਪੜਾਅ ਲਗਪਗ ਪੂਰਾ ਹੋ ਚੁੱਕਿਆ ਹੈ। ਉਨ੍ਹਾਂ ਕਿਹਾ, ÷32 ਕਰੋੜ ਤੋਂ ਵੱਧ ਪਰਿਵਾਰਾਂ ਦਾ ਡਾਟਾ ਪਹਿਲਾਂ ਹੀ ਦਰਜ ਕੀਤਾ ਜਾ ਚੁੱਕਾ ਹੈ। ਇਸ ਸਮੇਂ ਲੱਦਾਖ, ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ ਅਤੇ ਉਤਰਾਖੰਡ ਦੇ ਦੁਰਘਟਨਾ-ਭਰੇ, ਬਰਫ਼ ਨਾਲ ਢੱਕੇ ਖੇਤਰਾਂ ਵਿੱਚ ਵੀ ਕੰਮ ਚੱਲ ਰਿਹਾ ਹੈ। ਇਨ੍ਹਾਂ ਖੇਤਰਾਂ ਵਿੱਚੋਂ ਕਈ ਪ੍ਰੇਰਨਾਦਾਇਕ ਤਜ਼ਰਬੇ ਸਾਹਮਣੇ ਆਏ ਹਨ।

0.4% ਐੱਮ.ਡੀ.ਆਰ....

ਐੱਮ.ਡੀ.ਆਰ. ਨਾਲ ਦੇਸ਼ ਭਰ ਦੇ ਛੋਟੇ ਮੋਬਾਈਲ ਦੁਕਾਨਦਾਰਾਂ ਉੱਤੇ ਪ੍ਰਤੀ ਮਹੀਨਾ ਲਗਭਗ 40 ਕਰੋੜ ਰੁਪਏ ਅਤੇ ਸਾਲਾਨਾ ਲਗਭਗ 500 ਕਰੋੜ ਰੁਪਏ ਦਾ ਅਸਹਿ ਬੋਝ ਪਵੇਗਾ। ਸਿੰਘ ਨੇ ਕਿਹਾ, ”ਜੇਕਰ ਅਸੀਂ ਡਿਜੀਟਲ ਭਾਰਤ ਚਾਹੁੰਦੇ ਹਾਂ, ਤਾਂ ਯੂ.ਪੀ.ਆਈ. ਉੱਤੇ ਐੱਮ.ਡੀ.ਆਰ. ਸਿਫ਼ਰ (0) ਹੀ ਰਹਿਣਾ ਚਾਹੀਦਾ ਹੈ। ਇਹ ਯੂ.ਪੀ.ਆਈ. ਜਾਂ ਡਿਜੀਟਲ ਭਾਰਤ ਦੇ ਖਿਲਾਫ ਕੋਈ ਵਿਰੋਧ ਨਹੀਂ ਹੈ। ਸਾਡੀ ਚਿੰਤਾ ਸਿਰਫ਼ ਡਿਜੀਟਲ ਭੁਗਤਾਨ ਸਵੀਕਾਰ ਕਰਨ ਵਾਲੇ ਕਾਰੋਬਾਰੀਆਂ ਉੱਤੇ ਪਾਏ ਜਾ ਰਹੇ ਵਾਧੂ ਵਿੱਤੀ ਬੋਝ ਨੂੰ ਲੈ ਕੇ ਹੈ। ਸਾਡੀ ਸਪੱਸ਼ਟ ਮੰਗ ਹੈ ਕਿ ਯੂ.ਪੀ.ਆਈ. ਨੂੰ ‘ਜ਼ੀਰੋ ਐੱਮ.ਡੀ.ਆਰ.’ ਢਾਂਚੇ ਦੇ ਤਹਿਤ ਹੀ ਜਾਰੀ ਰੱਖਿਆ ਜਾਣਾ ਚਾਹੀਦਾ ਹੈ।”

ਨੇਪਾਲ ਵਿੱਚ ਮੁੜ...

ਨੇਪਾਲ ਦੇ ਮਨਾਂਗ ਜ਼ਿਲ੍ਹੇ ਵਿੱਚ ਸਥਿਤ ਹਿਮਲੰਗ ਹਿਮਾਲ ਵਿਖੇ ਬਰਫੀਲੇ ਤੂਫ਼ਾਨ ਦੀ ਲਪੇਟ ਵਿੱਚ ਆਉਣ ਕਾਰਨ ਪਰਬਤਾਰੋਹੀਆਂ ਅਤੇ ਸਹਾਇਕ ਸਟਾਫ ਸਮੇਤ 10 ਲੋਕ ਲਾਪਤਾ ਹੋ ਗਏ ਹਨ। ‘ਐਕਸਪੀਡੀਸ਼ਨ ਆਪਰੇਟਰਜ਼ ਐਸੋਸੀਏਸ਼ਨ ਨੇਪਾਲ’ ਨੇ ਦੱਸਿਆ ਕਿ ਬਰਫੀਲੇ ਤੂਫ਼ਾਨ ਕਾਰਨ 7,126 ਮੀਟਰ ਉੱਚੀ ਚੋਟੀ ਦੇ ਬੇਸ ਕੈਂਪ ’ਤੇ ਲੱਗੇ ਤੰਬੂ ਬਰਫ ਹੇਠ ਦੱਬ ਗਏ। ‘ਹਿਮਾਲੀਅਨ ਹੋਲੀਡੇਜ਼ ਨੇਪਾਲ’ ਦੇ ਅੱਠ ਅਤੇ ‘ਇਮੈਜਿਨ ਨੇਪਾਲ ਟ੍ਰੇਕਸ’ ਦੇ ਦੋ ਵਿਅਕਤੀਆਂ ਨਾਲ ਸੰਪਰਕ ਟੁੱਟ ਗਿਆ ਹੈ। ਸੈਰ-ਸਪਾਟਾ ਵਿਭਾਗ ਦੇ ਡਾਇਰੈਕਟਰ ਜਨਰਲ ਰਾਮ ਕ੍ਰਿਸ਼ਨ ਲਾਮਿਛਾਨੇ ਨੇ ਕਿਹਾ ਕਿ ਅਧਿਕਾਰੀ ਸਥਿਤੀ ’ਤੇ ਨੇੜਿਓਂ ਨਜ਼ਰ ਰੱਖ ਰਹੇ ਹਨ ਅਤੇ ਲਾਪਤਾ ਵਿਅਕਤੀਆਂ ਦਾ ਪਤਾ ਲਗਾਉਣ ਤੇ ਉਨ੍ਹਾਂ ਨੂੰ ਬਚਾਉਣ ਲਈ ਯਤਨ ਜਾਰੀ ਹਨ। ਲਾਪਤਾ ਵਿਅਕਤੀਆਂ ਦੀ ਪਛਾਣ ਅਜੇ ਤੱਕ ਸਪੱਸ਼ਟ ਨਹੀਂ ਹੋਈ ਹੈ। ਇਹ ਘਟਨਾ ਨੇਪਾਲ ਦੇ ਪਹਾੜੀ ਜ਼ਿਲ੍ਹਿਆਂ ਵਿੱਚ ਲਗਾਤਾਰ ਹੋ ਰਹੀ ਬਾਰਿਸ਼ ਅਤੇ ਬਰਫਬਾਰੀ ਦੌਰਾਨ ਵਾਪਰੀ ਹੈ, ਜਿਸ ਕਾਰਨ ਕਈ ਇਲਾਕਿਆਂ ਵਿੱਚ ਜ਼ਮੀਨ ਖਿਸਕਣ ਅਤੇ ਹੜ੍ਹ ਵਰਗੇ ਹਾਲਾਤ ਪੈਦਾ ਹੋ ਗਏ ਹਨ।

ਸਾਬਕਾ ਈ.ਡੀ....

ਅਤੇ ਪੰਜਾਬ ਪੁਲੀਸ ਦੇ ਸਾਬਕਾ ਡੀਐੱਸਪੀ ਬਲਵਿੰਦਰ ਸਿੰਘ ਸੇਖੋਂ ਨੇ ਚੰਡੀਗੜ੍ਹ ਵਿਖੇ ਅਕਾਲੀ ਦਲ ‘ਵਾਰਿਸ ਪੰਜਾਬ ਦੇ’ ਨੂੰ 23 ਸਤੰਬਰ ਨੂੰ ਰਸਮੀ ਤੌਰ ’ਤੇ ਜੁਆਇਨ ਕੀਤਾ ਸੀ। ਚਰਚੇ ਸਨ ਕਿ ਪਾਰਟੀ ਵੱਲੋਂ ਨਿਰੰਜਨ ਸਿੰਘ ਨੂੰ ਹਲਕਾ ਕਰਤਾਰਪੁਰ ਤੋਂ ਵਿਧਾਨ ਸਭਾ ਚੋਣਾਂ ਵਿੱਚ ਉਤਾਰੇ ਜਾਣ ਦੀ ਤਿਆਰੀ ਸੀ। ਜਾਣਕਾਰੀ ਅਨੁਸਾਰ ਇਸ ਪਾਰਟੀ ਵਿੱਚ ਸ਼ਮੂਲੀਅਤ ਮਗਰੋਂ ਸੋਸ਼ਲ ਮੀਡੀਆ ’ਤੇ ਨਿਰੰਜਨ ਸਿੰਘ ਖ਼ਿਲਾਫ਼ ਆਵਾਜ਼ ਵੀ ਭੜਕੀ ਸੀ।

ਅੰਬਾਲਾ ’ਚ ਨਿਰਮਾਣ...

ਪ੍ਰਧਾਨ ਮਨਦੀਪ ਰਾਣਾ ਮੌਕੇ ’ਤੇ ਪਹੁੰਚ ਗਏ ਹਨ। ਚਾਰਾਂ ਮ੍ਰਿਤਕਾਂ ਦੀ ਪਛਾਣ ਹੋ ਗਈ ਹੈ। ਰਾਜੇਂਦਰ ਅੰਬਾਲਾ ਦੇ ਸੋਂਡਾ ਪਿੰਡ ਦਾ ਰਹਿਣ ਵਾਲਾ ਸੀ, ਜਦੋਂ ਕਿ ਕਾਲੀਆ ਉੱਤਰ ਪ੍ਰਦੇਸ਼ ਦੇ ਬਾਰਾਬੰਕੀ ਦਾ ਰਹਿਣ ਵਾਲਾ ਸੀ। ਤੀਜੇ ਮ੍ਰਿਤਕ ਦੀ ਪਛਾਣ ਉੱਤਰ ਪ੍ਰਦੇਸ਼ ਦੇ ਬਹਿਰਾਈਚ ਦੇ 50 ਸਾਲਾ ਸ਼ਾਸਤਰੀ ਵਜੋਂ ਹੋਈ ਹੈ। ਚੌਥੇ ਮ੍ਰਿਤਕ ਦੀ ਪਛਾਣ ਰੂਪ ਸਿੰਘ ਵਜੋਂ ਹੋਈ ਹੈ, ਜੋ ਪੰਜਾਬ ਦੇ ਡਾਂਗ ਡੇਰਾ ਪਿੰਡ ਦਾ ਰਹਿਣ ਵਾਲਾ ਹੈ। ਬਚਾਅ ਕਾਰਜ ਨੂੰ ਸੁਚਾਰੂ ਬਣਾਉਣ ਲਈ ਵਿਕਲਪਿਕ ਰੋਸ਼ਨੀ ਦਾ ਪ੍ਰਬੰਧ ਕੀਤਾ ਗਿਆ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ 1 ਜਨਵਰੀ 2026 ਤੋਂ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਤੁਰੰਤ ਕੀਤੀ ਜਾਵੇ

- **ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਨੂੰ ਪੱਤਰ ਲਿਖਕੇ ਕੀਤੀ ਮੰਗ**



**ਪੈ.ਗਾਮ-ਏ-ਜਗਤ/ਕੋਟਕਪੂਰਾ
27 ਸਤੰਬਰ (ਸ਼ਿਵਨਾਥ)**

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ ਅਤੇ ਸੂਬਾ ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਨਾਂ ਇੱਕ ਪੱਤਰ ਲਿਖਕੇ ਮੰਗ ਕੀਤੀ ਹੈ ਕਿ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਤੁਰੰਤ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ ਤੇ ਇਸ ਦੀ ਰਿਪੋਰਟ 1 ਜਨਵਰੀ 2026 ਤੋਂ ਲਾਗੂ ਕੀਤੀ ਜਾਵੇ।

ਇਸ ਪੱਤਰ ਵਿੱਚ ਲਿਖਿਆ ਗਿਆ ਹੈ ਕਿ ਪੰਜਾਬ ਵਿੱਚ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਆਪਣੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ ਦੀ ਸਧਾਈ ਲਈ ਸਾਲ 1968, 1978, 1986, 1996,2006 ਅਤੇ ਸਾਲ 2016 ਵਿੱਚ ਕ੍ਰਮਵਾਰ ਪਹਿਲਾ ਦੂਜਾ ,ਤੀਜਾ, ,ਚੌਥਾ, ਪੰਜਵਾਂ ਅਤੇ ਛੇਵਾਂ ਤਨਖਾਹ ਕਮਿਸ਼ਨ ਸਥਾਪਿਤ ਕਰਕੇ ਲਾਗੂ ਕੀਤੇ ਜਾ ਚੁੱਕੇ ਹਨ। ਇਹ ਵਿਸ਼ੇਸ਼ ਤੌਰ ਤੇ ਜ਼ਿਕਰਯੋਗ ਹੈ ਕਿ ਇੱਕ ਪਾਸੇ ਕੇਂਦਰ ਸਰਕਾਰ ਵੱਲੋਂ ਆਪਣੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਤਨਖ਼ਾਹਾਂ ਅਤੇ ਪੈਨਸ਼ਨਾਂ ਦੀ ਮਿਤੀ 1 ਜਨਵਰੀ 2026 ਤੋਂ ਸੁਧਾਈ ਕਰਨ ਲਈ ਅੱਠਵੇਂ ਕੇਂਦਰੀ ਤਨਖਾਹ ਕਮਿਸ਼ਨ ਦੀ ਸਥਾਪਨਾਂ ਕੀਤੀ ਹੋਈ ਹੈ ਅਤੇ ਇਸ ਕਮਿਸ਼ਨ ਨੇ ਪਿਛਲੇ ਕਾਫੀ ਸਮੇਂ ਤੋਂ ਆਪਣਾ ਕੰਮ ਕਰਨਾ ਵੀ ਸ਼ੁਰੂ ਕੀਤਾ ਹੋਇਆ ਹੈ। ਦੂਸਰੇ ਪਾਸੇ ਪੰਜਾਬ ਦੀ ਹੁਕਮਰਾਨ ਭਗਵੰਤ ਮਾਨ ਸਰਕਾਰ ਆਪਣੇ ਸਾਢੇ ਚਾਰ ਸਾਲਾਂ ਦੇ ਰਾਜਭਾਗ ਦੌਰਾਨ ਹੁਣ ਤੱਕ ਮਿਤੀ 1 ਜਨਵਰੀ 2016 ਤੋਂ ਲਾਗੂ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦਾ ਬਣਦਾ ਸਾਰਾ ਬਕਾਇਆ ਆਪਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਦੇਣ ਵਿੱਚ ਬੁਰੀ ਤਰ੍ਹਾਂ ਅਸਫਲ ਸਿੱਧ ਹੋਈ ਹੈ। ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਨਾਂਹ ਪੱਖੀ ਪਹੁੰਚ ਦੀ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਵਿੱਚ ਵਿਆਪਕ ਨਿਖੇਧੀ ਹੋ ਰਹੀ ਹੈ ਅਤੇ ਪੰਜਾਬ ਸਰਕਾਰ ਖ਼?ਲਾਫ ਸੰਘਰਸ਼ ਵੀ ਦਿਨੋ ਦਿਨ ਤਿੱਖਾ ਹੋ ਰਿਹਾ ਹੈ। ਆਗੂਆਂ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਤੁਰੰਤ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕੀਤੀ ਜਾਵੇ ਅਤੇ ਇਸ ਦੀ ਰਿਪੋਰਟ ਮਿਤੀ 1 ਜਨਵਰੀ 2026 ਤੋਂ ਲਾਗੂ ਕੀਤੀ ਜਾਵੇ।

11 ਸਾਲਾਂ ਤੋਂ ਉਪ ਵੈਦ ਦੀਆਂ ਪੋਸਟਾਂ ਨਾ ਕੱਢੇ ਜਾਣ ਤੇ ਕੀਤਾ ਰੋਸ ਪ੍ਰਦਰਸ਼ਨ



**ਪਟਿਆਲ, 27 ਸਤੰਬਰ
(ਪੈ.ਗਾਮ-ਏ-ਜਗਤ)**

27 ਸਤੰਬਰ ਨੂੰ ਉਪਵੈਦ ਬੇਰੁਜ਼ਗਾਰ ਯੂਨੀਅਨ ਵੱਲੋਂ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੀ ਕੋਠੀ ਦਾ ਘਿਰਾਓ ਕੀਤਾ ਗਿਆ 11 ਸਾਲਾਂ ਤੋਂ ਉਪ ਵੈਦ ਦੀਆਂ ਪੋਸਟਾਂ ਨਾ ਕੱਢੇ ਜਾਣ ਤੇ ਰੋਸ ਪ੍ਰਦਰਸ਼ਨ ਜ਼ਾਹਿਰ ਕੀਤਾ ਇਸ ਮੌਕੇ ਪਟਿਆਲਾ ਦੇ ਤਹਿਸੀਲਦਾਰ ਗਗਨਦੀਪ ਸਿੰਘ ਜੀ ਵੱਲੋਂ 1-10-2026 ਨੂੰ ਸਿਹਤ ਮੰਤਰੀ ਨਾਲ ਪੈਨਲ ਮੀਟਿੰਗ ਦਾ ਪ੍ਰੋਗਰਾਮ ਯੂਨੀਅਨ ਨੂੰ ਲਿਖਤੀ ਰੂਪ ਵਿੱਚ ਪੱਤਰ ਦਿੱਤਾ ਗਿਆ ਅਤੇ ਭਰੋਸਾ ਦਵਾਇਆ ਜਲਦ ਹੀ ਪੋਸਟਾਂ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ ਇਸ ਮੌਕੇ ਯੂਨੀਅਨ ਦੇ ਵੱਖ ਵੱਖ ਆਗੂ ਹਰਵਿੰਦਰ ਸਿੰਘ ਬੂਹੀ ਸੂਬਾ ਪ੍ਰਧਾਨ ਰਵਿੰਦਰ ਸਿੰਘ ਘੱਗਾ ਸੂਬਾ ਮੀਤ ਪ੍ਰਧਾਨ ਅਵੀ ਕੁਮਾਰ ਫਾਜ਼ਿਲਕਾ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਬਠਿੰਡਾ ਸੁਮਨ, ਜੋਤੀ ਰਾਣੀ, ਰਿੰਪੀ ਰਾਣੀ ਆਦਿ ਹਾਜਿਰ ਅਤੇ ਸਮੂਹ ਯੂਨੀਅਨ ਦੇ ਪ੍ਰਧਾਨਾ ਅਤੇ ਸਾਥੀਆਂ ਨੇ ਰੋਸ ਪ੍ਰਦਰਸ਼ਨ ਦੌਰਾਨ ਇਹ ਚੇਤਾਵਨੀ ਵੀ ਦਿੱਤੀ ਹੈ ਜੇਕਰ 1-10-2026 ਨੂੰ ਸਿਹਤ ਮੰਤਰੀ ਪੈਨਲ ਮੀਟਿੰਗ ਵਿੱਚ ਪੋਸਟਾਂ ਦੇ ਨੋਟੀਫਿਕੇਸ਼ਨ ਜਾਰੀ ਕਰਵਾਉਣ ਦਾ ਫ਼ੈਸਲਾ ਨਹੀਂ ਲੈਂਦੇ ਤਾਂ ਆਉਣ ਵਾਲੇ ਦਿਨਾਂ ਵਿਚ ਯੂਨੀਅਨ ਵੱਲੋਂ ਸਿਹਤ ਮੰਤਰੀ ਖਿਲਾਫ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ

ਸੀ.ਪੀ.ਆਈ.ਐਮ. ਤਹਿਸੀਲ ਗੜ੍ਹਸ਼ੰਕਰ ਵੱਲੋਂ ਗੜ੍ਹਸ਼ੰਕਰ ਵਿਖੇ ਮੁੱਖ ਚੋਣ ਕਮਿਸ਼ਨਰ ਦਾ ਪੁੱਤਲਾ ਫੂਕਿਆ



**ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)**

ਇੱਥੇ ਸੀ.ਪੀ.ਆਈ.ਐਮ. ਵਲੋਂ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ ਗਿਆ ਇਸ ਮੌਕੇ ਗੁਰਨੇਕ ਸਿੰਘ ਭੱਜਲ ਦਰਸ਼ਨ ਸਿੰਘ ਮੱਟੂ ਮਹਿੰਦਰ ਕੁਮਾਰ ਬੱਡੋਆਣ ਕੁਲਵਿੰਦਰ ਸਿੰਘ ਸੰਘਾ ਨੇਂ ਕਿਹਾ ਕਿ ਭਾਰਤ ਦਾ ਚੋਣ ਕਮਿਸ਼ਨਰ ਵੱਲੋਂ ਵੋਟਾਂ ਵਿੱਚ ਧਾਂਦਲੀਆਂ ਕੀਤੀਆਂ ਜਾ ਰਹੀਆਂ ਹਨ ਦੇਸ਼ ਵਿਚ 96.88 ਕਰੋੜ ਵੋਟਾਂ ਕੱਟ ਦਿੱਤੀਆਂ ਗਈਆਂ ਜੋ ਕਿ ਵੋਟਾਂ ਦਾ 14 ਪਰਸੈਂਟ ਬਣਦਾ ਹੈ ਇਸ ਕਰਕੇ ਦੋ ਅਮਿਤ ਸ਼ਾਹ 50 ਸਾਲ ਰਾਜ ਕਰਨ ਦੀਆਂ ਗੱਲਾਂ ਕਰਦਾ ਹੈ ਇਸੇ ਹੀ ਅਧਾਰ ਤੇ ਕਿਹ ਰਿਹਾ ਜੋ 6 ਨੰਬਰ ਫਾਰਮ ਬਣਾਇਆ ਹੈ ਉਸ ਵਿੱਚ ਮਦ ਹੀ ਇਸ ਤਰਾ ਦੀ ਬਣਾ ਦਿੱਤੀ ਨਵੀਂ ਵੋਟ ਬਣਾਉਣ ਵਾਲੇ ਕੋਲੋਂ 2003 ਦਾ ਸਬੂਤ ਮੰਗਿਆ ਜਾ ਰਿਹਾ ਹੈ ਜੋ ਕਿ ਗੈਰ ਸੰਵਿਧਾਨਕ ਹੈ ਮੋਦੀ ਸ਼ਾਹ ਸਵਿਧਾਨ ਨੂੰ ਖਤਮ ਕਰਕੇ ਮਨੂ ਸਿਮਰਤੀ ਲਾਗੂ ਕਰਨਾ ਚਾਹੁੰਦੇ ਹਨ ਖੱਬੀਆਂ ਪਾਰਟੀਆਂ ਇਨਸਾਫ ਪਸੰਦ ਲੋਕ ਇਹਨਾਂ ਦੇ ਮਨਸੂਬੇ ਸਫਲ ਨਹੀਂ ਹੋਣ ਦੇਣਗੇ ਇਸ ਮੌਕੇ ਸੁਭਾਸ਼ ਮੱਟੂ ਅਤੇ ਉਪਰੋਕਤ ਆਗੂਆਂ ਨੇ ਸਾਰੇ ਸਾਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ 6ਅਕਤੂਬਰ ਨੂੰ ਜੈ ਕਿਸ਼ਨ ਸਿੰਘ ਰੋੜੀ ਦੇ ਘਰ ਦੇ ਅੱਗੇ ਧਰਨਾਂ ਲਾ ਕੇ ਮਜ਼ਦੂਰਾਂ ਕਿਸਾਨਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਜਾਣਗੇ ਵਹੀਰਾਂ ਘੱਤ ਕੇ ਪਹੁੰਚੋ ਇਸ ਮੌਕੇ ਸੁਖਵਿੰਦਰ ਕੌਰ ਬਲਦੇਵ ਰਾਜ ਜਗਮੋਹਨ ਕੌਰ ਕਿਸ਼ਨ ਸਿੰਘ ਬਲਵੀਰ ਸਿੰਘ ਨੇਂ ਸਬੋਧਨ ਕੀਤਾ।


ਮੋਹਾਲੀ ਵਿੱਚ 29 ਸਤੰਬਰ ਦੀ ਸ਼ਾਮ ਅਸਮਾਨ 'ਚ ਉੱਡਣਗੇ 500 ਡਰੋਨ

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਤੇ ਸਿੱਖਿਆਵਾਂ ਦੀ ਹੋਵੇਗੀ ਵਿਲੱਖਣ ਪੇਸ਼ਕਾਰੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ,
27 ਸਤੰਬਰ (ਪੈ.ਗਾਮ-ਏ-ਜਗਤ)**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਤਹਿਤ 29 ਸਤੰਬਰ, ਦਿਨ ਮੰਗਲਵਾਰ ਨੂੰ ਸ਼ਾਮ 6:30 ਵਜੇ ਅਮਿਟੀ ਇੰਟਰਨੈਸ਼ਨਲ ਸਕੂਲ, ਸੈਕਟਰ-79, ਮੋਹਾਲੀ ਦੇ

- **ਡਿਪਟੀ ਕਮਿਸ਼ਨਰ ਵੱਲੋਂ ਡਰੋਨ ਸ਼ੋਅ ਦੇ ਸੁਚੱਜੇ ਪ੍ਰਬੰਧਾਂ ਲਈ ਅਧਿਕਾਰੀਆਂ ਨੂੰ ਡਿਊਟੀਆਂ ਸੌਂਪੀਆਂ**
- **ਐਮ.ਐਲ.ਏ. ਕੁਲਵੰਤ ਸਿੰਘ ਵੱਲੋਂ ਪਰਿਵਾਰਾਂ ਤੇ ਬੱਚਿਆਂ ਸਮੇਤ ਸ਼ੋਅ ਦਾ ਆਨੰਦ ਮਾਣਨ ਦੀ ਅਪੀਲ**



ਸਾਹਮਣੇ ਸਥਿਤ ਦੁਸਹਿਰਾ ਗਰਾਊਂਡ ਵਿਖੇ ਵਿਸ਼ੇਸ਼ ਡਰੋਨ ਸ਼ੋਅ ਕਰਵਾਇਆ ਜਾ ਰਿਹਾ ਹੈ। ਇਸ ਵਿਲੱਖਣ ਪੇਸ਼ਕਾਰੀ ਦੌਰਾਨ ਅਸਮਾਨ ਵਿੱਚ ਰੌਸ਼ਨੀਆਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਹਾਨ ਜੀਵਨ, ਬਾਣੀ ਅਤੇ ਸਿੱਖਿਆਵਾਂ ਨੂੰ ਦਰਸ਼ਕਾਂ ਸਾਹਮਣੇ ਪੇਸ਼ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਡਰੋਨ ਸ਼ੋਅ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਜ਼ਿਲ੍ਹੇ ਦੇ ਵੱਖ-ਵੱਖ ਅਧਿਕਾਰੀਆਂ ਨੂੰ ਲੋੜੀਂਦੀਆਂ ਡਿਊਟੀਆਂ ਸੌਂਪੀਆਂ ਹਨ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵੱਡੀ ਗਿਣਤੀ ਵਿੱਚ ਪਹੁੰਚਣ ਵਾਲੀ ਸੰਗਤ ਅਤੇ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸਾਰੇ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ ਅਤੇ ਸਮਾਗਮ ਦੌਰਾਨ ਕਿਸੇ ਕਿਸਮ ਦੀ ਅਸੁਵਿਧਾ ਨਾ ਆਉਣ ਦਿੱਤੀ ਜਾਵੇ।

ਉਨ੍ਹਾਂ ਦੱਸਿਆ ਕਿ ਲਗਭਗ 500 ਡਰੋਨ ਇਕੋ ਸਮੇਂ ਅਸਮਾਨ ਵਿੱਚ ਉਡਾਣ ਭਰਦੇ ਹੋਏ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਮਹਾਨ ਸਿੱਖਿਆਵਾਂ 'ਤੇ ਆਧਾਰਿਤ ਵਿਲੱਖਣ ਦ੍ਰਿਸ਼ ਪੇਸ਼ ਕਰਨਗੇ। ਉਨ੍ਹਾਂ ਕਿਹਾ ਕਿ ਇਹ ਡਰੋਨ ਸ਼ੋਅ ਸੰਗਤ ਅਤੇ ਇਲਾਕਾ ਵਾਸੀਆਂ ਲਈ ਇੱਕ ਯਾਦਗਾਰ ਅਨੁਭਵ ਹੋਵੇਗਾ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪੁਲਿਸ ਨੂੰ ਸਮਾਗਮ ਦੌਰਾਨ ਸੁਰੱਖਿਆ ਦੇ ਪੁਖਤਾ ਪ੍ਰਬੰਧ ਕਰਨ, ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਪਾਰਕਿੰਗ ਦੀ ਢੁੱਕਵੀਂ ਵਿਵਸਥਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਭੀੜ ਪ੍ਰਬੰਧਨ ਅਤੇ ਆਵਾਜਾਈ ਸਬੰਧੀ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਐਸ.ਡੀ.ਐਮ. ਮੋਹਾਲੀ ਸ੍ਰੀਮਤੀ ਦਮਨਦੀਪ ਕੌਰ ਨੂੰ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਦਰਸ਼ਕਾਂ ਲਈ ਪੀਣ ਵਾਲੇ ਸਾਫ਼ ਪਾਣੀ, ਲੰਗਰ, ਬੈਠਣ ਦੀ ਵਿਵਸਥਾ, ਮੈਡੀਕਲ ਟੀਮਾਂ, ਗਰਾਊਂਡ ਦੀ ਸਫ਼ਾਈ ਅਤੇ ਨਿਰਵਿਘਨ ਬਿਜਲੀ ਸਪਲਾਈ ਸਮੇਤ ਹੋਰ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ। ਇਸੇ ਦੌਰਾਨ ਐਮ.ਐਲ.ਏ. ਸ੍ਰੀ ਕੁਲਵੰਤ ਸਿੰਘ ਨੇ ਮੋਹਾਲੀ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਇਸ ਵਿਸ਼ੇਸ਼ ਡਰੋਨ ਸ਼ੋਅ ਵਿੱਚ ਸ਼ਾਮਲ ਹੋਣ। ਉਨ੍ਹਾਂ ਕਿਹਾ ਕਿ ਇਹ ਪੇਸ਼ਕਾਰੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਮਹਾਨ ਜੀਵਨ, ਬਾਣੀ ਅਤੇ ਮਨੁੱਖਤਾ ਨੂੰ ਬਰਾਬਰੀ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦੇਣ ਵਾਲੀਆਂ ਸਿੱਖਿਆਵਾਂ ਨੂੰ ਯਾਦ ਕਰਨ ਦਾ ਵਿਲੱਖਣ ਮੌਕਾ ਹੋਵੇਗੀ।

ਡਿਪਟੀ ਸਪੀਕਰ ਰੌੜੀ ਵੱਲੋਂ ਗੜ੍ਹੀ ਮਾਨਸੋਵਾਲ ਅਤੇ ਭਵਾਨੀਪੁਰ 'ਚ ਲਾਭਪਾਤਰੀਆਂ ਨੂੰ ਵੰਡੇ ਸਿਹਤ ਕਾਰਡ, 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ





**ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)**

ਗੜ੍ਹਸ਼ੰਕਰ ਹਲਕੇ ਦੇ ਪਿੰਡ ਗੜ੍ਹੀ ਮਾਨਸੋਵਾਲ ਅਤੇ ਭਵਾਨੀਪੁਰ ਵਿਖੇ ਲੋਕਾਂ ਨੂੰ ਸਿਹਤ ਸਹੂਲਤਾਂ ਨਾਲ ਜੋੜਨ ਲਈ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਯੋਗ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ ਗਏ। ਇਸ ਮੌਕੇ ਦੋਵਾਂ ਪਿੰਡਾਂ ਦੇ ਵਸਨੀਕਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ।

ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਸਿਹਤ ਹਰ ਪਰਿਵਾਰ ਦੀ ਮੁੱਢਲੀ ਲੋੜ ਹੈ ਅਤੇ ਸਰਕਾਰ ਦਾ ਉਦੇਸ਼ ਯੋਗ ਲਾਭਪਾਤਰੀਆਂ ਤੱਕ ਸਿਹਤ ਸਹੂਲਤਾਂ ਦੀ ਪਹੁੰਚ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਯੋਗ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ, ਜਿਸ ਨਾਲ ਇਲਾਜ ਦੀ ਲੋੜ ਪੈਣ 'ਤੇ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਮਿਲ ਸਕੇਗੀ।


ਉਨ੍ਹਾਂ ਕਿਹਾ ਕਿ ਸਿਹਤ ਕਾਰਡ ਰਾਹੀਂ ਯੋਗ ਲਾਭਪਾਤਰੀ ਯੋਜਨਾ ਅਧੀਨ ਨਿਰਧਾਰਤ ਸਿਹਤ ਸੰਸਥਾਵਾਂ ਵਿੱਚ ਉਪਲਬਧ ਇਲਾਜ ਸਹੂਲਤਾਂ ਦਾ ਲਾਭ ਲੈ ਸਕਣਗੇ। ਉਨ੍ਹਾਂ ਨੇ ਲੋਕਾਂ ਨੂੰ ਸਰਕਾਰੀ ਸਿਹਤ ਯੋਜਨਾਵਾਂ ਬਾਰੇ ਜਾਣਕਾਰੀ ਹਾਸਲ ਕਰਨ ਅਤੇ ਆਪਣੀ ਯੋਗਤਾ ਅਨੁਸਾਰ ਉਪਲਬਧ ਸਹੂਲਤਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।

ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਸਿਹਤ ਸੇਵਾਵਾਂ ਨੂੰ ਪਿੰਡ ਪੱਧਰ ਤੱਕ ਪਹੁੰਚਾਉਣਾ ਬਹੁਤ ਜ਼ਰੂਰੀ ਹੈ। ਪਿੰਡਾਂ ਦੇ ਲੋਕਾਂ ਨੂੰ ਜੇਕਰ ਆਪਣੇ ਨੇੜੇ ਹੀ ਸਰਕਾਰੀ ਯੋਜਨਾਵਾਂ ਅਤੇ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਅਤੇ ਸਹਾਇਤਾ ਮਿਲੇ ਤਾਂ ਇਸ ਨਾਲ ਯੋਗ ਪਰਿਵਾਰਾਂ ਨੂੰ ਆਪਣਾ ਹੱਕ ਪ੍ਰਾਪਤ ਕਰਨ ਵਿੱਚ ਸਹੂਲਤ ਹੁੰਦੀ ਹੈ। ਇਸ ਦੌਰਾਨ ਉਨ੍ਹਾਂ ਨੇ ਗੜ੍ਹੀ ਮਾਨਸੋਵਾਲ ਅਤੇ ਭਵਾਨੀਪੁਰ ਦੇ ਪਿੰਡ ਵਾਸੀਆਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਲੋਕਾਂ ਵੱਲੋਂ ਸਿਹਤ ਤੋਂ ਇਲਾਵਾ ਪਿੰਡਾਂ ਨਾਲ ਸਬੰਧਤ ਵੱਖ-ਵੱਖ ਮੰਗਾਂ ਅਤੇ ਸਥਾਨਕ ਮਸਲੇ ਵੀ ਡਿਪਟੀ ਸਪੀਕਰ ਦੇ ਧਿਆਨ ਵਿੱਚ ਲਿਆਂਦੇ ਗਏ। ਸ. ਰੌੜੀ ਨੇ ਕਿਹਾ ਕਿ ਜਾਇਜ਼ ਮੰਗਾਂ ਨੂੰ ਸਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ।

ਉਨ੍ਹਾਂ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੇ ਪਿੰਡਾਂ ਵਿੱਚ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜ ਵੀ ਕਰਵਾਏ ਜਾ ਰਹੇ ਹਨ। ਸੜਕਾਂ, ਪੀਣ ਵਾਲਾ ਪਾਣੀ, ਨਿਕਾਸੀ ਪ੍ਰਬੰਧ, ਸਟਰੀਟ ਲਾਈਟਾਂ, ਖੇਡ ਸਹੂਲਤਾਂ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਤ ਕੰਮਾਂ ਨੂੰ ਵੀ ਤਰਜੀਹ ਦਿੱਤੀ ਜਾ ਰਹੀ ਹੈ। ਪਿੰਡ ਵਾਸੀਆਂ ਨੇ ਸਿਹਤ ਕਾਰਡ ਵੰਡਣ ਅਤੇ ਸਿਹਤ ਸਹੂਲਤਾਂ ਨਾਲ ਸਬੰਧਤ ਜਾਣਕਾਰੀ ਦੇਣ ਲਈ ਡਿਪਟੀ ਸਪੀਕਰ ਰੌੜੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਯੋਜਨਾ ਤਹਿਤ ਮਿਲਣ ਵਾਲਾ ਲਾਭ ਯੋਗ ਅਤੇ ਲੋੜਵੰਦ ਪਰਿਵਾਰਾਂ ਲਈ ਸਹਾਇਕ ਹੋ ਸਕਦਾ ਹੈ। ਇਸ ਮੌਕੇ ਪੰਚਾਇਤ ਮੈਂਬਰ, ਪਾਰਟੀ ਆਗੂ ਤੇ ਵਰਕਰ, ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਦੋਵਾਂ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਵਸਨੀਕ ਹਾਜ਼ਰ ਸਨ।

ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਦਾ ਉਪਰਾਲਾ

ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਬੰਦ ਕਰਨ ਅਤੇ ਕੱਪੜੇ/ਜੂਟ ਦੇ ਥੈਲਿਆਂ ਨੂੰ ਅਪਣਾਉਣ ਦੀ ਅਪੀਲ



**ਪਟਿਆਲਾ, 27 ਸਤੰਬਰ
(ਪੈ.ਗਾਮ-ਏ-ਜਗਤ)**

ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਪਿਛਲੇ 20 ਸਾਲਾਂ ਤੋਂ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ। ਹੁਣ ਤੱਕ ਡੇਢ ਲੱਖ ਤੋਂ ਉਪਰ ਸਬਜੀ ਮੰਡੀ ਅਤੇ ਹੋਰ ਥਾਵਾਂ ਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਹੈ। ਕਾਫੀ ਲੋਕ ਸਬਜੀ ਲੈਣ ਲਈ ਹੁਣ ਲੋਕ ਥੈਲੇ ਦੀ ਵਰਤੋ ਕਰਨ ਲਗ ਪਏ ਹਨ। ਇਹ ਵਿਚਾਰ ਹੈਡ ਪੋਸਟ ਆਫਿਸ ਦੇ ਸੀਨੀਅਰ ਪੋਸਟ ਮਾਸਟਰ ਹਰਜੀਤ ਸਿੰਘ ਨੇ ਪੋਸਟਲ ਐਡਵਾਇਜਰੀ ਕਮੇਟੀ ਦੀ ਮੀਟਿੰਗ ਦੌਰਾਨ ਮੈਂਬਰਾਂ ਨੂੰ ਥੈਲੇ ਵੰਡਦੇ ਹੋਏ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ ਵਲੋਂ ਦਿੰਦੇ ਹੋਏ ਕਿਹਾ ਕਿ ਪਲਾਸਟਿਕ ਦੇ ਲਿਫਾਫੇ ਜਿੱਥੇ ਸਿਹਤ ਨੂੰ ਨੁਕਸਾਨ ਤਾਂ ਪਹੁੰਚਾਦੇ ਹਨ ਉਸ ਦੇ ਨਾਲ ਖਤਰਨਾਮ ਬਿਮਾਰੀਆਂ ਵੀ ਪੈਦਾ ਹੋ ਜਾਂਦੀਆਂ ਹਨ। ਇਸ ਨਾਲ ਨੁਕਸਾਨ ਵੀ ਹੁੰਦਾ ਹੈ। ਕੋਈ ਵੀ ਖਤਰਨਾਕ ਬਿਮਾਰੀ ਕੈਂਸਰ ਵੀ ਹੋ ਜਾਂਦਾ ਹੈ। ਪਲਾਸਟਿਕ ਦੇ ਲਿਫਾਫੇ ਵਿੱਚ ਫੁਰੰਗਦ ਵੀ ਲਗ ਜਾਂਦੀ ਹੈ। ਇਸ ਲਈ ਸਭ ਨੂੰ ਕੱਪੜੇ ਜਾਂ ਜੂਟ ਦੇ ਥੈਲੇ ਵਿੱਚ ਸਬਜੀ ਵਗੈਰਾ ਲੈ ਕੇ ਆਉਣਾ ਚਾਹੀਦਾ ਹੈ ਇਸ ਨਾਲ ਸਮਾਨ ਵੀ ਸੁਰੱਖਿਅਤ ਅਤੇ ਮਨੁੱਖ ਵੀ ਸੁਰੱਖਿਅਤ ਰਹਿੰਦਾ ਹੈ। ਅੱਜ ਸਮੇਂ ਦੀ ਜਰੂਰਤ ਹੈ ਕਿ ਬੀਮਾਰੀਆਂ ਤੋਂ ਬਚਣ ਲਈ ਸਾਨੂੰ ਪਲਾਸਟਿਕ ਦੇ ਲਿਫਾਫਿਆਂ ਨੂੰ ਬੰਦ ਕਰਕੇ ਕੱਪੜੇ ਜਾਂ ਜੂਟ ਦੇ ਥੈਲੇ ਦੀ ਵਰਤੋ ਕਰੋ। ਇਸ ਅਵਸਰ ਤੇ ਪੋਸਟਲ ਫੋਰਸ ਦੇ ਮੈਂਬਰ, ਨਵਦੀਪ ਗੁਪਤਾ, ਵਿਜੇ ਕੁਮਾਰ ਗੋਇਲ ਪਟਿਆਲਾ ਸ਼ੋਸ਼ਲ ਵੈਲਫੇਅਰ ਸੋਸਾਇਟੀ, ਸ੍ਰੀ ਪਵਨ ਗੋਇਲ, ਜੇ.ਡੀ. ਬਾਂਸਲ, ਆਦਿ ਹਾਜਰ ਸਨ।

40 ਪ੍ਰਤੀਸ਼ਤ ਤੋਂ ਵੱਧ ਰਾਖਵੀਂ ਆਬਾਦੀ ਵਾਲੇ ਪਿੰਡਾਂ ਨੂੰ ਵਿਸ਼ੇਸ਼ ਗ੍ਰਾਂਟਾਂ ਦੇਣ ਦੀ ਨੀਤੀ ਫ਼ੁੱਟ ਪਾਊ ਰਾਜਨੀਤੀ ਦਾ ਹਿੱਸਾ : ਜਨਰਲ ਕੈਟਾਗਿਰੀਜ਼ ਫ਼ੈਡਰੇਸ਼ਨ

**ਐਸ.ਏ.ਐਸ. ਨਗਰ, 26 ਸਤੰਬਰ
(ਪੈ.ਗਾਮ-ਏ-ਜਗਤ)**

- **ਪੰਜਾਬ ਦੇ ਸਾਰੇ ਪਿੰਡਾਂ ਦਾ ਬਿਨ੍ਹਾਂ ਵਿਤਕਰੇ ਦੇ ਵਿਕਾਸ ਕੀਤਾ ਜਾਵੇ**

ਜਨਰਲ ਕੈਟਾਗਿਰੀਜ਼ ਵੈਲਫ਼ੇਅਰ ਫ਼ੈਡਰੇਸ਼ਨ ਪੰਜਾਬ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ 40 ਪ੍ਰਤੀਸ਼ਤ ਵੱਧ ਐਸ.ਸੀ ਅਬਾਦੀ ਵਾਲੇ 3763 ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਖਾਸ ਯੋਜਨਾ ਤਹਿਤ 750 ਕਰੋੜ ਰੁਪਏ ਦੇਣ ਦਾ ਐਲਾਨ, ਵੋਟ ਰਾਜ ਨੀਤੀ ਤਹਿਤ ਮਾੜੀ ਵੰਡ ਪਾਊ ਨੀਤੀ ਕਰਾਰ ਦਿੰਦਿਆਂ ਕਿਹਾ ਹੈ ਕਿ ਪੰਜਾਬ ਦੇ ਸਾਰੇ ਪਿੰਡਾਂ ਦਾ ਬਿਨ੍ਹਾਂ ਵਿਤਕਰੇ ਦੇ ਵਿਕਾਸ ਕੀਤਾ ਜਾਣਾ ਚਾਹੀਦਾ ਹੈ।

ਫ਼ੈਡਰੇਸ਼ਨ ਦੇ ਆਗੂਆਂ ਸੁਖਬੀਰ ਸਿੰਘ, ਜਸਵੀਰ ਸਿੰਘ ਗੜਾਂਗ, ਸੁਰਿੰਦਰ ਕੁਮਾਰ ਸੈਣੀ, ਦਿਲਬਾਗ ਸਿੰਘ, ਜਸਵੰਤ ਸਿੰਘ ਬਰਾੜ ਅਤੇ ਹਰਚੰਦ ਸਿੰਘ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਫੁੱਟ ਪਾਓ ਅਤੇ ਰਾਜ ਕਰੋ ਦੀ ਵੰਡ ਵਾਲੀ ਨੀਤੀ ਤੇ ਕੰਮ ਕਰ ਰਹੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਭਾਵੇ ਵੱਧ ਰਿਜ਼ਰਵ ਅਬਾਦੀ ਵਾਲੇ ਪਿੰਡਾਂ ਨੂੰ ਹੋਰ ਵੱਧ ਗ੍ਰਾਂਟ ਦੇਵੇ ਪਰ ਇਹ ਦੱਸੇ ਕਿ ਵੱਧ ਜਨਰਲ ਵਰਗ ਦੀ ਆਬਾਦੀ ਵਾਲੇ ਪਿੰਡਾਂ ਨੂੰ ਇਹ ਗ੍ਰਾਂਟ ਕਿਉਂ ਨਹੀਂ ਦਿੱਤੀ ਜਾ ਰਹੀ। ਕੀ ਜਨਰਲ ਵਰਗ ਦੀ ਵੱਧ ਅਬਾਦੀ ਵਾਲੇ ਪਿੰਡਾਂ ਨੂੰ ਵਿਕਾਸ ਦੀ ਲੋੜ ਨਹੀ ਹੈ।

ਆਗੂਆਂ ਨੇ ਕਿਹਾ ਕਿ ਅਸਲ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਜਨਰਲ ਵਰਗ ਨੂੰ ਹਰ ਨੀਤੀ ਵਿਚ ਪਿਛੇ ਧੱਕ ਰਹੀ ਹੈ ਅਤੇ ਉਨ੍ਹਾਂ ਨੂੰ ਦੂਸਰੇ ਦਰਜੇ ਦਾ ਨਾਗਰਿਕ ਮੰਨ ਰਹੀ ਹੈ। ਫ਼ੈਡਰੇਸ਼ਨ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਦੀਆਂ ਇਹ ਮਾੜੀਆਂ ਨੀਤੀਆ ਕਾਮਯਾਬ ਨਹੀ ਹੋਣਗੀਆ ਤੇ ਜਨਰਲ ਵਰਗ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਦਾ ਸਖਤ ਵਿਰੋਧ ਕਰੇਗਾ। ਆਗੂਆਂ ਨੇ ਕਿਹਾ ਕਿ ਸਰਕਾਰਾਂ ਦਾ ਕੰਮ ਸਾਰੇ ਵਰਗਾਂ ਅਤੇ ਸਾਰੇ ਪਿੰਡਾਂ ਤੇ ਸ਼ਹਿਰਾਂ ਲਈ ਬਿਨਾ ਭੇਦ ਭਾਵ ਦੇ ਵਿਕਾਸ ਦਾ ਕੰਮ ਕਰਨਾ ਹੁੰਦਾ ਹੈ। ਪਰ ਮੌਜੂਦਾ ਪੰਜਾਬ ਸਰਕਾਰ ਲੋਕਾਂ ਨੂੰ ਆਪਸ ਵਿਚ ਵੰਡ ਕੇ ਵੋਟ ਰਾਜ ਨੀਤ ਤਹਿਤ ਮਾੜੀ ਰਾਜਨੀਤ ਕਰ ਰਹੀ ਹੈ, ਜਿਸ ਦਾ ਸਮਾਂ ਆਉਣ ਤੇ ਢੁੱਕਵਾਂ ਜਵਾਬ ਦਿੱਤਾ ਜਾਵੇਗਾ।

ਸਨ ਫਾਰਮਾ ਵੱਲੋਂ ਹੈਲਥੀ ਬੇਬੀ ਸ਼ੋਅ ਆਯੋਜਿਤ



ਐਸ.ਏ.ਐਸ. ਨਗਰ, 26 ਸਤੰਬਰ (ਪੈ.ਗਾਮ-ਏ-ਜਗਤ)

ਸਨ ਫਾਰਮਾ ਕਮਿਊਨਿਟੀ ਹੈਲਥ ਕੇਅਰ ਸੁਸਾਇਟੀ ਵੱਲੋਂ ਪਿੰਡ ਮੁਹਾਲੀ ਵਿੱਚ ਹੈਲਥੀ ਬੇਬੀ ਸ਼ੋਅ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਨ ਫਾਰਮਾ ਦੇ ਡਾ. ਚਾਹਤ ਸ਼ਰਮਾ ਨੇ ਮਾਂਵਾਂ ਨੂੰ ਬੱਚਿਆਂ ਦੀ ਦੇਖਭਾਲ, ਟੀਕਾਕਰਨ, ਮਾਂ ਦੇ ਦੁੱਧ ਦੀ ਮਹੱਤਤਾ, ਬੱਚਿਆਂ ਦੀ ਖ਼ੁਰਾਕ ਬਾਰੇ ਜਾਣਕਾਰੀ ਦਿੱਤੀ।

ਇਸ ਪ੍ਰੋਗਰਾਮ ਵਿੱਚ ਸਰਕਾਰੀ ਏ ਐਨ ਐਮ ਪਰਮਜੀਤ ਕੌਰ, ਐਲ ਐਚ ਵੀ ਦਲਵਿੰਦਰ ਕੌਰ ਅਤੇ ਸਨ ਫਾਰਮਾ ਦੀ ਏ ਐਨ ਐਮ ਸ਼ਾਰਧਾ, ਏ ਐਨ ਐਮ ਸੁਖਪ੍ਰੀਤ ਕੌਰ ਨੇ ਪੂਰਾ ਸਹਿਯੋਗ ਦਿੱਤਾ। ਮਾਵਾਂ ਤੋਂ ਪੁੱਛੇ ਗਏ ਸਵਾਲਾਂ ਦੇ ਜਵਾਬਾਂ ਤੇ ਆਧਾਰ ਤੇ ਜੇਤੂ ਮਾਵਾਂ ਨੂੰ ਇਨਾਮ ਵੀ ਦਿੱਤੇ ਗਏ।

ਸਰਪੰਚ ਇਕਬਾਲ ਸਿੰਘ ਵਲੋਂ ਸਾਬਕਾ ਮੰਤਰੀ ਬਲਬੀਰ ਸਿੰਘ ਸਿੱਧੂ ਤੇ ਲੋਕਾਂ ਨੂੰ ਗੁਮੰਰਾਹ ਕਰਨ ਅਤੇ ਬੇਬੁਨਿਆਦ ਦੋਸ਼ ਲਗਾਉਣ ਦਾ ਇਲਜ਼ਾਮ



**ਐਸ.ਏ.ਐਸ. ਨਗਰ, 26 ਸਤੰਬਰ
(ਪੈ.ਗਾਮ-ਏ-ਜਗਤ)**

ਜੁਝਾਰ ਨਗਰ ਦੇ ਸਰਪੰਚ ਇਕਬਾਲ ਸਿੰਘ ਨੇ ਸਾਬਕਾ ਕੈਬਨਿਟ ਮੰਤਰੀ ਅਤੇ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਵੱਲੋਂ ਲਗਾਏ ਗਏ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਉਨ੍ਹਾਂ ਤੇ ਸਿਆਸੀ ਬਿਆਨਬਾਜ਼ੀ ਕਰਨ ਦਾ ਦੋਸ਼ ਲਗਾਇਆ ਹੈ। ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਕਬਾਲ ਸਿੰਘ ਨੇ ਕਿਹਾ ਕਿ ਸਿੱਧੂ ਨੂੰ ਕਿਸੇ ਦੇ ਬਹਿਕਾਵੇ ਵਿੱਚ ਆ ਕੇ ਬੇਤੁਕੀ ਬਿਆਨਬਾਜ਼ੀ ਕਰਨ ਦੀ ਬਜਾਏ ਤੱਥਾਂ ਦੇ ਆਧਾਰ ਤੇ ਗੱਲ ਕਰਨੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਖ਼ਿਲਾਫ਼ ਲਗਾਏ ਗਏ ਦੋਸ਼ਾਂ ਦਾ ਕੋਈ ਸਬੂਤ ਹੈ ਤਾਂ ਉਸ ਨੂੰ ਜਨਤਕ ਕੀਤਾ ਜਾਵੇ। ਇਕਬਾਲ ਸਿੰਘ ਨੇ ਕਿਹਾ ਕਿ ਜੇਕਰ ਦੋਸ਼ ਸਾਬਤ ਨਹੀਂ ਹੁੰਦੇ ਤਾਂ ਸਿੱਧੂ ਨੂੰ ਜਨਤਕ ਤੌਰ ਤੇ ਮੁਆਫ਼ੀ ਮੰਗਣੀ ਚਾਹੀਦੀ ਹੈ, ਨਹੀਂ ਤਾਂ ਉਹ ਮਾਣਹਾਨੀ ਦਾ ਕੇਸ ਕਰਨ ਲਈ ਤਿਆਰ ਹਨ। ਪਾਣੀ ਦੀ ਸਪਲਾਈ, ਧਰਮਸ਼ਾਲਾ, ਮੰਦਰ ਅਤੇ ਨਗਰ ਨਿਗਮ ਚੋਣਾਂ ਦੌਰਾਨ ਪੈਸੇ ਇਕੱਠੇ ਕਰਨ ਨਾਲ ਜੁੜੇ ਦੋਸ਼ਾਂ ਨੂੰ ਬੇਬੁਨਿਆਦ ਦੱਸਦਿਆਂ ਸਰਪੰਚ ਨੇ ਕਿਹਾ ਕਿ ਸਾਲ 2020 ਵਿੱਚ ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਪਾਣੀ ਦੀ ਸਪਲਾਈ ਨਾਲ ਸਬੰਧਤ ਜ਼ਿੰਮੇਵਾਰੀਆਂ ਗ੍ਰਾਮ ਪੰਚਾਇਤਾਂ ਅਤੇ ਸਰਪੰਚਾਂ ਨੂੰ ਸੌਂਪਣ ਦੇ ਹੁਕਮ ਜਾਰੀ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਜਦੋਂ ਪੰਚਾਇਤਾਂ ਦੀ ਜ਼ਿੰਮੇਵਾਰੀ ਪਹਿਲਾਂ ਹੀ ਤੈਅ ਕੀਤੀ ਗਈ ਸੀ ਤਾਂ ਹੁਣ ਇਸੇ ਮੁੱਦੇ ਤੇ ਸਵਾਲ ਚੁੱਕਣਾ ਸਿਆਸੀ ਤੌਰ ਤੇ ਉਚਿਤ ਨਹੀਂ ਹੈ। ਧਰਮਸ਼ਾਲਾ ਅਤੇ ਮੰਦਰ ਦੇ ਮੁੱਦੇ ਤੇ ਉਨ੍ਹਾਂ ਕਿਹਾ ਕਿ ਪਿੰਡ ਦੀ ਪੰਚਾਇਤੀ ਧਰਮਸ਼ਾਲਾ ਪੰਚਾਇਤ ਦੇ ਅਧੀਨ ਹੁੰਦੀ ਹੈ ਅਤੇ ਇਸ ਦੇ ਪ੍ਰਬੰਧ ਦੀ ਜ਼ਿੰਮੇਵਾਰੀ ਪੰਚਾਇਤ ਅਤੇ ਸਰਪੰਚ ਦੀ ਹੁੰਦੀ ਹੈ।

ਨਸ਼ਿਆਂ ਖਿਲਾਫ ਡਰਾਇੰਗ ਕੰਪੀਟੀਸ਼ਨ ਕਰਵਾਇਆ

**ਐਸ.ਏ.ਐਸ. ਨਗਰ, 26 ਸਤੰਬਰ
(ਪੈ.ਗਾਮ-ਏ-ਜਗਤ)**

ਜਿਲ੍ਹਾ ਸਾਂਝ ਕੇਂਦਰ ਐਸ. ਏ.ਐਸ. ਨਗਰ ਦੇ ਇੰਚਾਰਜ ਇੰਸਪੈਕਟਰ ਜੈਦੀਪ ਜਾਖੜ, ਸਬ-ਡਵੀਜਨ ਸਾਂਝ ਕੇਂਦਰ ਸਿਟੀ-1 ਦੇ ਇੰਚਾਰਜ ਏ ਐਸ ਆਈ ਜਨਕ ਰਾਜ ਵਲੋਂ ਸਰਕਾਰੀ ਸੀ. ਸੈ. ਸਕੂਲ ਗੀਗੇ ਮਾਜਰਾ ਵਿਖੇ ਵਿਦਿਆਰਥੀਆਂ ਦਾ ਨਸ਼ਿਆਂ ਖਿਲਾਫ ਟੋਪਿਕ ਉੱਪਰ ਡਰਾਇੰਗ ਕੰਪੀਟੀਸ਼ਨ ਕਰਵਾਇਆ ਗਿਆ, ਜਿਸ ਵਿੱਚ ਗੀਗੇ ਮਾਜਰਾ ਸਕੂਲ, ਦੇਵੀਨਗਰ ਅਬਰਾਵਾਂ ਅਤੇ ਕੁਰੜੀ ਸਕੂਲ ਦੇ ਵਿਦਿਆਰਥੀਆ ਵਲੋ ਹਿੱਸਾ ਲਿਆ ਗਿਆ। ਇਸ ਮੌਕੇ ਹੋਲਦਾਰ ਗੁਰਨੇਕ ਸਿੰਘ ਅਤੇ ਹੋਲਦਾਰ ਹਰਪ੍ਰੀਤ ਸਿੰਘ ਵਲੋਂ ਵੀ ਬਣਦਾ ਯੋਗਦਾਨ ਦਿੱਤਾ ਗਿਆ। ਸਕੂਲ ਦੇ ਪ੍ਰਿੰਸੀਪਲ ਵਲੋਂ ਸਮਾਗਮ ਦੇ ਆਯੋਜਨ ਲਈ ਪੁਲੀਸ ਦਾ ਧੰਨਵਾਦ ਕੀਤਾ ਗਿਆ।

ਵੂਮਨ ਐਂਡ ਚਾਈਲਡ ਵੈਲਫੇਅਰ ਸੋਸਾਇਟੀ ਵੱਲੋਂ ਸਕੂਲ ਵਿੱਚ ਲਗਾਏ ਗਏ 50 ਪੌਦੇ



**ਖਰੜ, 26 ਸਤੰਬਰ
(ਪੈ.ਗਾਮ-ਏ-ਜਗਤ)**

ਵੂਮਨ ਐਂਡ ਚਾਈਲਡ ਵੈਲਫੇਅਰ ਸੋਸਾਇਟੀ, ਸੈਕਟਰ-45, ਚੰਡੀਗੜ੍ਹ ਵੱਲੋਂ ਏਕ ਓਕਾਰ ਸਮਾਰਟ ਸਕੂਲ, ਜਨਤਾ ਨਗਰ, ਖਰੜ, ਵਿਖੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਪੌਧਾਰੋਪਣ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਕੈਂਪਸ ਵਿੱਚ ਲਗਭਗ 50 ਪੌਦੇ ਲਗਾਏ ਗਏ। ਪ੍ਰੋਗਰਾਮ ਦੌਰਾਨ ਵੱਖ-ਵੱਖ ਕਿਸਮਾਂ ਦੇ ਫਲਦਾਰ ਪੌਦੇ, ਜਿਵੇਂ ਜਾਮੁਨ, ਆਂਵਲਾ, ਅਮਰੂਦ ਅਤੇ ਅੰਬ ਦੇ ਪੌਦੇ ਲਗਾਏ ਗਏ। ਇਸ ਤੋਂ ਇਲਾਵਾ ਵੱਖ-ਵੱਖ ਕਿਸਮਾਂ ਦੇ ਫੁੱਲਾਂ ਵਾਲੇ ਪੌਦੇ, ਔਸ਼ਧੀ ਪੌਦੇ ਅਤੇ ਛਾਂ ਦੇਣ ਵਾਲੇ ਪੌਦੇ ਵੀ ਲਗਾਏ ਗਏ।

ਇਸ ਮੌਕੇ ਸੰਸਥਾ ਦੀ ਸੰਸਥਾਪਕ ਅਤੇ ਪ੍ਰਧਾਨ ਪੂਜਾ ਬਖ਼ਸ਼ੀ ਨੇ ਕਿਹਾ ਕਿ ਵਾਤਾਵਰਣ ਸੁਰੱਖਿਆ ਲਈ ਪੌਧਾਰੋਪਣ ਸਮੇਂ ਦੀ ਲੋੜ ਹੈ। ਵਧ ਰਹੇ ਪ੍ਰਦੂਸ਼ਣ ਅਤੇ ਵਾਤਾਵਰਣ ਵਿੱਚ ਹੋ ਰਹੇ ਬਦਲਾਵਾਂ ਨੂੰ ਦੇਖਦੇ ਹੋਏ ਹਰ ਵਿਅਕਤੀ ਨੂੰ ਵਾਤਾਵਰਣ ਦੀ ਸੰਭਾਲ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵੂਮਨ ਐਂਡ ਚਾਈਲਡ ਵੈਲਫੇਅਰ ਸੋਸਾਇਟੀ ਵੱਲੋਂ ਸਮੇਂ-ਸਮੇਂ ਤੇ ਪੌਧਾਰੋਪਣ ਦੇ ਵੱਖ-ਵੱਖ ਪ੍ਰੋਗਰਾਮ ਕਰਵਾਏ ਜਾਂਦੇ ਹਨ। ਇਨ੍ਹਾਂ ਪ੍ਰੋਗਰਾਮਾਂ ਦਾ ਉਦੇਸ਼ ਸਿਰਫ਼ ਪੌਦੇ ਲਗਾਉਣਾ ਹੀ ਨਹੀਂ, ਸਗੋਂ ਆਮ ਲੋਕਾਂ, ਨੌਜਵਾਨਾਂ ਅਤੇ ਬੱਚਿਆਂ ਨੂੰ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕ ਕਰਨਾ ਵੀ ਹੈ।

ਪ੍ਰੋਗਰਾਮ ਦੌਰਾਨ ਸਕੂਲ ਦੀ ਪ੍ਰਿੰਸੀਪਲ ਓਂਕਾਰ ਕੌਰ ਨੇ ਪੂਜਾ ਬਖ਼ਸ਼ੀ ਅਤੇ ਸੰਸਥਾ ਦੀ ਪੂਰੀ ਟੀਮ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਸਕੂਲ ਵਿੱਚ ਪੌਧਾਰੋਪਣ ਕਰਕੇ ਵਿਦਿਆਰਥੀਆਂ ਅਤੇ ਸਮਾਜ ਨੂੰ ਵਾਤਾਵਰਣ ਸੰਭਾਲ ਦਾ ਇੱਕ ਨੇਕ ਅਤੇ ਪ੍ਰੇਰਨਾਦਾਇਕ ਸੰਦੇਸ਼ ਦਿੱਤਾ ਗਿਆ ਹੈ।

ਇਸ ਮੌਕੇ ਸਕੂਲ ਦੇ ਡਾਇਰੈਕਟਰ ਸਤਨਾਮ ਸਿੰਘ ਮਥਾਰੂ, ਸੰਸਥਾ ਦੇ ਐਡਵਾਈਜ਼ਰ ਓਮ ਪ੍ਰਕਾਸ਼ ਮਹਿਰਾ, ਕਾਰਜਕਾਰੀ ਮੈਂਬਰ ਰਾਕੇਸ਼ ਕੁਮਾਰ ਗੁਪਤਾ, ਸੰਸਥਾ ਦੀਆਂ ਵਲੰਟੀਅਰ ਭਾਰਤੀ, ਅੰਜਲੀ, ਸਾਕਸ਼ੀ ਅਤੇ ਮਮਨਿਤ ਕੌਰ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਅਤੇ ਸਟਾਫ਼ ਮੈਂਬਰ ਹਾਜ਼ਰ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਪੱਕੇ ਘਰ ਦੀ ਰੀਝ ਹੋਈ ਪੂਰੀ : 'ਸੁਖ-ਆਸਰਾ' ਨਾਲ ਇਸ ਵਾਰ ਮੀਂਹਾ ਵਿੱਚ ਚੈਨ ਨਾਲ ਸੁੱਤਾ ਅਭਿਸ਼ੇਕ

ਊਨਾ, 27 ਸਤੰਬਰ (ਪੈ.ਗਾਮ-ਏ-ਜਗਤ)

ਪਹਿਲਾਂ ਮੀਂਹ ਪੈਂਦੇ ਹੀ ਊਨਾ ਜ਼ਿਲ੍ਹੇ ਦੇ ਬਹਡਾਲਾ ਦੇ ਅਭਿਸ਼ੇਕ ਕੁਮਾਰ ਦੀ ਚਿੰਤਾ ਵੱਧ ਜਾਂਦੀ ਸੀ। ਕੱਚੇ ਮਕਾਨ ਦੀ ਛੱਤ ਅਤੇ ਕੰਧਾਂ ਨੂੰ ਲੈ ਕੇ ਮਨ ਵਿੱਚ ਇਹੀ ਸਵਾਲ ਰਹਿੰਦਾ ਸੀ ਕਿ ਇਸ ਵਾਰ ਮੀਂਹ ਕਿੰਨੀ ਮੁਸ਼ਕਲ ਲੈ ਕੇ ਆਵੇਗਾ। ਪੱਕਾ ਘਰ ਬਣਾਉਣ ਦੀ ਇੱਛਾ ਸੀ, ਪਰ ਦਿਹਾੜੀ-ਮਜ਼ਦੂਰੀ ਤੋਂ ਹੋਣ ਵਾਲੀ ਸੀਮਤ ਆਮਦਨ ਨਾਲ ਇਹ ਸੰਭਵ ਨਹੀਂ ਹੋ ਰਿਹਾ ਸੀ। ਮੀਂਹ ਪੈਂਦੇ ਹੀ ਇਹ ਚਿੰਤਾ ਹੋਰ ਡੂੰਘੀ ਹੋ ਜਾਂਦੀ ਸੀ। ਪਰ ਇਸ ਵਾਰ ਅਭਿਸ਼ੇਕ ਨੇ ਮੀਂਹਾਂ ਦਾ ਮੌਸਮ ਚਿੰਤਾ ਵਿੱਚ ਨਹੀਂ, ਸਗੋਂ ਚੈਨ ਨਾਲ ਗੁਜ਼ਾਰਿਆ। ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਦੀ ਪਹਿਲਕਦਮੀ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸੁਖ-ਆਸਰਾ ਯੋਜਨਾ ਤਹਿਤ ਮਿਲੀ ਤਿੰਨ ਲੱਖ ਰੁਪਏ ਦੀ ਸਹਾਇਤਾ ਨੇ ਉਸ ਦੇ ਪੱਕੇ ਘਰ ਦੀ ਰੀਝ ਪੂਰੀ ਕਰਨ ਵਿੱਚ ਅਹਿਮ ਮਦਦ ਕੀਤੀ। ਆਪਣੀ ਜਮ?ਹਾਂ ਪੂੰਜੀ ਦੇ ਨਾਲ ਯੋਜਨਾ ਤਹਿਤ ਮਿਲੀ ਸਹਾਇਤਾ ਦੀ ਵਰਤੋਂ ਕਰਕੇ 24 ਸਾਲਾ ਅਭਿਸ਼ੇਕ ਨੇ ਆਪਣੇ ਪੱਕੇ ਘਰ ਦੀ ਰੀਝ ਪੂਰੀ ਕਰ ਲਈ ਹੈ।

ਸਾਲ 2006 ਵਿੱਚ ਪਿਤਾ ਦੇ ਦੇਹਾਂਤ ਤੋਂ ਬਾਅਦ ਪਰਿਵਾਰ ਦੀ ਜ਼ਿੰਮੇਵਾਰੀ ਅਭਿਸ਼ੇਕ ਦੇ ਸਾਹਮਣੇ ਆ ਗਈ। ਉਸ ਦੇ ਪਿਤਾ ਦਿਹਾੜੀ-ਮਜ਼ਦੂਰੀ ਕਰਕੇ ਪਰਿਵਾਰ ਦਾ ਪਾਲਣ-ਪੋਸ਼ਣ ਕਰਦੇ ਸਨ। ਸਾਲ 2016 ਵਿੱਚ ਮਾਂ ਦਾ ਵੀ ਦੇਹਾਂਤ ਹੋ ਗਿਆ। ਮਾਤਾ-ਪਿਤਾ ਦੇ ਚਲੇ ਜਾਣ ਤੋਂ ਬਾਅਦ ਅਭਿਸ਼ੇਕ ਨੂੰ ਛੋਟੀ ਉਮਰ ਵਿੱਚ ਹੀ ਆਪਣੀ ਜ਼ਿੰਦਗੀ ਸੰਭਾਲਣ ਦੀ ਜ਼ਿੰਮੇਵਾਰੀ ਚੁੱਕਣੀ ਪਈ। ਉਸ ਨੇ ਮਜ਼ਦੂਰੀ ਕੀਤੀ ਅਤੇ ਇਸ ਦੇ ਨਾਲ ਆਪਣੀ ਪੜ੍ਹਾਈ ਵੀ ਪੂਰੀ ਕੀਤੀ।

ਕੱਚੇ ਮਕਾਨ ਵਿੱਚ ਰਹਿੰਦਿਆਂ ਮੀਂਹਾਂ ਦੇ ਦਿਨਾਂ ਵਿੱਚ ਮੁਸ਼ਕਲ ਬਣੀ ਰਹਿੰਦੀ ਸੀ। ਨਵਾਂ ਪੱਕਾ ਮਕਾਨ ਬਣਾਉਣ ਦੀ ਲੋੜ ਮਹਿਸੂਸ ਹੁੰਦੀ



ਸੀ, ਪਰ ਰੋਜ਼ਾਨਾ ਦੇ ਖਰਚਿਆਂ ਵਿਚਕਾਰ ਇਸ ਲਈ ਰਕਮ ਇਕੱਠੀ ਕਰਨਾ ਆਸਾਨ ਨਹੀਂ ਸੀ। ਇਸੇ ਦੌਰਾਨ ਅਭਿਸ਼ੇਕ ਨੂੰ ਮੁੱਖ ਮੰਤਰੀ ਸੁਖ-ਆਸਰਾ ਯੋਜਨਾ ਬਾਰੇ ਜਾਣਕਾਰੀ ਮਿਲੀ।

ਉਸ ਨੇ ਸਥਾਨਕ ਆਂਗਣਵਾੜੀ ਵਰਕਰ ਨਾਲ ਸੰਪਰਕ ਕੀਤਾ। ਇਸ ਤੋਂ ਬਾਅਦ ਉਸ ਨੂੰ ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਦੇ ਦਫ਼ਤਰ, ਊਨਾ ਨਾਲ ਜੋੜਿਆ ਗਿਆ। ਲੋੜੀਂਦੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਯੋਜਨਾ ਤਹਿਤ ਮਕਾਨ ਬਣਾਉਣ ਲਈ ਉਸ ਨੂੰ ਤਿੰਨ ਲੱਖ ਰੁਪਏ ਦੀ ਸਹਾਇਤਾ ਚਾਰ ਕਿਸ਼ਤਾਂ ਵਿੱਚ ਮਿਲੀ। ਅਭਿਸ਼ੇਕ ਨੇ ਆਪਣੀ ਜਮ?ਹਾਂ ਪੂੰਜੀ ਦੇ ਨਾਲ ਇਸ ਸਹਾਇਤਾ ਦੀ ਵਰਤੋਂ ਕਰਕੇ ਉਸੇ ਜ਼ਮੀਨ ਉੱਤੇ ਨਵਾਂ ਪੱਕਾ ਮਕਾਨ ਤਿਆਰ ਕੀਤਾ ਹੈ।

ਸੁਖ-ਆਸਰਾ ਯੋਜਨਾ ਤਹਿਤ ਅਭਿਸ਼ੇਕ ਨੂੰ ਜੀਵਨ-ਨਿਰਬਾਹ ਲਈ ਹਰ ਮਹੀਨੇ ਚਾਰ ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਵੀ ਮਿਲ ਰਹੀ ਹੈ। ਉਸ ਦਾ ਕਹਿਣਾ ਹੈ ਕਿ ਮਾਤਾ-ਪਿਤਾ ਦੇ ਚਲੇ ਜਾਣ ਤੋਂ ਬਾਅਦ ਜ਼ਿੰਦਗੀ ਸੰਭਾਲਣਾ ਮੁਸ਼ਕਲ ਸੀ। ਸਰਕਾਰ ਵੱਲੋਂ ਮਿਲੀ ਸਹਾਇਤਾ ਨਾਲ ਘਰ ਬਣਾਉਣ ਵਿੱਚ ਮਦਦ ਮਿਲੀ ਅਤੇ ਹਰ ਮਹੀਨੇ ਮਿਲਣ ਵਾਲੀ ਆਰਥਿਕ ਸਹਾਇਤਾ ਨਾਲ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਵੀ ਸਹਾਰਾ ਮਿਲ ਰਿਹਾ ਹੈ।

ਅਭਿਸ਼ੇਕ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਅਤੇ ਸੂਬਾ ਸਰਕਾਰ ਦਾ ਧੰਨਵਾਦ ਕਰਦਾ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਸੁਖ-ਆਸਰਾ ਯੋਜਨਾ 28 ਫਰਵਰੀ, 2023 ਨੂੰ ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਦੀ ਪਹਿਲਕਦਮੀ ਨਾਲ ਸ਼ੁਰੂ ਕੀਤੀ ਗਈ ਸੀ। ਯੋਜਨਾ ਤਹਿਤ ਮਾਤਾ-ਪਿਤਾ ਦੀ ਸਰਪ੍ਰਸਤੀ ਗੁਆ ਚੁੱਕੇ ਬੱਚਿਆਂ ਅਤੇ ਨੌਜਵਾਨਾਂ ਦੀ ਸਿੱਖਿਆ, ਦੇਖਭਾਲ, ਰਿਹਾਇਸ਼ ਅਤੇ ਹੋਰ ਲੋੜੀਂਦੀਆਂ ਜ਼ਰੂਰਤਾਂ ਲਈ ਸਹਾਇਤਾ ਦਾ ਪ੍ਰਬੰਧ ਕੀਤਾ ਗਿਆ ਹੈ।

ਹਿਮਾਚਲ ਪ੍ਰਦੇਸ਼ ਨੇ ਅਨਾਥ ਬੱਚਿਆਂ ਨੂੰ 'ਚਿਲਡਰਨ ਆਫ ਦ ਸਟੇਟ' ਦਾ ਕਾਨੂੰਨੀ ਦਰਜਾ ਦਿੱਤਾ ਹੈ। ਯੋਗ ਬੱਚਿਆਂ ਅਤੇ ਨੌਜਵਾਨਾਂ ਨੂੰ 27 ਸਾਲ ਦੀ ਉਮਰ ਤੱਕ ਸਹਾਇਤਾ ਦਿੱਤੀ ਜਾ ਰਹੀ ਹੈ। ਸਿੱਖਿਆ, ਸਮਾਜਿਕ ਸੁਰੱਖਿਆ, ਵਿਆਹ ਸਹਾਇਤਾ ਅਤੇ ਰਿਹਾਇਸ਼ ਦੇ ਨਾਲ ਯੋਗ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਸ਼ੁਰੂ ਕਰਨ ਲਈ ਦੋ ਲੱਖ ਰੁਪਏ ਤੱਕ ਦੀ ਸਹਾਇਤਾ ਦਾ ਵੀ ਪ੍ਰਬੰਧ ਹੈ।

ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ (ਆਈਸੀਡੀਐਸ) ਊਨਾ ਹਰੀਸ਼ ਮਿਸ਼ਰਾ ਨੇ ਦੱਸਿਆ ਕਿ ਯੋਜਨਾ ਤਹਿਤ ਯੋਗ ਬੱਚਿਆਂ ਅਤੇ ਨੌਜਵਾਨਾਂ ਨੂੰ ਸਿੱਖਿਆ, ਸਮਾਜਿਕ ਸੁਰੱਖਿਆ, ਵਿਆਹ ਸਹਾਇਤਾ ਅਤੇ ਮਕਾਨ ਨਿਰਮਾਣ ਸਮੇਤ ਵੱਖ-ਵੱਖ ਲੋੜਾਂ ਲਈ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਊਨਾ ਜਤਿਨ ਲਾਲ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਸੁਖਵਿੰਦਰ ਸਿੰਘ ਸੁੱਖੂ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਯੋਗ ਬੱਚਿਆਂ ਅਤੇ ਨੌਜਵਾਨਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਸਮੇਂ ਸਿਰ ਪਹੁੰਚਾਉਣ ਲਈ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸੁਖ-ਆਸਰਾ ਯੋਜਨਾ ਲੋੜਵੰਦ ਬੱਚਿਆਂ ਅਤੇ ਨੌਜਵਾਨਾਂ ਨੂੰ ਸਿੱਖਿਆ, ਰਿਹਾਇਸ਼ ਅਤੇ ਜ਼ਿੰਦਗੀ ਦੀਆਂ ਹੋਰ ਲੋੜੀਂਦੀਆਂ ਜ਼ਰੂਰਤਾਂ ਵਿੱਚ ਸਹਾਰਾ ਦੇ ਰਹੀ ਹੈ।

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਵਸ (28 ਸਤੰਬਰ) 'ਤੇ ਵਿਸ਼ੇਸ਼

ਮਹਾਨ ਚਿੰਤਕ ਅਤੇ ਬੁੱਧੀਜੀਵੀ ਸੀ ਸ਼ਹੀਦ-ਏ-ਆਜ਼ਮ ਭਗਤ ਸਿੰਘ

28 ਸਤੰਬਰ 1907 ਦੇਸ਼ ਦੇ ਇੱਕ ਅਜਿਹੇ ਮਹਾਨ ਸਪੂਤ ਨੇ ਜਨਮ ਲਿਆ ਜਿਸ ਨੇ ਦੇਸ਼ ਦੀ ਆਜ਼ਾਦੀ ਨੂੰ ਇੱਕ ਨਵੀਂ ਦਿਸ਼ਾ ਪ੍ਰਦਾਨ ਕਰ ਦਿੱਤੀ। ਸ.ਕਿਸ਼ਨ ਸਿੰਘ ਦੇ ਘਰ ਮਾਤਾ ਵਿਦਿਆਵੰਤੀ ਦੀ ਕੁੱਖੋਂ ਜਨਮੇ ਭਗਤ ਸਿੰਘ ਨੂੰ ਬਚਪਨ ਵਿੱਚ ਘਰ ਵਿੱਚੋਂ ਹੀ ਮਿਲੇ ਸੰਸਕਾਰਾਂ ਨੇ ਉਸ ਦੀ ਭਵਿੱਖੀ ਸ਼ਖ਼ਸੀਅਤ ਦੀ ਉਸਾਰੀ ਕਰ ਦਿੱਤੀ । ਇਨਕਲਾਬ ਦੀ ਗੁੜਤੀ ਵੀ ਉਸ ਨੂੰ ਪਰਿਵਾਰ ਵਿੱਚੋਂ ਹੀ ਮਿਲੀ । ਜਿਸ ਦੀ ਬਦੌਲਤ ਦੇਸ਼ ਦੀ ਆਜ਼ਾਦੀ ਲਈ ਕੁਰਬਾਨ ਹੋਣ ਵਾਲੇ ਸੁਤੰਤਰਤਾ ਸੈਨਾਨੀਆਂ ਵਿੱਚ ਮਹੱਤਵਪੂਰਨ ਸਥਾਨ ਸਹੀਦ ਏ ਆਜ਼ਮ ਭਗਤ ਸਿੰਘ ਦਾ ਹੈ। ਭਗਤ ਸਿੰਘ ਦੀ ਅਦੁੱਤੀ ਕੁਰਬਾਨੀ ਅੱਜ ਵੀ ਦੇਸ਼ ਵਾਸੀਆਂ ,ਖ਼ਾਸ ਕਰਕੇ ਨੌਜਵਾਨ ਵਰਗ ਨੂੰ ਨਿਰੰਤਰ ਜਗਦੀ ਮਿਸ਼ਾਲ ਦੀ ਤਰ੍ਹਾਂ ਪ੍ਰੇਰਨਾ ਸਰੋਤ ਦਾ ਕੰਮ ਕਰਦੀ ਹੈ ਪ੍ਰੰਤੂ ਦੁਖਦਾਈ ਪੱਖ ਇਹ ਵੀ ਹੈ ਕਿ ਸਾਡੇ ਦੇਸ਼ ਦਾ ਬਹੁਗਿਣਤੀ ਵਰਗ ਉਸ ਨੂੰ ਮਹਾਨ ਸ਼ਹੀਦ ਨੂੰ ਇੱਕ ਮਹਾਨ ਯੋਧਾ ਅਤੇ ਜੁਝਾਰੂ ਨੌਜਵਾਨ ਤਾਂ ਮੰਨਦਾ ਹੈ। ਬਦਕਿਸਮਤੀ ਨਾਲ ਕੁਝ ਲੋਕਾਂ ਨੇ ਉਸ ਨੂੰ ਰਵਾਇਤੀ ਦਹਿਸ਼ਤਗਰਦ ਵੀ ਦੱਸਿਆ ।ਇਹ ਤਾ ਸਭ ਜਾਣਦੇ ਹਨ ਕਿ ਉਸ ਮਹਾਨ ਨਾਇਕ ਦੇ ਇੱਕ ਹੱਥ ਵਿੱਚ ਪਿਸਤੌਲ ਸੀ , ਪ੍ਰੰਤੂ ਇਹ ਨਹੀਂ ਜਾਣਦੇ ਕਿ ਉਸ ਦੇ ਦੂਸਰੇ ਹੱਥ ਵਿੱਚ ਹਮੇਸ਼ਾ ਕਿਤਾਬ ਰਹਿੰਦੀ ਸੀ । ਪੜ੍ਹਨ ਦਾ ਤਾਂ ਭਗਤ ਸਿੰਘ ਸ਼ੈਦਾਈ ਸੀ, ਉਹ ਮਹਾਨ ਬੁੱਧੀਜੀਵੀ ਚਿੰਤਕ ਅਤੇ ਦੂਰ ਅੰਦੇਸ਼ੀ ਸੀ । ਉਹ ਸਕੂਲ ਅਤੇ ਕਾਲਜ ਦੇ ਜੀਵਨ ਵਿੱਚ ਉਸ ਦੀ ਪਹਿਚਾਣ ਇੱਕ ਹੋਣਹਾਰ ਅਤੇ ਹੁਸ਼ਿਆਰ ਵਿਦਿਆਰਥੀ ਵਾਲੀ ਸੀ। 1923 ਵਿੱਚ ਲਾਹੌਰ ਦੇ ਨੈਸ਼ਨਲ ਕਾਲਜ ਵਿੱਚ ਦਾਖਲ ਹੋਣ ਸਮੇਂ ਹੀ ਉਹ ਕਾਲਜ ਦੀ ਪੜ੍ਹਾਈ ਦੇ ਨਾਲ ਨਾਟ ਕਲਾ ਸੁਸਾਇਟੀ ਦੀਆਂ ਅਨੇਕਾਂ ਸਰਗਰਮੀਆਂ ਵਿੱਚ ਹਿੱਸਾ ਲੈਂਦਾ ਅਤੇ ਆਪਣੀ ਉਮਰ ਤੋਂ ਕਿਤੇ ਸਿਆਣੀਆਂ ਗੱਲਾਂ ਕਰਕੇ ਸਭ ਨੂੰ ਸੋਚਣ ਲਈ ਮਜਬੂਰ ਕਰਦਾ ਅਤੇ ਨੌਜਵਾਨ ਸਾਥੀਆਂ ਦੇ ਦਿਲਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਦਾ । ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦਾ । ਉਹ ਹਮੇਸ਼ਾ ਆਜ਼ਾਦੀ ਦੀ ਲੜਾਈ ਦੇ ਬੌਧਿਕ ਪੱਖ ਨੂੰ ਮਜ਼ਬੂਤ ਕਰਨ ਲਈ ਯਤਨਸ਼ੀਲ ਸੀ ।ਉਸ ਨੇ ਇੱਕ ਲੇਖ ਵਿੱਚ ਲਿਖਿਆ:-

ਇਨਕਲਾਬ ਮਿਹਨਤੀ ਵਿਚਾਰਕਾਂ ਅਤੇ ਮਿਹਨਤੀ ਕਾਰਕੁਨਾਂ ਦੀ ਪੈਦਾਇਸ਼ ਹੁੰਦਾ ਹੈ।ਪਰ ਬਦਕਿਸਮਤੀ ਨੂੰ ਭਾਰਤੀ ਇਨਕਲਾਬ ਦਾ ਬੌਧਿਕ ਪੱਖ ਹਮੇਸ਼ਾ ਕਮਜ਼ੋਰ ਰਿਹਾ ਹੈ। ਇਸ ਲਈ ਇਨਕਲਾਬ ਦੀਆਂ ਜ਼ਰੂਰੀ ਗੱਲਾਂ, ਕੀਤੇ ਗਏ ਕਾਰਜ ਦੇ ਪ੍ਰਭਾਵ ਵੱਲ ਧਿਆਨ ਨਹੀਂ ਦਿੱਤਾ ਗਿਆ। ਇਸ ਵਾਸਤੇ ਇੱਕ ਇਨਕਲਾਬੀ ਨੂੰ ਅਧਿਐਨ ਅਤੇ ਚਿੰਤਨ ਨੂੰ ਆਪਣੀ ਪਵਿੱਤਰ ਜ਼ਿੰਮੇਵਾਰੀ ਬਣਾ ਲੈਣਾ ਚਾਹੀਦਾ ਹੈ ÷ਭਗਤ ਸਿੰਘ।

ਦੇਸ਼ ਦੀ ਆਜ਼ਾਦੀ ਦੀ ਲੜਾਈ ਦੇ ਬੌਧਿਕ ਪੱਖ ਨੂੰ ਮਜ਼ਬੂਤ ਕਰਨ ਲਈ ਉਹ ਅਖ਼ਬਾਰਾਂ ਨਾਲ ਵੀ ਜੁੜਿਆ ਰਿਹਾ । ਉਸ ਨੇ ਅੰਮ੍ਰਿਤਸਰ ਤੋਂ ਪ੍ਰਕਾਸ਼ਿਤ ਹੁੰਦੇ ਉਰਦੂ ਅਤੇ ਪੰਜਾਬੀ ਅਖ਼ਬਾਰਾਂ ਲਈ ਲਿਖਿਆ ਅਤੇ ਸੰਪਾਦਨਾ ਵੀ ਕੀਤੀ ।ਨੌਜਵਾਨ ਭਾਰਤ ਸਭਾ ਦੁਆਰਾ ਛਾਪੇ ਜਾਂਦੇ ਪਰਚਿਆਂ ਵਿੱਚ ਵੀ ਵਡਮੁੱਲਾ ਯੋਗਦਾਨ ਪਾਇਆ। ਇਸ ਤੋਂ ਇਲਾਵਾ ਉਸ ਨੇ ' ਕਿਰਤੀ ' ਰਸਾਲੇ ਅਤੇ ਦਿੱਲੀ ਤੋ ਪ੍ਰਕਾਸ਼ਿਤ ਵੀਰ ਅਰਜੁਨ ਲਈ ਵੀ ਲਿਖਿਆ ਅਤੇ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰ ਰਹੇ ਦੇਸ਼ਭਗਤਾਂ ਨੂੰ ਨਵੀਂ ਸੇਧ ਦਿੱਤੀ। ਅਨੇਕਾਂ ਵਾਰ ਉਹ ਸਰਕਾਰ ਵਿਰੋਧੀ ਲੇਖ ਲਿਖਣ ਵੇਲੇ ਬਲਵੰਤ, ਵਿਦਰੋਹੀ ਅਤੇ ਰਣਜੀਤ ਵਰਗੇ ਲੁਕਵੇਂ ਨਾਵਾਂ ਦੀ ਵਰਤੋਂ ਵੀ ਕਰਦਾ ਸੀ। ਉਸ ਦੀ ਜ਼ਿੰਦਗੀ ਦਾ ਛੁਪਿਆ ਤੱਥ ਇਹ ਵੀ ਹੈ



ਕਿ ਉਸ ਨੇ 17 ਸਾਲ ਦੀ ਉਮਰ ਵਿੱਚ ਨੈਸ਼ਨਲ ਸਕੂਲ ਸ਼ਾਦੀਪੁਰ (ਅਲੀਗੜ੍ਹ) ਵਿੱਚ ਕੁਝ ਸਮਾਂ ਅਧਿਆਪਨ ਦੇ ਖੇਤਰ ਵਿੱਚ ਸਕੂਲ ਮੁਖੀ ਦੇ ਤੌਰ ਤੇ ਜੁੜ ਕੇ ਵੀ ਕੰਮ ਕੀਤਾ । ਭਗਤ ਸਿੰਘ ਬਹੁਤ ਉੱਚੀ ਸੋਚ ਨਾਲ ਆਜ਼ਾਦੀ ਦੀ ਲੜਾਈ ਵਿਚਾਰਾਂ ਨਾਲ ਲੜਦਾ ਰਿਹਾ । ਦਹਿਸ਼ਤ ਫੈਲਾਉਣਾ ਉਸ ਦਾ ਕਦੇ ਵੀ ਮਕਸਦ ਨਹੀਂ ਰਿਹਾ।

09 ਅਪ੍ਰੈਲ 1929 ਨੂੰ ਜਦੋਂ ਭਗਤ ਸਿੰਘ ਅਤੇ ਉਸਦੇ ਸਾਥੀਆਂ ਨੇ ਸੈਂਟਰਲ ਅਸੈਂਬਲੀ ਵਿੱਚ ਜਦੋਂ ਬੰਬ ਸੁੱਟਿਆ ਤਾਂ ਉਸ ਵੇਲੇ ਉਨ੍ਹਾਂ ਵੱਲੋਂ ਸੁੱਟੇ ਲੀਫਲੈੱਟ ਵਿੱਚ ਲਿਖਿਆ ਸੀ:-

ਲੋਕਾਂ ਨੂੰ ਮਾਰਨਾ ਸੌਖਾ ਹੈ ,ਪਰ ਤੁਸੀਂ ਵਿਚਾਰਾਂ ਨੂੰ ਨਹੀਂ ਮਾਰ ਸਕਦੇ, ਮਹਾਨ ਸਾਮਰਾਜ ਡਿੱਗ ਗਏ, ਜਦੋਂ ਕਿ ਵਿਚਾਰ ਬਚ ਗਏ।

ਅਸੈਂਬਲੀ ਵਿੱਚ ਬੰਬ ਸੁਟਨਾ ਸਿਰਫ ਸੰਕੇਤਕ ਯਤਨ ਸੀ, ਸਰਕਾਰ ਤੱਕ ਆਪਣੀਆਂ ਮੰਗਾਂ ਪਹੁੰਚਾਉਣ ਅਤੇ ਦੇਸ਼ ਦੀ ਆਜ਼ਾਦੀ ਲਈ ਨੌਜਵਾਨ ਵੱਲੋਂ ਕੀਤੇ ਜਾ ਰਹੇ ਯਤਨਾਂ ਵੱਲ ਧਿਆਨ ਆਕਰਸ਼ਿਤ ਕਰਨ ਲਈ।

ਇਸ ਤੋਂ ਵੀ ਅੱਗੇ 22 ਅਕਤੂਬਰ 1929 ਨੂੰ ਜੇਲ੍ਹ ਵਿੱਚੋਂ ਹੀ ਭਗਤ ਸਿੰਘ ਦਾ ਇੱਕ ਲੇਖ ਟ੍ਰਿਬਿਊਨ ਵਿੱਚ ਪ੍ਰਕਾਸ਼ਿਤ ਹੋਇਆ, ਜਿਸ ਵਿੱਚ ਲਿਖਿਆ ਸੀ :

ਅਸੀਂ ਨੌਜਵਾਨਾਂ ਨੂੰ ਬੰਬ ਅਤੇ ਪਿਸਤੌਲ ਚੁੱਕਣ ਦੀ ਸਲਾਹ ਨਹੀਂ ਦੇ ਸਕਦੇ। ਵਿਦਿਆਰਥੀਆਂ ਦੇ ਕਰਨ ਲਈ ਇਸ ਤੇ ਜ਼ਿਆਦਾ ਵੱਡੇ ਕੰਮ ਹਨ।

ਜੇਲ੍ਹ ਵਿੱਚ ਭਗਤ ਸਿੰਘ ਨੇ ਬਹੁਤਾ ਸਮਾਂ ਕਿਤਾਬਾਂ ਪੜ੍ਹਨ ਤੇ ਲਗਾਇਆ। ਸਾਡੀ ਨੌਜਵਾਨ ਪੀੜ੍ਹੀ ਨੂੰ ਇਹ ਪਤਾ ਹੋਣਾ ਚਾਹੀਦਾ ਹੈ, ਕਿ ਸ.ਭਗਤ ਸਿੰਘ ਵਿੱਚ ਪੜ੍ਹਨ ਅਤੇ ਲਿਖਣ ਦੀ ਕਿੰਨੀ ਕਾਬਲੀਅਤ ਅਤੇ ਸਮਰੱਥਾ ਸੀ , ਜਿਸ ਨੂੰ ਦੇਖ ਕੇ ਨਿਸਚੇ ਹੀ ਹੈਰਾਨੀ ਹੁੰਦੀ ਹੈ। ਉਸ ਨੇ ਲੈਨਿਨ ,ਫਰੈਡਰਿਕ ਐਂਗਲਜ਼, ਮਾਰਕ ਟਵੇਨ ,ਲੂਈ ਐੱਚ ਮਾਰਗਨ, ਉਮਰ ਖਿਆਮ ,ਬਰਟਰੰਡ ਰਸਲ,ਜੇਮਜ਼ ਰੈਮਜੇ ਅਤੇ ਪੈਟਰਿਕ ਹੈਨਰੀ ਵਰਗੇ ਮਹਾਨ ਲੇਖਕਾਂ ਦੀਆਂ 60 ਤੋਂ 70 ਕਿਤਾਬਾਂ ਜੇਲ੍ਹ ਵਿੱਚ ਹੀ ਪੜ੍ਹੀਆਂ । ਉਸ ਦੇ ਫਾਂਸੀ ਵਾਲੇ ਦਿਨ ਜਦੋਂ ਜੇਲ੍ਹ ਮੁਲਾਜਮ ਅੰਤਿਮ ਇਸ਼ਨਾਨ ਲਈ ਸੱਦਾ ਦੇਣ ਆਏ ਤਾਂ ਉਨ੍ਹਾਂ ਨੇ ਕਿਹਾ ਕਿ ਥੋੜ੍ਹੀ ਦੇਰ ਰੁਕੋ ਮੈਂ ਹੱਥ ਵਾਲੀ ਕਿਤਾਬ ਦੇ ਅੰਤਿਮ ਕੁੱਝ ਪੰਨੇ ਪੜ੍ਹ ਲਵਾ । ਇਸ ਤੋਂ ਮਹਾਨ ਸ਼ਹੀਦ ਦਾ ਕਿਤਾਬਾਂ ਪ੍ਰਤੀ ਲਗਾਅ ਦਾ ਪਤਾ ਲੱਗਦਾ ਹੈ ।ਅਜਿਹੀਆਂ ਗੱਲਾਂ ਹੀ ਅੱਜ ਦੇ ਭਟਕੇ ਅਤੇ ਨਸ਼ੇ ਵਿੱਚ ਗਲਤਾਨ ਹੁੰਦੇ ਨੌਜਵਾਨਾਂ ਤੱਕ ਪਹੁੰਚਾਣਾ ,ਉਸ ਮਹਾਨ ਸ਼ਹੀਦ ਦੇ ਜਨਮ ਦਿਹਾੜੇ ਤੇ ਉਸ ਪ੍ਰਤੀ ਸੱਚੀ ਸ਼ਰਧਾ ਹੈ।

ਭਗਤ ਸਿੰਘ ਨੇ ਪਵਿੱਤਰ ਅਤੇ ਮਹਾਨ ਕਾਰਜ ਦੇ ਲੇਖੇ ਸਿਰਫ਼ 23 ਸਾਲ ਦੀ ਉਮਰ ਵਿੱਚ ਹੀ ਲਾਸਾਨੀ ਕੁਰਬਾਨੀ ਕਰ ਦਿਖਾਈ । ਜਿਸ ਕਰਕੇ ਉਹ ਭਾਰਤੀਆਂ ਦੇ ਹਿਰਦੇ ਵਿਚ ਸਦਾ ਲਈ ਅਮਰ ਹੋ ਗਿਆ ।ਇਹ 23 ਸਾਲ ਦਾ ਗੱਭਰੂ ਭਗਤ ਸਿੰਘ ਅੱਜ ਵੀ ਸਾਡੇ ਨਾਲ ਤੁਰਦਾ ਆ ਰਿਹਾ ਹੈ ,ਅੱਜ ਵੀ ਨੌਜਵਾਨ ਹੈ ਅਤੇ ਨੌਜਵਾਨਾਂ ਲਈ ਮਹਾਨ ਪ੍ਰੇਰਨਾ ਸਰੋਤ ਹੈ। ਇਸ ਲਈ ਸਮੇਂ ਦੀ ਜ਼ਰੂਰਤ ਹੈ ਕਿ ਉਸ ਮਹਾਨ ਸ਼ਖ਼ਸੀਅਤ ਨੂੰ ਸਿਰਫ਼ ਜਨਮ ਦਿਹਾੜੇ ਜਾਂ ਸ਼ਹੀਦੀ ਦਿਵਸ ਤੇ ਯਾਦ ਕਰਨ ਦੀ ਬਜਾਏ, ਉਸ ਮਹਾਨ ਚਿੰਤਕ ਦੀ ਜ਼ਿੰਦਗੀ ਦੇ ਉਹ ਪੱਖ ਅਤੇ ਤੱਥ ਉਜਾਗਰ ਕਰੀਏ ਜੋ ਮੌਜੂਦਾ ਦੌਰ ਦੇ ਭਟਕੇ ਨੌਜਵਾਨਾਂ ਦੀ ਰਾਹ ਦਸੇਰਾ ਬਣ ਸਕਣ ।ਉਨ੍ਹਾਂ ਨੌਜਵਾਨਾਂ ਨੂੰ ਦੱਸਣ ਦੀ ਜ਼ਰੂਰਤ ਹੈ ਕਿ ਭਗਤ ਸਿੰਘ ਨੇ ਇਨਕਲਾਬੀ ਸੰਘਰਸ਼ ਦੌਰਾਨ ਕਿੰਨੇ ਕਸ਼ਟ ਝੱਲੇ ਅਤੇ ਥੋੜ੍ਹੇ ਸਮੇਂ ਵਿੱਚ ਕਿੰਨਾ ਬੌਧਿਕ ਵਿਕਾਸ ਕੀਤਾ । ਭਗਤ ਸਿੰਘ ਵੀ ਮੌਜੂਦਾ ਦੌਰ ਦੇ ਨੌਜਵਾਨਾਂ ਵਰਗਾ ਹੀ ਸੀ ਪ੍ਰੰਤੂ ਉਸ ਦਾ ਨਿਸ਼ਾਨਾ ਬਹੁਤ ਉੱਚਾ ਤੇ ਸੁੱਚਾ ਸੀ ਅਤੇ ਨਿਸ਼ਾਨੇ ਪ੍ਰਤੀ ਸਮਰਪਿਤ ਸੀ। ਜ਼ਰੂਰਤ ਹੈ ਅੱਜ ਦਾ ਨੌਜਵਾਨ ਵਰਗ ਉਸ ਨੂੰ ਆਪਣਾ ਆਦਰਸ਼ ਮੰਨਣ ,ਉਸ ਦੇ ਰਾਹ ਦੇ ਹਮਸਫਰ ਬਣਨ ਦੀ ਕੋਸ਼ਿਸ਼ ਕਰਨ। ਉਸ ਦੀ ਸ਼ਹਾਦਤ ਦੇ ਨਾਲ ਨਾਲ ਉਸ ਦੀ ਜ਼ਿੰਦਗੀ ਦੇ ਬੌਧਿਕ ਵਿਕਾਸ ਦੇ ਪੱਖ ਤੋਂ ਵੀ ਬਹੁਤ ਕੁਝ ਸਿੱਖਣ। ਅੱਜ ਜ਼ਰੂਰਤ ਭਗਤ ਸਿੰਘ ਦੇ ਵੱਡੇ ਵੱਡੇ ਪੋਸਟਰ ਲਗਾਉਣ ਜਾਂ ਉਸ ਵਰਗਾਂ ਭੇਸ ਬਣਾ ਕੇ ਵੱਡੇ ਵੱਡੇ ਸਮਾਗਮ ਕਰਕੇ ਦਿਖਾਵਾ ਕਰਨ ਦੀ ਨਹੀਂ ,ਬਲਕਿ ਉਸ ਦੀ ਸੋਚ ਅਤੇ ਵਿਚਾਰਧਾਰਾ ਨੂੰ ਅਪਨਾ ਕੇ ਉਸ ਦੇ ਸੁਪਨਿਆਂ ਨੂੰ ਸਾਕਾਰ ਕਰਨ ਦੀ ਹੈ।

ਉਹ ਦੇਸ਼ ਵਾਸੀਆਂ ਨੂੰ ਜਿੱਥੇ ਅੰਗਰੇਜ਼ਾਂ ਤੋਂ ਆਜ਼ਾਦ ਕਰਵਾਉਣਾ ਚਾਹੁੰਦਾ ਸੀ ਉੱਥੇ ਅਨਿਆਂ, ਅੱਤਿਆਚਾਰ, ਭੁੱਖ, ਗਰੀਬੀ, ਲੁੱਟ, ਨਾ ਬਰਾਬਰੀ ਅਤੇ ਮਹਾਂਮਾਰੀ ਤੋਂ ਵੀ ਨਿਜਾਤ ਦਿਵਾਉਣਾ ਚਾਹੁੰਦਾ ਸੀ।

ਧੂਮਕੇਤੂ ਤਾਰੇ ਦੀ ਤਰ੍ਹਾਂ ਰਾਜਸੀ ਆਕਾਸ਼ ਵਿੱਚ ਭਗਤ ਸਿੰਘ ਥੋੜ੍ਹੇ ਸਮੇਂ ਲਈ ਉੱਭਰਿਆ, 23 ਮਾਰਚ 1931 ਨੂੰ ਆਪਣੀ ਸ਼ਹਾਦਤ ਤੋਂ ਪਹਿਲਾਂ ਉਹ ਕਰੋੜਾਂ ਅੱਖਾਂ ਦਾ ਤਾਰਾ ਅਤੇ ਭਾਰਤ ਦੀ ਰੂਹ ਅਤੇ ਉਮੰਗ ਦਾ ਚਿੰਨ੍ਹ ਬਣ ਗਿਆ ਸੀ।

ਭਗਤ ਸਿੰਘ ਦੀ ਬਹਾਦਰੀ, ਬੁੱਧੀਮਾਨੀ ਅਤੇ ਬਲਿਦਾਨ ਸਾਹਮਣੇ ਸਾਡਾ ਸਿਰ ਝੁਕ ਜਾਂਦਾ ਹੈ ।ਇਹ ਮਹਾਨ ਸ਼ਹਾਦਤ ਨੌਜਵਾਨਾਂ ਲਈ ਹਮੇਸ਼ਾ ਰਾਹ ਦਸੇਰੇ ਵਜੋਂ ਕੰਮ ਕਰੇਗੀ।

-ਡਾ. ਸਤਿੰਦਰ ਸਿੰਘ, ਨੈਸ਼ਨਲ ਅਵਾਰਡੀ ਫਿਰੋਜ਼ਪੁਰ ਸ਼ਹਿਰ।

ਪ੍ਰੋ. ਸਿਮਮੀ ਅਗਨਿਹੋਤਰੀ ਜੈਅੰਤੀ ਸਮਾਰੋਹ 29 ਸਤੰਬਰ ਨੂੰ, ਗੁਰਦਾਸ ਮਾਨ ਦੀ ਪੇਸ਼ਕਾਰੀ ਬਣੇਗੀ ਖਾਸ ਖਿੱਚ

ਊਨਾ, 27 ਸਤੰਬਰ (ਪੈ.ਗਾਮ-ਏ-ਜਗਤ)

ਪ੍ਰੋ. ਸਿਮਮੀ ਅਗਨਿਹੋਤਰੀ ਜੈਅੰਤੀ ਸਮਾਰੋਹ 29 ਸਤੰਬਰ ਨੂੰ ਪ੍ਰੋ. ਸਿਮਮੀ ਅਗਨਿਹੋਤਰੀ ਸਰਕਾਰੀ ਡਿਗਰੀ ਕਾਲਜ, ਹਰੋਲੀ ਦੇ ਕੈਂਪਸ ਵਿੱਚ ਕਰਵਾਇਆ ਜਾਵੇਗਾ। ਪ੍ਰੋ. ਸਿਮਮੀ ਅਗਨਿਹੋਤਰੀ ਫਾਊਂਡੇਸ਼ਨ ਵੱਲੋਂ ਕਰਵਾਏ ਜਾ ਰਹੇ ਸਮਾਰੋਹ ਵਿੱਚ ਉਪ ਮੁੱਖ ਮੰਤਰੀ ਮੁਕੇਸ਼ ਅਗਨਿਹੋਤਰੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਪ੍ਰੋਗਰਾਮ ਸਵੇਰੇ 10 ਵਜੇ ਸ਼ੁਰੂ ਹੋਵੇਗਾ। ਸਮਾਰੋਹ ਦਾ ਖਾਸ ਆਕਰਸ਼ਣ ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ ਦੀ ਪੇਸ਼ਕਾਰੀ ਹੋਵੇਗੀ।

ਸਮਾਰੋਹ ਵਿੱਚ ਪ੍ਰੋ. ਸਿਮਮੀ ਅਗਨਿਹੋਤਰੀ ਦੇ ਜੀਵਨ, ਸਿੱਖਿਆ, ਖੋਜ ਅਤੇ ਸਮਾਜਿਕ ਸਰੋਕਾਰਾਂ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਜਾਵੇਗਾ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਦੇ ਨਾਲ-ਨਾਲ ਵੱਖ-ਵੱਖ ਨਾਟਕ ਮੰਡਲੀਆਂ ਵੱਲੋਂ ਸੱਭਿਆਚਾਰਕ ਪੇਸ਼ਕਾਰੀਆਂ ਦਿੱਤੀਆਂ ਜਾਣਗੀਆਂ।

ਜ਼ਿਕਰਯੋਗ ਹੈ ਕਿ 29 ਸਤੰਬਰ, 1968 ਨੂੰ ਮੰਡੀ ਵਿੱਚ ਜਨਮੀ ਪ੍ਰੋ. ਸਿਮਮੀ ਅਗਨਿਹੋਤਰੀ ਨੇ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਉਪ ਮੁੱਖ ਮੰਤਰੀ ਮੁਕੇਸ਼ ਅਗਨਿਹੋਤਰੀ ਦੀ ਪਤਨੀ ਪ੍ਰੋ. ਸਿਮਮੀ ਅਗਨਿਹੋਤਰੀ ਨੇ ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ ਦੇ ਲੋਕ ਪ੍ਰਸ਼ਾਸਨ ਵਿਭਾਗ ਵਿੱਚ ਸੀਨੀਅਰ ਪ੍ਰੋਫੈਸਰ ਵਜੋਂ ਅਧਿਆਪਨ, ਖੋਜ ਅਤੇ ਵਿਦਿਆਰਥੀਆਂ ਦੀ ਅਗਵਾਈ ਦੇ ਖੇਤਰ ਵਿੱਚ ਮਹੱਤਵਪੂਰਨ ਕੰਮ ਕੀਤਾ। ਕਬਾਇਲੀ ਸਸ਼ਕਤੀਕਰਨ, ਲਿੰਗ ਸਮਾਨਤਾ, ਸਥਾਨਕ ਸ਼ਾਸਨ, ਮਨੁੱਖੀ ਸਰੋਤ ਵਿਕਾਸ ਅਤੇ ਪੇਂਡੂ ਰੁਜ਼ਗਾਰ ਵਰਗੇ ਵਿਸ਼ਿਆਂ 'ਤੇ ਉਨ੍ਹਾਂ ਦਾ ਖੋਜ ਕਾਰਜ ਸਮਾਜਿਕ ਸਰੋਕਾਰਾਂ ਵਾਲੀ ਪਹੁੰਚ ਲਈ ਜਾਣਿਆ ਜਾਂਦਾ ਸੀ। ਪ੍ਰੋ. ਅਗਨਿਹੋਤਰੀ ਨੇ ਆਪਣੇ ਅਕਾਦਮਿਕ ਜੀਵਨ ਦੌਰਾਨ ਅਨੇਕਾਂ



ਵਿਦਿਆਰਥੀਆਂ ਦੀ ਅਗਵਾਈ ਕੀਤੀ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਖੋਜ ਅਤੇ ਅਕਾਦਮਿਕ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਈ। ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀ ਕਲਾ, ਸੱਭਿਆਚਾਰ, ਸੰਗੀਤ ਅਤੇ ਸਾਹਿਤ ਵਿੱਚ ਵੀ ਡੂੰਘੀ ਦਿਲਚਸਪੀ ਸੀ।

ਪ੍ਰੋ. ਸਿਮਮੀ ਅਗਨਿਹੋਤਰੀ ਦਾ 9 ਫਰਵਰੀ, 2024 ਨੂੰ ਦੇਹਾਂਤ ਹੋ ਗਿਆ। ਉਨ੍ਹਾਂ ਦਾ ਜੀਵਨ ਸਿੱਖਿਆ, ਖੋਜ, ਵਿਦਿਆਰਥੀਆਂ ਦੀ ਅਗਵਾਈ ਅਤੇ ਸਮਾਜ ਪ੍ਰਤੀ ਸੰਵੇਦਨਸ਼ੀਲ ਸੋਚ ਨੂੰ ਸਮਰਪਿਤ ਰਿਹਾ। ਉਨ੍ਹਾਂ ਦੇ ਨਾਮ 'ਤੇ ਸਥਾਪਿਤ ਕਾਲਜ ਉਨ੍ਹਾਂ ਦੇ ਵਿੱਦਿਅਕ ਵਿਚਾਰਾਂ ਅਤੇ ਕਦਰਾਂ-ਕੀਮਤਾਂ ਨੂੰ ਅੱਗੇ ਵਧਾਉਣ ਦੀ ਦਿਸ਼ਾ ਵਿੱਚ ਕੰਮ ਕਰ ਰਿਹਾ ਹੈ। ਸਰਕਾਰੀ ਅਧਿਸੂਚਨਾ ਰਾਹੀਂ 12 ਮਾਰਚ, 2024 ਨੂੰ ਕਾਲਜ ਦਾ ਨਾਮ ਪ੍ਰੋ. ਸਿਮਮੀ ਅਗਨਿਹੋਤਰੀ ਸਰਕਾਰੀ ਡਿਗਰੀ ਕਾਲਜ, ਹਰੋਲੀ ਰੱਖਿਆ ਗਿਆ ਸੀ।

ਸੇਵਾ ਸੰਕਲਪ ਅਭਿਆਨ : ਦੇ ਤਹਿਤ ਖ਼ੂਨਦਾਨ ਕੈਂਪ ਭਲਕੇ : ਮੰਤਰੀ ਅਨਿਲ ਵਿਜ

ਪੈ.ਗਾਮ-ਏ-ਜਗਤ
ਅੰਬਾਲਾ, 27 ਸਤੰਬਰ (ਆਰ.ਸਿੰਘ)

- ਕੱਲ ਨੂੰ ਪੰਜੋਖਰਾ ਸਾਹਿਬ ਵਿਖੇ ਸੇਵਾ ਸੇਤੂ ਅਭਿਆਨ ਦੇ ਤਹਿਤ ਲੱਗੇਗਾ ਕੈਂਪ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਨਮ ਦਿਨ ਅਤੇ ਜਨਤਕ ਸੇਵਾ ਪ੍ਰਤੀ ਉਨ੍ਹਾਂ ਦੇ 25 ਸਾਲਾਂ ਦੇ ਸਮਰਪਣ ਨੂੰ ਯਾਦ ਕਰਨ ਲਈ ਭਾਰਤੀ ਜਨਤਾ ਪਾਰਟੀ ਦੁਆਰਾ ਆਯੋਜਿਤ ਸੇਵਾ ਸੰਕਲਪ/ਸੇਵਾ ਸੇਤੂ ਅਭਿਆਨ ਦੇ ਹਿੱਸੇ ਵਜੋਂ 17 ਸਤੰਬਰ ਤੋਂ 17 ਅਕਤੂਬਰ 2026 ਤੱਕ ਅੰਬਾਲਾ ਛਾਉਣੀ ਵਿੱਚ ਵੱਖ-ਵੱਖ ਸੇਵਾ ਪ੍ਰੋਜੈਕਟ ਆਯੋਜਿਤ ਕੀਤੇ ਜਾ ਰਹੇ ਹਨ।

ਹਰਿਆਣਾ ਦੇ ਊਰਜਾ, ਆਵਾਜਾਈ ਅਤੇ ਕਿਰਤ ਮੰਤਰੀ ਅਨਿਲ ਵਿਜ ਨੇ ਦੱਸਿਆ ਕਿ ਇਸੇ ਸੰਦਰਭ ਵਿਚ ਭਲਕੇ 28 ਸਤੰਬਰ ਸੋਮਵਾਰ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਅੰਬਾਲਾ ਛਾਉਣੀ ਦੇ ਮਹੇਸ਼ ਨਗਰ ਸਥਿਤ ਬਾਂਕੇ ਬਿਹਾਰੀ ਧਰਮਸ਼ਾਲਾ ਵਿਖੇ ਖ਼ੂਨਦਾਨ ਕੈਂਪ ਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਡਾਕਟਰੀ ਵਿਗਿਆਨ ਨੇ ਸ਼ਾਨਦਾਰ ਤਰੱਕੀ ਕੀਤੀ ਹੈ ਪਰ ਅੱਜ ਤੱਕ ਮਨੁੱਖੀ ਖ਼ੂਨ ਦਾ ਕੋਈ ਨਕਲੀ ਬਦਲ ਪ੍ਰਯੋਗਸ਼ਾਲਾ ਵਿੱਚ ਨਹੀਂ ਬਣਾਇਆ ਗਿਆ। ਖ਼ੂਨ ਸਿਰਫ਼ ਇੱਕ ਮਨੁੱਖੀ ਸਰੀਰ ਤੋਂ ਦੂਜੇ ਮਨੁੱਖੀ ਸਰੀਰ ਵਿੱਚ ਚੜ੍ਹਾਇਆ ਜਾ ਸਕਦਾ ਹੈ। ਊਰਜਾ ਮੰਤਰੀ ਵਿਜ ਨੇ ਦੱਸਿਆ ਕਿ 29 ਸਤੰਬਰ ਨੂੰ ਸੇਵਾ ਸੇਤੂ ਅਭਿਆਨ ਦੇ ਤਹਿਤ ਪਿੰਡ ਪੰਜੋਖਰਾ ਸਾਹਿਬ ਦੇ ਪ੍ਰਾਇਮਰੀ ਸਿਹਤ ਕੇਂਦਰ (ਪੀਐਚਸੀ) ਵਿਖੇ ਵੱਖ-ਵੱਖ ਸਰਕਾਰੀ ਨੀਤੀਆਂ ਅਤੇ ਯੋਜਨਾਵਾਂ ਦੇ ਲਾਭਾਂ ਨੂੰ ਜਨਤਾ ਤੱਕ ਪਹੁੰਚਾਉਣ ਲਈ ਇੱਕ ਕੈਂਪ ਲਾਇਆ ਜਾਵੇਗਾ। ਕੈਂਪ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਅਤੇ ਪ੍ਰਤੀਨਿਧੀ ਮੌਜੂਦ ਰਹਿਣਗੇ। ਲਾਭਪਾਤਰੀਆਂ ਨੂੰ ਮੌਕੇ 'ਤੇ ਹੀ ਵੱਖ-ਵੱਖ ਯੋਜਨਾਵਾਂ ਦਾ ਲਾਭ ਪ੍ਰਦਾਨ ਕੀਤਾ ਜਾਵੇਗਾ। ਕੈਂਪ ਦੌਰਾਨ ਵਿਆਹ ਰਜਿਸਟ੍ਰੇਸ਼ਨ, ਜਨਮ ਅਤੇ ਮੌਤ ਸਰਟੀਫਿਕੇਟ, ਜਾਇਦਾਦ ਟੈਕਸ ਨਿਵਾਰਨ, ਪਰਿਵਾਰਕ ਪਛਾਣ ਪੱਤਰ, ਪ੍ਰਧਾਨ ਮੰਤਰੀ ਸੂਰਜ ਘਰ ਮੁਫ਼ਤ ਬਿਜਲੀ ਯੋਜਨਾ, ਆਧਾਰ ਕਾਰਡ ਅੱਪਡੇਟ, ਲਾਡੋ ਲਕਸ਼ਮੀ ਯੋਜਨਾ, ਪ੍ਰਧਾਨ ਮੰਤਰੀ ਆਵਾਸ ਯੋਜਨਾ ਅਤੇ ਪ੍ਰਧਾਨ ਮੰਤਰੀ ਸਟਰੀਟ ਵੈਂਡਰਜ਼ ਆਤਮ ਨਿਰਭਰ ਨਿਧੀ ਵਰਗੀਆਂ ਮੁੱਖ ਸੇਵਾਵਾਂ ਲਈ ਵਿਸ਼ੇਸ਼ ਕਾਊਂਟਰ ਸਥਾਪਤ ਕੀਤੇ ਜਾਣਗੇ। ਲਾਭਪਾਤਰੀ ਕੈਂਪ ਵਿੱਚ ਇਨ੍ਹਾਂ ਯੋਜਨਾਵਾਂ ਦੇ ਲਾਭ ਪ੍ਰਾਪਤ ਕਰ ਸਕਦੇ ਹਨ।

ਕਿਸਾਨਾਂ ਦੇ ਮੁੱਦਿਆਂ ਨੂੰ ਲੈ ਕੇ ਸੰਘਰਸ਼ ਤੇਜ਼ ਕਰਨ ਦਾ ਸੱਦਾ, ਨਰਿੰਦਰ ਸਿੰਘ ਮਜਾਰਾ ਬਣੇ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ

ਪੈ.ਗਾਮ-ਏ-ਜਗਤ
ਹਰੋਲੀ/ਊਨਾ, 25 ਸਤੰਬਰ (ਰਾਜਵੀਰ ਚੋਪੜਾ)

ਹਿਮਾਚਲ ਕਿਸਾਨ ਸਭਾ ਦਾ 25ਵਾਂ ਜ਼ਿਲ੍ਹਾ ਪੱਧਰੀ ਸੰਮੇਲਨ ਐਤਵਾਰ ਨੂੰ ਸਾਥੀ ਕਰਮਚੰਦ ਹਾਲ ਵਿੱਚ ਸੰਪੰਨ ਹੋਇਆ। ਸੰਮੇਲਨ ਵਿੱਚ ਜ਼ਿਲ੍ਹਾ ਊਨਾ ਦੇ ਵੱਖ-ਵੱਖ ਖੇਤਰਾਂ ਤੋਂ ਕਿਸਾਨ ਨੁਮਾਇੰਦਿਆਂ ਅਤੇ ਡੈਲੀਗੇਟਾਂ ਨੇ ਭਾਗ ਲਿਆ।

ਸੰਮੇਲਨ ਵਿੱਚ ਕਿਸਾਨਾਂ ਦੀਆਂ ਸਮੱਸਿਆਵਾਂ, ਉਨ੍ਹਾਂ ਦੀਆਂ ਮੰਗਾਂ ਅਤੇ ਆਉਣ ਵਾਲੇ ਸੰਘਰਸ਼ਾਂ ਦੀ ਰਣਨੀਤੀ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਸੰਮੇਲਨ ਵਿੱਚ ਹਿਮਾਚਲ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਕੁਲਦੀਪ ਸਿੰਘ ਤੰਵਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸਭਾ ਦੇ ਸਕੱਤਰ ਕੇ.ਕੇ. ਰਾਣਾ ਨੇ ਦੱਸਿਆ ਕਿ ਇਹ ਊਨਾ ਜ਼ਿਲ੍ਹਾ ਕਿਸਾਨ ਸਭਾ ਦਾ 25ਵਾਂ ਸੰਮੇਲਨ ਹੈ।

ਇਸ ਦੌਰਾਨ ਰਣਜੀਤ ਸਿੰਘ ਮਲੂਕਪੁਰ ਨੇ ਪਿਛਲੇ ਕਾਰਜਕਾਲ ਦੀ ਰਿਪੋਰਟ ਪੇਸ਼ ਕੀਤੀ ਅਤੇ ਕਿਸਾਨ ਸਭਾ ਵੱਲੋਂ ਕੀਤੇ ਗਏ



ਸੰਘਰਸ਼ਾਂ ਅਤੇ ਹਾਸਲ ਕੀਤੀਆਂ ਪ੍ਰਾਪਤੀਆਂ ਦਾ ਵੇਰਵਾ ਦਿੱਤਾ।

ਸੂਬਾ ਪ੍ਰਧਾਨ ਕੁਲਦੀਪ ਸਿੰਘ ਤੰਵਰ ਨੇ ਕਿਸਾਨਾਂ ਨਾਲ ਸਬੰਧਤ ਅੰਤਰਰਾਸ਼ਟਰੀ, ਕੌਮੀ ਅਤੇ ਹਿਮਾਚਲ ਪੱਧਰ ਦੀਆਂ ਸਥਿਤੀਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀਆਂ ਮੰਗਾਂ ਅਤੇ ਹੱਕਾਂ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨਾ ਪਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰਾਂ ਉਦਯੋਗਪਤੀਆਂ ਦੇ ਹਿੱਤਾਂ ਨੂੰ ਤਰਜੀਹ ਦੇ ਰਹੀਆਂ ਹਨ ਅਤੇ ਵੱਡੇ ਉਦਯੋਗਪਤੀਆਂ ਦੇ ਭਾਰੀ-ਭਰਕਮ ਕਰਜ਼ੇ ਮੁਆਫ਼ ਕੀਤੇ ਜਾ ਰਹੇ ਹਨ। ਜਦਕਿ ਕਿਸਾਨ ਛੋਟੇ-ਛੋਟੇ ਕਰਜ਼ਿਆਂ ਦੇ ਬੋਝ ਹੇਠ ਪ੍ਰੇਸ਼ਾਨ ਹੋ ਕੇ ਖੁਦਕੁਸ਼ੀ ਵਰਗੇ ਕਦਮ ਚੁੱਕਣ ਲਈ ਮਜਬੂਰ ਹੋ ਰਹੇ ਹਨ।

ਸੰਮੇਲਨ ਵਿੱਚ ਕਿਸਾਨਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਂਦਿਆਂ ਕਿਸਾਨਾਂ ਦੀ ਆਮਦਨ, ਕਰਜ਼ਾ, ਫ਼ਸਲਾਂ ਦੇ ਵਾਜਬ ਭਾਅ, ਖੇਤੀ ਲਾਗਤ ਅਤੇ ਕਿਸਾਨ ਹਿੱਤਾਂ ਨਾਲ ਜੁੜੇ ਹੋਰ ਸਵਾਲਾਂ ਨੂੰ ਲੈ ਕੇ ਸੰਘਰਸ਼ ਨੂੰ ਅੱਗੇ ਵਧਾਉਣ 'ਤੇ ਜ਼ੋਰ ਦਿੱਤਾ ਗਿਆ। ਬੁਲਾਰਿਆਂ ਨੇ ਕਿਹਾ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਸਿਰਫ਼ ਭਰੋਸਿਆਂ ਨਾਲ ਨਹੀਂ, ਸਗੋਂ ਠੋਸ ਨੀਤੀਆਂ ਅਤੇ ਪ੍ਰਭਾਵਸ਼ਾਲੀ ਕਦਮਾਂ ਰਾਹੀਂ ਹੋਣਾ ਚਾਹੀਦਾ ਹੈ। ਸੰਮੇਲਨ ਦੌਰਾਨ 14 ਮੈਂਬਰੀ ਜ਼ਿਲ੍ਹਾ ਕਮੇਟੀ ਦਾ ਗਠਨ ਕੀਤਾ ਗਿਆ। ਇਸ ਵਿੱਚ ਨਰਿੰਦਰ ਸਿੰਘ ਮਜਾਰਾ ਨੂੰ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ, ਕੇ.ਕੇ. ਰਾਣਾ ਨੂੰ ਸਕੱਤਰ ਅਤੇ ਰਣਜੀਤ ਸਿੰਘ ਮਲੂਕਪੁਰ ਨੂੰ ਖ਼ਜ਼ਾਨਚੀ ਚੁਣਿਆ ਗਿਆ। ਇਸ ਤੋਂ ਇਲਾਵਾ ਮਜੀਦ ਖਾਨ ਨੂੰ ਮੀਤ ਪ੍ਰਧਾਨ, ਧਲਮ ਸਿੰਘ ਨੂੰ ਸਹਿ-ਸਕੱਤਰ ਅਤੇ ਜੋਗਾ ਸਿੰਘ ਮਜਾਰਾ, ਕੁਸ਼ਲ ਕੁਮਾਰ, ਸੰਤੋਖ ਸਿੰਘ, ਵਿਕਾਸ ਦੱਤਾ, ਸੁਖਪਾਲ ਸਿੰਘ, ਸੁਰਿੰਦਰ ਸ਼ਰਮਾ, ਸਤੀਸ਼ ਚੌਧਰੀ, ਵਰਹਮਾਨੰਦ ਅਤੇ ਜਸਵਿੰਦਰ ਸਿੰਘ ਨੂੰ ਕਮੇਟੀ ਮੈਂਬਰ ਚੁਣਿਆ ਗਿਆ। ਨਵੀਂ ਜ਼ਿਲ੍ਹਾ ਕਮੇਟੀ ਨੇ ਆਉਣ ਵਾਲੇ ਕਾਰਜਾਂ ਦੀ ਰਣਨੀਤੀ ਬਾਰੇ ਵੀ ਚਰਚਾ ਕੀਤੀ। ਕਿਸਾਨ ਸਭਾ ਨੇ ਸਪੱਸ਼ਟ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਕਿਸਾਨਾਂ ਦੀਆਂ ਮੰਗਾਂ ਅਤੇ ਸਥਾਨਕ ਖੇਤੀਬਾੜੀ ਸਮੱਸਿਆਵਾਂ ਨੂੰ ਲੈ ਕੇ ਪਿੰਡ-ਪਿੰਡ ਸੰਪਰਕ ਅਤੇ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ, ਤਾਂ ਜੋ ਕਿਸਾਨਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਸਰਕਾਰ ਅਤੇ ਪ੍ਰਸ਼ਾਸਨ ਤੱਕ ਪਹੁੰਚਾਇਆ ਜਾ ਸਕੇ।

ਫਤਿਹ ਬੁਰਜ, ਚੱਪੜ ਚਿੜੀ ਤੋਂ ਵਿਸ਼ਵ ਸੈਰ-ਸਪਾਟਾ ਦਿਵਸ ਮੋਟਰਸਾਈਕਲ ਰੈਲੀ ਨੂੰ ਹਰੀ ਝੰਡੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 27 ਸਤੰਬਰ (ਪੈ.ਗਾਮ-ਏ-ਜਗਤ)

- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਸੈਰ-ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਕੁਮਾਰ ਤਿਵਾੜੀ ਨੇ ਕੀਤਾ ਰਵਾਨਾ

ਵਿਸ਼ਵ ਸੈਰ-ਸਪਾਟਾ ਦਿਵਸ-2026 ਦੇ ਜਸ਼ਨਾਂ ਤਹਿਤ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ, ਪੰਜਾਬ ਵੱਲੋਂ ਕਰਵਾਈ ਗਈ ਮੋਟਰਸਾਈਕਲ ਰੈਲੀ ਨੂੰ ਅੱਜ ਇਤਿਹਾਸਕ ਫਤਿਹ ਬੁਰਜ, ਚੱਪੜ ਚਿੜੀ ਤੋਂ ਡਿਪਟੀ ਕਮਿਸ਼ਨਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਕੋਮਲ ਮਿੱਤਲ, ਆਈ.ਏ.ਐਸ. ਅਤੇ ਡਾਇਰੈਕਟਰ, ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਪੰਜਾਬ, ਸੰਜੀਵ ਕੁਮਾਰ ਤਿਵਾੜੀ, ਆਈ.ਐਫ.ਐਸ. ਨੇ ਸਾਂਝੇ ਤੌਰ 'ਤੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

ਇਹ ਮੋਟਰਸਾਈਕਲ ਰੈਲੀ ਵਿਸ਼ਵ ਸੈਰ-ਸਪਾਟਾ ਦਿਵਸ-2026 ਦੇ ਜਸ਼ਨਾਂ ਦਾ ਹਿੱਸਾ ਹੈ, ਜਿਸ ਦਾ ਉਦੇਸ਼ ਪੰਜਾਬ ਦੇ ਵੱਖ-ਵੱਖ ਸੈਰ-ਸਪਾਟਾ ਸਥਾਨਾਂ ਨੂੰ ਲੋਕਾਂ ਨਾਲ ਜੋੜਨਾ ਅਤੇ ਵਿਸ਼ੇਸ਼ ਤੌਰ 'ਤੇ ਵਾਤਾਵਰਣ-ਅਨੁਕੂਲ ਅਤੇ ਸਾਹਸੀ ਸੈਰ-ਸਪਾਟੇ ਦੀਆਂ ਸੰਭਾਵਨਾਵਾਂ ਨੂੰ ਉਤਸ਼ਾਹਿਤ ਕਰਨਾ ਹੈ।

ਇਹ ਰੈਲੀ ਸਵੇਰੇ 6:30 ਵਜੇ ਚੱਪੜ ਚਿੜੀ ਤੋਂ ਸ਼ੁਰੂ ਹੋ ਕੇ ਬਲਾਚੌਰ ਰਾਹੀਂ ਨੇਚਰ ਰਿਟ੍ਰੀਟ ਚੌਹਾਲ, ਹੁਸ਼ਿਆਰਪੁਰ ਵੱਲ ਰਵਾਨਾ ਹੋਈ। ਇਸ ਦੌਰਾਨ ਰੈਲੀ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਰੂਪਨਗਰ, ਸ਼ਹੀਦ ਭਗਤ ਸਿੰਘ ਨਗਰ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚੋਂ ਲੰਘਦਿਆਂ ਆਪਣਾ ਸਫ਼ਰ ਤੈਅ ਕੀਤਾ। ਇਸ ਵਿੱਚ



ਲਗਭਗ 50 ਤੋਂ 60 ਮੋਟਰਸਾਈਕਲ ਸਵਾਰਾਂ ਸਮੇਤ ਅਧਿਕਾਰੀਆਂ, ਕਰਮਚਾਰੀਆਂ ਅਤੇ ਹੋਰ ਭਾਗੀਦਾਰਾਂ ਨੇ ਹਿੱਸਾ ਲਿਆ ਅਤੇ ਕੁੱਲ ਭਾਗੀਦਾਰੀ ਲਗਭਗ 70 ਤੋਂ 75 ਵਿਅਕਤੀਆਂ ਦੀ ਰਹੀ, ਜਿਸ ਵਿੱਚ ਪਿੱਛੇ ਬੈਠਣ ਵਾਲੇ ਸਵਾਰ ਵੀ ਸ਼ਾਮਲ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਆਈ.ਏ.ਐਸ. ਨੇ ਕਿਹਾ ਕਿ ਪੰਜਾਬ ਦਾ ਸੈਰ-ਸਪਾਟਾ ਖੇਤਰ ਸਿਰਫ਼ ਪ੍ਰਸਿੱਧ ਇਤਿਹਾਸਕ ਅਤੇ ਧਾਰਮਿਕ ਸਥਾਨਾਂ ਤੱਕ ਸੀਮਤ ਨਹੀਂ, ਸਗੋਂ ਸੂਬੇ ਦੀ ਕੁਦਰਤੀ ਸੁੰਦਰਤਾ, ਸੱਭਿਆਚਾਰਕ ਵਿਰਾਸਤ ਅਤੇ ਵਿਲੱਖਣ ਸੈਰ-ਸਪਾਟਾ ਅਨੁਭਵ ਵੀ ਇਸ ਦੀ ਅਹਿਮ ਪਛਾਣ ਹਨ।

ਉਨ੍ਹਾਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਸਥਾਨਕ ਵਾਸੀਆਂ ਅਤੇ ਸੈਲਾਨੀਆਂ ਨੂੰ ਪੰਜਾਬ ਦੇ ਕੁਦਰਤੀ, ਸੱਭਿਆਚਾਰਕ ਅਤੇ ਹੋਰ ਸੈਰ-ਸਪਾਟਾ ਸਥਾਨਾਂ ਨੂੰ ਨੇੜਿਓਂ ਜਾਣਨ ਦਾ ਮੌਕਾ ਪ੍ਰਦਾਨ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਜ਼ਿੰਮੇਵਾਰ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਪੰਜਾਬ ਦੀਆਂ ਸੈਰ-ਸਪਾਟਾ ਸੰਭਾਵਨਾਵਾਂ ਬਾਰੇ ਜਾਗਰੂਕਤਾ ਵਧਾਉਣ ਵਿੱਚ ਵੀ ਸਹਾਈ ਹੁੰਦੀਆਂ ਹਨ।ਡਾਇਰੈਕਟਰ, ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਪੰਜਾਬ, ਸੰਜੀਵ ਕੁਮਾਰ ਤਿਵਾੜੀ, ਆਈ.ਐਫ.ਐਸ. ਨੇ ਕਿਹਾ ਕਿ ਵਿਸ਼ਵ ਸੈਰ-ਸਪਾਟਾ ਦਿਵਸ ਮੋਟਰਸਾਈਕਲ ਸਵਾਰੀ ਦਾ ਉਦੇਸ਼ ਸੈਲਾਨੀਆਂ ਨੂੰ ਪੰਜਾਬ ਦੇ ਵੱਖ-ਵੱਖ ਸਥਾਨਾਂ ਨਾਲ ਦਿਲਚਸਪ ਅਤੇ ਅਮਲੀ ਢੰਗ ਨਾਲ ਜੋੜਨਾ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਅਜਿਹੇ ਸੈਰ-ਸਪਾਟਾ ਅਨੁਭਵਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜੋ ਲੋਕਾਂ ਨੂੰ ਸੂਬੇ ਦੇ ਕੁਦਰਤੀ ਅਤੇ ਸੱਭਿਆਚਾਰਕ ਸਰਮਾਏ ਨੂੰ ਨੇੜਿਓਂ ਜਾਣਨ ਅਤੇ ਇਨ੍ਹਾਂ ਸਥਾਨਾਂ ਬਾਰੇ ਵਿਆਪਕ ਪੱਧਰ 'ਤੇ ਜਾਣਕਾਰੀ ਸਾਂਝੀ ਕਰਨ ਲਈ ਪ੍ਰੇਰਿਤ ਕਰਨ। ਰੈਲੀ ਦੀ ਰਵਾਨਗੀ ਤੋਂ ਪਹਿਲਾਂ ਸਾਰੇ ਭਾਗੀਦਾਰਾਂ ਨੂੰ ਆਵਾਜਾਈ ਨਿਯਮਾਂ, ਸੜਕ ਸੁਰੱਖਿਆ, ਅਨੁਸ਼ਾਸਿਤ ਢੰਗ ਨਾਲ ਮੋਟਰਸਾਈਕਲ ਚਲਾਉਣ ਅਤੇ ਲੋੜੀਂਦੀਆਂ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ ਗਈ। ਸ਼ੁਰੂਆਤੀ ਸਥਾਨ 'ਤੇ ਰਜਿਸਟ੍ਰੇਸ਼ਨ, ਜਾਣ-ਪਛਾਣ ਅਤੇ ਹਲਕੇ ਨਾਸ਼ਤੇ ਦਾ ਵੀ ਪ੍ਰਬੰਧ ਕੀਤਾ ਗਿਆ।

ਸੁਖਨਾ ਝੀਲ 'ਤੇ ਸਾਈਕਲੋਥੌਨ ਅਤੇ ਵਾਕਾਥੌਨ ਵਿੱਚ 1500 ਤੋਂ ਵੱਧ ਲੋਕਾਂ ਨੇ ਲਿਆ ਹਿੱਸਾ

ਚੰਡੀਗੜ੍ਹ, (ਪੈ.ਗਾਮ-ਏ-ਜਗਤ)

ਵਿਸ਼ਵ ਦਿਲ ਦਿਵਸ ਦੇ ਮੌਕੇ 'ਤੇ ਲਿਵਾਸਾ ਹਸਪਤਾਲ, ਮੁਹਾਲੀ ਵੱਲੋਂ ਆਯੋਜਿਤ 27-ਦਿਨਾਂ ਫਿਟਨੈਸ ਚੈਲੇਂਜ - ਲਿਵਾਥੌਨ: ਦ ਹਾਰਟਸ ਇਨ ਐਕਸ਼ਨ ਦੇ ਸਮਾਪਨ ਤਹਿਤ ਐਤਵਾਰ ਨੂੰ ਸੁਖਨਾ ਝੀਲ 'ਤੇ 1500 ਤੋਂ ਵੱਧ ਲੋਕ ਸਾਈਕਲੋਥੌਨ ਅਤੇ ਵਾਕਾਥੌਨ ਵਿੱਚ ਹਿੱਸਾ ਲੈਣ ਲਈ ਇਕੱਠੇ ਹੋਏ।

ਮੇਅਰ ਸੌਰਭ ਜੋਸ਼ੀ ਇਸ ਮੌਕੇ ਮੁੱਖ ਮਹਿਮਾਨ ਸਨ, ਜਦਕਿ ਭਾਰਤੀ ਫੌਜ ਦੇ ਸੇਵਾਮੁਕਤ ਲੈਫਟੀਨੈਂਟ ਜਨਰਲ ਕੇ.ਜੇ.ਐਸ. ਢਿੱਲੋਂ ਗੈਸਟ ਆਫ ਆਨਰ ਵਜੋਂ ਹਾਜ਼ਰ ਹੋਏ। ਇਸ ਸਮਾਗਮ ਵਿੱਚ ਵਿਦਿਆਰਥੀਆਂ, ਨੌਜਵਾਨਾਂ, ਪਰਿਵਾਰਾਂ ਅਤੇ ਬਜ਼ੁਰਗਾਂ ਸਮੇਤ ਵੱਖ-ਵੱਖ ਉਮਰ ਵਰਗਾਂ ਦੇ ਲੋਕ ਇਕੱਠੇ ਆਏ, ਜਿਸ ਨਾਲ ਇੱਕ ਉਤਸ਼ਾਹਜਨਕ ਅਤੇ ਸਮਾਵੇਸ਼ੀ ਮਾਹੌਲ ਬਣਿਆ। ਲੋਕਾਂ ਦੀ ਇਸ ਉਤਸ਼ਾਹੀ ਭਾਗੀਦਾਰੀ ਨੇ ਰੋਜ਼ਾਨਾ



ਜੀਵਨ ਦੇ ਹਿੱਸੇ ਵਜੋਂ ਫਿਟਨੈਸ ਅਤੇ ਦਿਲ ਦੀ ਦੇਖਭਾਲ ਪ੍ਰਤੀ ਵਧਦੀ ਜਾਗਰੂਕਤਾ ਨੂੰ ਦਰਸਾਇਆ।

27-ਦਿਨਾਂ ਫਿਟਨੈਸ ਚੈਲੇਂਜ ਨੇ ਭਾਗੀਦਾਰਾਂ ਨੂੰ ਸਰੀਰਕ ਗਤੀਵਿਧੀ ਨੂੰ ਆਪਣੀ ਰੋਜ਼ਾਨਾ ਰੁਟੀਨ ਦਾ ਇੱਕ ਨਿਯਮਤ ਹਿੱਸਾ ਬਣਾਉਣ ਲਈ ਉਤਸ਼ਾਹਿਤ ਕੀਤਾ। ਚੈਲੇਂਜ ਦੇ ਸਮਾਪਨ 'ਤੇ, ਜੇਤੂਆਂ ਨੂੰ ਪੂਰੀ ਮੁਹਿੰਮ ਦੌਰਾਨ ਉਨ੍ਹਾਂ ਦੀ ਵਚਨਬੱਧਤਾ ਅਤੇ ਭਾਗੀਦਾਰੀ ਲਈ ਮੈਡਲ ਅਤੇ ਤੋਹਫ਼ੇ ਦੇ ਕੇ ਸਨਮਾਨਿਤ ਕੀਤਾ ਗਿਆ।

ਪ੍ਰੋਗਰਾਮ ਵਿੱਚ ਜ਼ੁੰਬਾ ਅਤੇ ਹੋਰ ਫਿਟਨੈਸ ਗਤੀਵਿਧੀਆਂ ਵੀ ਸ਼ਾਮਲ ਸਨ, ਜਿਨ੍ਹਾਂ ਨੇ ਸਮਾਗਮ ਵਿੱਚ ਊਰਜਾ ਅਤੇ ਉਤਸ਼ਾਹ ਭਰ ਦਿੱਤਾ। ਇਸ ਪਹਿਲਕਦਮੀ ਨੇ ਭਾਗੀਦਾਰਾਂ ਨੂੰ ਸਿਹਤ ਸੰਭਾਲ ਟੀਮ ਨਾਲ ਗੱਲਬਾਤ ਕਰਨ ਅਤੇ ਸਿਹਤਮੰਦ ਜੀਵਨ ਸ਼ੈਲੀ ਬਣਾਏ ਰੱਖਣ ਅਤੇ ਦਿਲ ਦੀ ਸਿਹਤ ਦੀ ਰੱਖਿਆ ਬਾਰੇ ਹੋਰ ਜਾਣਨ ਦਾ ਮੌਕਾ ਵੀ ਪ੍ਰਦਾਨ ਕੀਤਾ। ਕਾਰਡੀਅਕ ਸਾਇੰਸਜ਼ ਦੇ ਚੇਅਰਮੈਨ ਡਾ. ਐੱਚ.ਕੇ. ਬਾਲੀ ਅਤੇ ਕਾਰਡੀਓਲੋਜੀ ਦੇ ਡਾਇਰੈਕਟਰ ਡਾ. ਅਰਵਿੰਦ ਕੌਲ ਸਮੇਤ ਲਿਵਾਸਾ ਹਸਪਤਾਲ ਮੁਹਾਲੀ ਦੀ ਪੂਰੀ ਕਾਰਡੀਅਕ ਟੀਮ ਪ੍ਰੋਗਰਾਮ ਦੌਰਾਨ ਸਰਗਰਮ ਰੂਪ ਵਿੱਚ ਮੌਜੂਦ ਰਹੀ। ਉਨ੍ਹਾਂ ਨੇ ਭਾਗੀਦਾਰਾਂ ਨਾਲ ਗੱਲਬਾਤ ਕੀਤੀ ਅਤੇ ਦਿਲ ਦੀ ਸਿਹਤ ਅਤੇ ਬਚਾਅ ਪੱਖੀ ਦੇਖਭਾਲ ਬਾਰੇ ਜਾਗਰੂਕਤਾ ਫੈਲਾਈ।

ਲਿਵਾਸਾ ਹਸਪਤਾਲਾਂ ਦੇ ਸੀ.ਈ.ਓ. ਅਨੁਰਾਗ ਯਾਦਵ ਨੇ ਕਿਹਾ, ÷ਲਿਵਾਥੌਨ ਸਿਹਤ ਸੰਭਾਲ ਨੂੰ ਹਸਪਤਾਲ ਦੀਆਂ ਦੀਵਾਰਾਂ ਤੋਂ ਬਾਹਰ ਕੱਢ ਕੇ ਭਾਈਚਾਰੇ ਤੱਕ ਲੈ ਜਾਣ ਦੀ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਅੱਜ ਵੱਖ-ਵੱਖ ਉਮਰ ਵਰਗਾਂ ਦੇ ਲੋਕਾਂ ਦੀ ਜੋ ਭਾਗੀਦਾਰੀ ਅਸੀਂ ਦੇਖੀ ਹੈ, ਉਹ ਵਾਸਤਵ ਵਿੱਚ ਉਤਸ਼ਾਹਜਨਕ ਹੈ। ਫੈਸਿਲਿਟੀ ਡਾਇਰੈਕਟਰ ਡਾ. ਅਭਿਸ਼ੇਕ ਗਰਗ ਨੇ ਕਿਹਾ, ਫਿਟਨੈਸ ਅਤੇ ਦਿਲ ਦੀ ਸਿਹਤ 'ਤੇ ਸਾਂਝੇ ਧਿਆਨ ਦੇ ਮਾਧਿਅਮ ਨਾਲ ਲੋਕਾਂ ਨੂੰ ਇਕੱਠੇ ਲਿਆਉਣਾ ਬੀਮਾਰੀਆਂ ਤੋਂ ਬਚਾਅ ਦੇ ਮਹੱਤਵ ਨੂੰ ਮਜ਼ਬੂਤ ਕਰਦਾ ਹੈ।

ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ ਵਲੋਂ ਕਰਵਾਇਆ ਜੀਵਨ-ਜੁਗਤ ਸੈਮੀਨਾਰ

ਪੈ.ਗਾਮ-ਏ-ਜਗਤ/ਚੰਡੀਗੜ੍ਹ
27 ਸਿਤੰਬਰ (ਹਰਮਿੰਦਰ ਸਿੰਘ ਨਾਗਪਾਲ)



ਗੁਰਮਤਿ ਪ੍ਰਸਾਰ ਸੇਵਾ ਸੋਸਾਇਟੀ (ਰਜਿ.) ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਸੈਕਟਰ 34, ਚੰਡੀਗੜ੍ਹ ਵਿਖੇ ਜੀਵਨ-ਜੁਗਤ ਸੈਮੀਨਾਰ ਕਰਵਾਇਆ ਗਿਆ ਜਾਣਕਾਰੀ ਦਿੰਦਿਆ ਡੀ.ਪੀ. ਸਿੰਘ ਸਾਬਕਾ ਸੀਈਓ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਸਾਬਕਾ ਸੀਈਓ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ,ਸਾਬਕਾ ਡੀਜੀਐਮ ਪੰਜਾਬ ਐਂਡ ਸਿੰਧ ਬੈਂਕ, ਮੈਂਬਰ, ਸਲਾਹਕਾਰ ਅਤੇ ਸਾਬਕਾ ਪ੍ਰਧਾਨ ਜੀਪੀਐਸਐਸ, ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਨੇ ਦੱਸਿਆ ਕਿ ਇਹ ਸੈਮੀਨਾਰ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਗੁਰਗੱਦੀ ਦਿਵਸ ਨੂੰ ਸਮਰਪਿਤ ਸੀ। ਸੈਮੀਨਾਰ ਵਿੱਚ ਲਗਭਗ 125 ਵਿਅਕਤੀਆਂ ਨੇ ਸ਼ਮੂਲੀਅਤ ਕੀਤੀ ਸੈਮੀਨਾਰ ਦਾ ਵਿਸ਼ਾ ਸੇਵਾ ਦਾ ਸਿੱਖ ਸੰਕਲਪ ਸੀ। ਤਿੰਨ ਉੱਘੇ ਬੁਲਾਰਿਆਂ ਨੇ ਸੇਵਾ ਦੇ ਸੰਕਲਪ ਨੂੰ ਅਧਿਆਤਮਿਕ, ਸਮਾਜਿਕ ਅਤੇ ਮਨੋਵਿਗਿਆਨਕ ਦ੍ਰਿਸ਼ਟੀਕੋਣਾਂ ਤੋਂ ਵਿਚਾਰਿਆ।

ਡਾ. ਬ੍ਰਿਜਪਾਲ ਸਿੰਘ (ਸੇਵਾਮੁਕਤ), ਜੋ ਪਹਿਲਾਂ ਐਲ.ਬੀ.ਐਸ. ਨੈਸ਼ਨਲ ਅਕੈਡਮੀ ਆਫ਼ ਐਡਮਿਨਿਸਟ੍ਰੇਸ਼ਨ, ਮਸੂਰੀ ਨਾਲ ਸੰਬੰਧਿਤ ਰਹੇ ਹਨ; ਡਾ. ਅਮਰਦੀਪ ਕੌਰ, ਐਮ.ਸੀ.ਐਮ. ਡੀ.ਏ.ਵੀ. ਕਾਲਜ, ਚੰਡੀਗੜ੍ਹ; ਅਤੇ ਡਾ. ਤਰੁਣਦੀਪ ਸਿੰਘ, ਐਡੀਸ਼ਨਲ ਪ੍ਰੋਫੈਸਰ, ਪੀ.ਜੀ.ਆਈ. ਚੰਡੀਗੜ੍ਹ, ਨੇ ਸੇਵਾ ਦੇ ਵੱਖ-ਵੱਖ ਪੱਖਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਬੁਲਾਰਿਆਂ ਨੇ ਉਜਾਗਰ ਕੀਤਾ ਕਿ ਸੇਵਾ ਸਿੱਖ ਜੀਵਨ ਦਾ ਇੱਕ ਕੇਂਦਰੀ ਸਿਧਾਂਤ ਹੈ, ਜੋ ਨਿਮਰਤਾ ਅਤੇ ਦਇਆ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਸਮਾਜ ਦੀ ਭਲਾਈ ਤੇ ਮਜ਼ਬੂਤੀ ਵਿੱਚ ਯੋਗਦਾਨ ਪਾਉਂਦੀ ਹੈ।

ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਸ. ਹਰਸ਼ ਬੀਰ ਸਿੰਘ ਨੇ ਬੁਲਾਰਿਆਂ ਅਤੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ, ਸੈਕਟਰ 34 ਦੇ ਪ੍ਰਧਾਨ ਸ. ਤੇਜਵੰਤ ਸਿੰਘ ਗਿੱਲ ਦਾ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਸਿੱਖ ਜੀਵਨ ਵਿੱਚ ਸੇਵਾ ਨੂੰ ਇੱਕ ਅਟੁੱਟ ਅੰਗ ਵਜੋਂ ਅਪਣਾਉਣ ਅਤੇ ਇਸ ਦੀ ਭਾਵਨਾ ਨੂੰ ਰੋਜ਼ਾਨਾ ਜੀਵਨ ਵਿੱਚ ਅਮਲ ਵਿੱਚ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ ਬੁਲਾਰਿਆਂ ਅਤੇ ਪ੍ਰਧਾਨ ਸ. ਤੇਜਵੰਤ ਸਿੰਘ ਗਿੱਲ ਨੂੰ ਪ੍ਰਬੰਧਕ ਕਮੇਟੀ ਵੱਲੋਂ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਸੈਮੀਨਾਰ ਦੀ ਸਮਾਪਤੀ ਅਰਦਾਸ ਉਪਰੰਤ ਗੁਰੂ ਕਾ ਲੰਗਰ ਵਰਤਾਉਣ ਨਾਲ ਹੋਈ।

'ਹਮਾਰੇ ਰਾਮ' ਦੀ ਦਿਲਕਸ਼ ਪੇਸ਼ਕਾਰੀ ਨੇ ਜ਼ਿਲ੍ਹਾ ਸੰਗਰੂਰ ਦੇ ਵਾਸੀਆਂ ਨੂੰ ਕੀਲਿਆ; ਆਸ਼ੂਤੋਸ਼ ਰਾਣਾ ਦੀ ਦਮਦਾਰ ਅਦਾਕਾਰੀ ਬਣੀ ਖਿੱਚ ਦਾ ਕੇਂਦਰ

ਲੌਂਗੋਵਾਲ/ਸੰਗਰੂਰ, 27 ਸਤੰਬਰ
(ਪੈ.ਗਾਮ-ਏ-ਜਗਤ)



ਪੰਜਾਬ ਸਰਕਾਰ ਵੱਲੋਂ ਭਗਵਾਨ ਸ੍ਰੀ ਰਾਮ ਦੇ ਸਦੀਵੀ ਉਪਦੇਸ਼ਾਂ, ਜੀਵਨ ਅਤੇ ਆਦਰਸ਼ਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਕਰਵਾਏ ਜਾ ਰਹੇ ਪ੍ਰਸਿੱਧ ਨਾਟਕ 'ਹਮਾਰੇ ਰਾਮ' ਦਾ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜਨੀਅਰਿੰਗ

- **ਕੈਬਨਿਟ ਮੰਤਰੀ ਅਮਨ ਅਰੋੜਾ, ਬਰਿੰਦਰ ਕੁਮਾਰ ਗੋਇਲ ਤੇ ਵਿਧਾਇਕ ਨਰਿੰਦਰ ਕੌਰ ਭਰਾਜ ਉਚੇਚੇ ਤੌਰ 'ਤੇ ਹੋਏ ਸ਼ਾਮਲ**

ਅਤੇ ਟੈਕਨੋਲੋਜੀ, ਲੌਂਗੋਵਾਲ ਦੇ ਆਡੀਟੋਰੀਅਮ ਵਿਖੇ ਸ਼ਾਨਦਾਰ ਮੰਚਨ ਕੀਤਾ ਗਿਆ। ਨਾਟਕ ਦੀ ਵਿਲੱਖਣ ਅਤੇ ਪ੍ਰਭਾਵਸ਼ਾਲੀ ਪੇਸ਼ਕਾਰੀ ਨੇ ਸ਼ੁਰੂ ਤੋਂ ਅੰਤ ਤੱਕ ਦਰਸ਼ਕਾਂ ਨੂੰ ਕੀਲ ਕੇ ਰੱਖਿਆ। ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ ਨੇ ਮੁੱਖ ਭੂਮਿਕਾ ਵਿੱਚ ਦਮਦਾਰ ਅਦਾਕਾਰੀ ਨਾਲ ਦਰਸ਼ਕਾਂ ਦੀ ਖ਼ੂਬ ਵਾਹ-ਵਾਹ ਖੱਟੀ।

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ, ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਅਤੇ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਸਨ। ਇਸ ਮੌਕੇ ਸ੍ਰੀ ਅਰੋੜਾ ਅਤੇ ਗੋਇਲ ਨੇ ਕਿਹਾ ਕਿ 'ਹਮਾਰੇ ਰਾਮ' ਨਾਟਕ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਮੁਫ਼ਤ ਕਰਵਾਏ ਜਾ ਰਹੇ 41 ਥੀਏਟਰ ਸ਼ੋਅ ਦੀ ਸੂਬਾ ਪੱਧਰੀ ਸੱਭਿਆਚਾਰਕ ਮੁਹਿੰਮ ਦਾ ਹਿੱਸਾ ਹੈ। ਇਸ ਦਾ ਉਦੇਸ਼ ਸਮਾਜ ਦੇ ਹਰ ਵਰਗ ਨੂੰ ਭਗਵਾਨ ਸ੍ਰੀ ਰਾਮ ਦੇ ਜੀਵਨ, ਆਦਰਸ਼ਾਂ ਅਤੇ ਸਦੀਵੀ ਸੰਦੇਸ਼ ਨਾਲ ਜੋੜਨਾ ਹੈ।

ਉਨ੍ਹਾਂ ਕਿਹਾ ਕਿ ਥੀਏਟਰ ਦੇ ਪ੍ਰਭਾਵਸ਼ਾਲੀ ਮਾਧਿਅਮ ਰਾਹੀਂ ਸੱਚ, ਧਰਮ, ਦਇਆ, ਏਕਤਾ ਅਤੇ ਮਨੁੱਖਤਾ ਦਾ ਸੰਦੇਸ਼ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਰਵਾਇਤੀ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਲਈ ਇਹ ਇੱਕ ਮਹੱਤਵਪੂਰਨ ਉਪਰਾਲਾ ਹੈ।

ਉਹਨਾਂ ਕਿਹਾ ਕਿ ਨਾਟਕ ਦੀ ਖਾਸੀਅਤ ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ ਦੀ ਪ੍ਰਭਾਵਸ਼ਾਲੀ ਅਦਾਕਾਰੀ ਹੈ, ਜਿਸ ਨੇ ਪੇਸ਼ਕਾਰੀ ਨੂੰ ਹੋਰ ਵੀ ਜੀਵੰਤ ਅਤੇ ਆਕਰਸ਼ਕ ਬਣਾਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰਾਮਾਇਣ ਦੇ ਮਹਾਂਕਾਵਿ ਰਾਹੀਂ ਭਗਵਾਨ ਸ੍ਰੀ ਰਾਮ ਦੇ ਸਦੀਵੀ ਸੰਦੇਸ਼ ਅਤੇ ਆਦਰਸ਼ਾਂ ਨੂੰ ਨਵੀਂ ਪੀੜ੍ਹੀ ਤਕ ਪਹੁੰਚਾਉਣ ਲਈ ਅਜਿਹੇ ਸੱਭਿਆਚਾਰਕ ਉਪਰਾਲਿਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਆਡੀਟੋਰੀਅਮ ਵਿੱਚ ਦਰਸ਼ਕਾਂ ਨੂੰ ਸ਼ੁਰੂਆਤੀ ਦ੍ਰਿਸ਼ ਤੋਂ ਲੈ ਕੇ ਆਖਰੀ ਪਰਦੇ ਤੱਕ ਆਪਣੇ ਨਾਲ ਜੋੜੀ ਰੱਖਿਆ। ਦਮਦਾਰ ਅਦਾਕਾਰੀ, ਪ੍ਰਭਾਵਸ਼ਾਲੀ ਸੰਵਾਦਾਂ, ਰੂਹਾਨੀ ਸੰਗੀਤ, ਸ਼ਾਨਦਾਰ ਵਿਜ਼ੂਅਲਸ ਅਤੇ ਵਿਸ਼ਵ ਪੱਧਰੀ ਸਟੇਜ ਕਲਾ ਦੇ ਸੁਮੇਲ ਨੇ ਦਰਸ਼ਕਾਂ ਲਈ ਭਾਵਨਾਤਮਕ ਅਤੇ ਅਧਿਆਤਮਿਕ ਮਾਹੌਲ ਸਿਰਜਿਆ। ਮਸ਼ਹੂਰ ਅਦਾਕਾਰ ਆਸ਼ੂਤੋਸ਼ ਰਾਣਾ ਵੱਲੋਂ ਰਾਵਣ ਦੀ ਭੂਮਿਕਾ ਨੂੰ ਬੇਹੱਦ ਦਮਦਾਰ ਅੰਦਾਜ਼ ਵਿੱਚ ਨਿਭਾਇਆ ਗਿਆ, ਜਿਸ ਨੂੰ ਦਰਸ਼ਕਾਂ ਵੱਲੋਂ ਖ਼ੂਬ ਤਾਲੀਆਂ ਮਿਲੀਆਂ। ਇਸੇ ਤਰ੍ਹਾਂ ਹੋਰਨਾਂ ਕਲਾਕਾਰਾਂ ਨੇ ਵੀ ਮਹਾਂਕਾਵਿ ਦੇ ਵੱਖ-ਵੱਖ ਪਾਤਰਾਂ ਨੂੰ ਪੂਰੀ ਸ਼ਿੱਦਤ ਅਤੇ ਜੀਵੰਤਤਾ ਨਾਲ ਪੇਸ਼ ਕੀਤਾ। ਨਾਟਕ ਦੀ ਭਾਵਨਾਤਮਕ ਡੂੰਘਾਈ, ਸ਼ਰਧਾ ਭਰੇ ਮਾਹੌਲ ਅਤੇ ਕਲਾਤਮਕ ਪੇਸ਼ਕਾਰੀ ਨੇ ਦਰਸ਼ਕਾਂ ਦੇ ਦਿਲਾਂ ਨੂੰ ਛੂਹਿਆ ਅਤੇ ਇਹ ਸ਼ਾਮ ਭਾਰਤ ਦੀ ਅਮੀਰ ਅਧਿਆਤਮਿਕ ਤੇ ਸੱਭਿਆਚਾਰਕ ਵਿਰਾਸਤ ਨਾਲ ਜੁੜਿਆ ਯਾਦਗਾਰ ਅਨੁਭਵ ਬਣ ਗਈ।

ਜ਼ਿਕਰਯੋਗ ਹੈ ਕਿ 'ਹਮਾਰੇ ਰਾਮ' ਮਹਾਨ ਮਹਾਂਕਾਵਿ ਰਾਮਾਇਣ 'ਤੇ ਆਧਾਰਿਤ ਵੱਡੇ ਪੱਧਰ ਦਾ ਨਾਟਕ ਹੈ, ਜੋ ਵਾਲਮੀਕਿ ਰਾਮਾਇਣ ਦੇ ਅਧਿਆਤਮਿਕ ਤੱਤਾਂ ਨਾਲ ਜੁੜੇ ਭਗਵਾਨ ਸ੍ਰੀ ਰਾਮ ਦੇ ਜੀਵਨ, ਆਦਰਸ਼ਾਂ ਅਤੇ ਵਿਚਾਰਧਾਰਾ ਨੂੰ ਆਧੁਨਿਕ ਨਾਟਕੀ ਰੂਪ ਵਿੱਚ ਪੇਸ਼ ਕਰਦਾ ਹੈ। ਗੌਰਵ ਭਾਰਦਵਾਜ ਵੱਲੋਂ ਨਿਰਦੇਸ਼ਿਤ ਅਤੇ ਫੈਲੀਸਿਟੀ ਥੀਏਟਰ ਵੱਲੋਂ ਨਿਰਮਿਤ ਇਸ ਨਾਟਕ ਵਿੱਚ ਆਸ਼ੂਤੋਸ਼ ਰਾਣਾ ਰਾਵਣ ਦੀ ਭੂਮਿਕਾ ਨਿਭਾਅ ਰਹੇ ਹਨ, ਜਦਕਿ ਉਨ੍ਹਾਂ ਦੇ ਨਾਲ ਕਈ ਹੋਰ ਉੱਘੇ ਕਲਾਕਾਰ ਵੀ ਆਪਣੀ ਅਦਾਕਾਰੀ ਦੇ ਜੌਹਰ ਦਿਖਾ ਰਹੇ ਹਨ। 'ਹਮਾਰੇ ਰਾਮ' ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ, ਖਾਸ ਕਰਕੇ ਨੌਜਵਾਨ ਪੀੜ੍ਹੀ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ। ਨਾਟਕ ਰਾਮਾਇਣ ਦੀ ਕਥਾ ਨੂੰ ਵਿਲੱਖਣ ਅਤੇ ਅਣਛੂਹੇ ਪਹਿਲੂਆਂ ਰਾਹੀਂ ਪੇਸ਼ ਕਰਦਿਆਂ ਦਰਸ਼ਕਾਂ ਨੂੰ ਭਾਰਤੀ ਸੱਭਿਆਚਾਰ, ਅਧਿਆਤਮਿਕਤਾ ਅਤੇ ਜੀਵਨ ਮੁੱਲਾਂ ਨਾਲ ਜੋੜਨ ਦਾ ਨਿਵੇਕਲਾ ਅਨੁਭਵ ਪ੍ਰਦਾਨ ਕਰਦਾ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਨਮਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ, ਐਸ.ਡੀ.ਐਮ. ਸ੍ਰੀ ਸਤੀਸ਼ ਚੰਦਰ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਅਧਿਕਾਰੀ ਵੀ ਹਾਜ਼ਰ ਸਨ।

ਮੰਤਰੀਆਂ ਦੇ ਸਰਕਾਰੀ ਮਕਾਨਾਂ 'ਤੇ ਦਿੱਲੀ ਨਾਲ ਜੁੜੇ ਲੋਕਾਂ ਦੀ ਪਹੁੰਚ ਕਿਵੇਂ ਬਣੀ? ਮੁੱਖ ਮੰਤਰੀ ਜਵਾਬ ਦੇਣ: ਮਨਪ੍ਰੀਤ ਸਿੰਘ ਇਯਾਲੀ

ਪੈ.ਗਾਮ-ਏ-ਜਗਤ
ਚੰਡੀਗੜ੍ਹ (ਹਰਮਿੰਦਰ ਸਿੰਘ ਨਾਗਪਾਲ)

ਪੰਜਾਬ ਦੀਆਂ ਸਰਕਾਰੀ ਰਿਹਾਇਸ਼ਾਂ ਦਿੱਲੀ ਦੇ ਸਿਆਸੀ ਨੈੱਟਵਰਕ ਦੀਆਂ ਨਿੱਜੀ ਜਾਇਦਾਦ ਨਹੀਂ ਹਨ। ਜੇਕਰ ਮੰਤਰੀਆਂ ਨੂੰ ਅਲਾਟ ਮਕਾਨਾਂ ਵਿੱਚ ਦਿੱਲੀ ਤੇ ਹੋਰ ਰਾਜਾਂ ਨਾਲ ਜੁੜੇ ਲੋਕ ਰਹਿ ਰਹੇ ਹਨ ਤਾਂ ਮੁੱਖ ਮੰਤਰੀ ਭਗਵੰਤ ਮਾਨ ਜਵਾਬ ਦੇਣ ਕਿ ਉਹਨਾਂ ਨੂੰ ਇਹ ਪਹੁੰਚ ਕਿਸ ਨੇ ਅਤੇ ਕਿਸ ਦੇ ਇਸ਼ਾਰੇ 'ਤੇ ਦਿੱਤੀ। ਇਹ ਸਪੱਸ਼ਟ ਕੀਤਾ ਜਾਵੇ ਕਿ ਮੰਤਰੀਆਂ ਦੇ ਸਰਕਾਰੀ ਮਕਾਨਾਂ ਦੀ ਇਹ ਸਹੂਲਤ ਆਖਿਰ ਕਿਸ ਲਈ ਅਤੇ ਕਿਉਂ ਦਿੱਤੀ ਜਾ ਰਹੀ ਹੈ, ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ ਸੀਨੀਅਰ ਆਗੂ ਅਤੇ ਦਾਖਾ ਤੋਂ ਵਿਧਾਇਕ ਸਰਦਾਰ ਮਨਪ੍ਰੀਤ ਸਿੰਘ ਇਯਾਲੀ ਨੇ ਆਪਣੇ ਪ੍ਰੈਸ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਤੇ ਸਵਾਲ ਚੁੱਕਦਿਆਂ ਕਿਹਾ ਕਿ ਮੁੱਖ ਮੰਤਰੀ ਨੂੰ ਦੱਸਣਾ ਪਵੇਗਾ ਕਿ ਮੰਤਰੀਆਂ ਨੂੰ ਮਿਲੇ ਸਰਕਾਰੀ ਮਕਾਨਾਂ ਵਿੱਚ ਦਿੱਲੀ ਤੇ ਹੋਰ ਰਾਜਾਂ ਨਾਲ ਜੁੜੇ ਵਿਅਕਤੀਆਂ ਅਤੇ ਹੋਰ ਬਾਹਰੀ ਲੋਕਾਂ ਦੀ ਰਿਹਾਇਸ਼ ਕਿਸ ਨਿਯਮ ਅਤੇ ਕਿਸ ਅਧਿਕਾਰ ਤਹਿਤ ਹੋ ਰਹੀ ਹੈ।

ਸਰਦਾਰ ਇਯਾਲੀ ਨੇ ਕਿਹਾ ਕਿ ਜੇਕਰ ਮੰਤਰੀਆਂ ਦੇ ਨਾਮ 'ਤੇ ਅਲਾਟ ਸਰਕਾਰੀ ਮਕਾਨਾਂ ਵਿੱਚ ਅਜਿਹੇ ਲੋਕ ਰਹਿ ਰਹੇ ਹਨ, ਜਿਨ੍ਹਾਂ ਦੇ ਨਾਮ 'ਤੇ ਮਕਾਨ ਅਲਾਟ ਹੀ ਨਹੀਂ ਹੋਇਆ, ਤਾਂ ਇਹ ਸਿਰਫ਼ ਮਕਾਨਾਂ ਦਾ ਮਾਮਲਾ ਨਹੀਂ, ਸਗੋਂ ਪੰਜਾਬ ਦੇ ਸਰਕਾਰੀ ਸਰੋਤਾਂ ਦੀ ਦੁਰਵਰਤੋਂ ਬਾਰੇ ਗੰਭੀਰ ਪ੍ਰਸ਼ਾਸਕੀ ਸਵਾਲ ਹੈ। ਮੁੱਖ ਮੰਤਰੀ ਇਹ ਸਪੱਸ਼ਟ ਕਰਨ ਕਿ ਅਜਿਹੇ ਲੋਕਾਂ ਨੂੰ ਮਕਾਨਾਂ ਵਿੱਚ ਪੱਕੇ ਤੌਰ ਤੇ ਰਹਿਣ ਦੀ ਇਜਾਜ਼ਤ ਕਿਸ ਨੇ ਦਿੱਤੀ ਅਤੇ ਕਿਸ ਨਿਯਮ ਤਹਿਤ ਦਿੱਤੀ।

- **ਪੰਜਾਬ ਦੇ ਸਰੋਤਾਂ ਨੂੰ ਆਪਣੀ ਜਾਗੀਰ ਸਮਝਣਾ ਬੰਦ ਕਰੇ ਦਿੱਲੀ ਦਾ ਸਿਆਸੀ ਨੈੱਟਵਰਕ: ਇਯਾਲੀ**



ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕ ਇਹ ਸਵਾਲ ਪੁੱਛਣ ਰਹੇ ਹਨ ਕਿ ਪੰਜਾਬ ਦੀ ਸਰਕਾਰ ਦੇ ਸਰੋਤ ਹੁਣ ਦਿੱਲੀ ਤੋਂ ਆਉਣ ਵਾਲੇ ਸਿਆਸੀ ਲੋਕਾਂ ਅਤੇ ਉਨ੍ਹਾਂ ਨਾਲ ਜੁੜੇ ਵਿਅਕਤੀਆਂ ਲਈ ਕਿਉਂ ਵਰਤੇ ਜਾ ਰਹੇ ਹਨ? ਜੇਕਰ ਪੰਜਾਬ ਸਰਕਾਰ ਕੋਲ ਜਵਾਬ 'ਨਹੀਂ' ਹੈ ਤਾਂ ਸਰਕਾਰ ਹਰ ਅਜਿਹੇ ਮਕਾਨ ਦੀ ਅਲਾਟਮੈਂਟ ਅਤੇ ਕਬਜ਼ੇ ਦਾ ਰਿਕਾਰਡ ਜਨਤਕ ਕਰੇ।

ਸਰਦਾਰ ਇਯਾਲੀ ਨੇ ਕਿਹਾ ਕਿ ਦਿੱਲੀ ਦੀ ਸਿਆਸਤ ਦਾ ਪੰਜਾਬ ਦੀ ਨੀਤੀ-ਨਿਰਧਾਰਨ ਅਤੇ ਪ੍ਰਸ਼ਾਸਨ ਵਿੱਚ ਵੱਧਦਾ ਪ੍ਰਭਾਵ ਪਹਿਲਾਂ ਹੀ ਪੰਜਾਬ ਦੇ ਲੋਕ ਭਲੀ ਭਾਂਤਿ ਜਾਣਦੇ ਹਨ। ਹੁਣ ਜੇਕਰ ਇਸ ਤੋਂ ਅੱਗੇ ਵਧ ਕੇ ਸਰਕਾਰੀ ਮਕਾਨ ਅਤੇ ਸਰਕਾਰੀ ਸਹੂਲਤਾਂ ਵੀ ਬਾਹਰੋਂ ਆਏ ਲੋਕਾਂ ਦੀ ਵਰਤੋਂ ਵਿੱਚ ਆ ਰਹੀਆਂ ਹਨ ਤਾਂ ਸਰਕਾਰ ਨੂੰ ਇਸ ਦਾ ਪੂਰਾ ਹਿਸਾਬ ਪੰਜਾਬ ਦੀ ਜਨਤਾ ਸਾਮ?ਹਣੇ ਰੱਖਣਾ ਪਵੇਗਾ। ਉਨ੍ਹਾਂ ਨੇ ਕਿਹਾ, ਸਰਕਾਰੀ ਸਰੋਤ ਕਿਸੇ ਵੀ ਸਿਆਸੀ ਪਾਰਟੀ ਦੇ ਨਿੱਜੀ ਨੈੱਟਵਰਕ ਦੀ ਜਾਇਦਾਦ ਨਹੀਂ ਹਨ। ਜੇਕਰ ਕਿਸੇ ਬਾਹਰੀ ਵਿਅਕਤੀ ਨੂੰ ਸਰਕਾਰੀ ਮਕਾਨ ਦਿੱਤਾ ਗਿਆ ਹੈ ਤਾਂ ਅਲਾਟਮੈਂਟ ਦਾ ਹੁਕਮ ਅਤੇ ਕਾਨੂੰਨੀ ਆਧਾਰ ਜਨਤਕ ਕੀਤਾ ਜਾਵੇ।

ਇਯਾਲੀ ਨੇ ਮੰਗ ਕੀਤੀ ਕਿ ਚੰਡੀਗੜ੍ਹ ਸਥਿਤ ਸਾਰੇ ਪੰਜਾਬ ਸਰਕਾਰੀ ਮਕਾਨਾਂ ਦਾ ਵ?ਹਾਈਟ ਪੇਪਰ ਜਾਰੀ ਕੀਤਾ ਜਾਵੇ, ਜਿਸ ਵਿੱਚ ਮਕਾਨ ਨੰਬਰ, ਅਲਾਟੀ ਦਾ ਨਾਮ, ਅਲਾਟਮੈਂਟ ਦੀ ਮਿਤੀ, ਅਲਾਟਮੈਂਟ ਦਾ ਆਧਾਰ ਅਤੇ ਮੌਜੂਦਾ ਕਬਜ਼ੇਦਾਰ ਦੀ ਜਾਣਕਾਰੀ ਨਿਯਮਾਂ ਅਨੁਸਾਰ ਜਨਤਕ ਕੀਤੀ ਜਾਵੇ। ਜਿੱਥੇ ਗੈਰ-ਅਧਿਕਾਰਤ ਕਬਜ਼ਾ ਮਿਲੇ, ਉੱਥੇ ਮਕਾਨ ਖਾਲੀ ਕਰਵਾ ਕੇ ਨਿਯਮਾਂ ਅਨੁਸਾਰ ਪੈਨਲ ਰੈਂਟ ਵਸੂਲ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਸਰੋਤਾਂ ਦੀ ਵਰਤੋਂ ਦਾ ਹਿਸਾਬ ਦੇਣਾ ਮੁੱਖ ਮੰਤਰੀ ਦੀ ਜ਼ਿੰਮੇਵਾਰੀ ਹੈ ਅਤੇ ਇਸ ਮਾਮਲੇ ਵਿੱਚ ਕਿਸੇ ਵੀ ਪੱਧਰ 'ਤੇ ਸਿਆਸੀ ਸਰਪ੍ਰਸਤੀ ਜਾਂ ਦੋਹਰੇ ਮਾਪਦੰਡ ਬਰਦਾਸ਼ਤ ਨਹੀਂ ਕੀਤੇ ਜਾ ਸਕਦੇ।

ਸਰਦਾਰ ਇਯਾਲੀ ਨੇ ਕਿਹਾ ਕਿ ਪੰਜਾਬ ਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਪੰਜਾਬ ਦੇ ਸਰੋਤਾਂ ਦੀ ਰਾਖੀ ਕਰੇ, ਨਾ ਕਿ ਇਹ ਸਵਾਲ ਖੜ੍ਹੇ ਹੋਣ ਦੇਵੇ ਕਿ ÷ਪੰਜਾਬ ਦਾ ਮਾਲ, ਫੈਸਲੇ ਅਤੇ ਸਰਕਾਰੀ ਸਹੂਲਤਾਂ ਕਿਸ ਦੇ ਹੱਥ ਵਿੱਚ ਹਨ?"ਉਨ੍ਹਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਸਰਕਾਰ ਬਿਆਨਾਂ ਦੀ ਬਜਾਏ ਦਸਤਾਵੇਜ਼ ਸਾਹਮਣੇ ਲਿਆਵੇ ਅਤੇ ਦੱਸੇ ਕਿ ਕਿਹੜੇ ਵਿਅਕਤੀ ਨੂੰ ਕਿਹੜਾ ਸਰਕਾਰੀ ਮਕਾਨ, ਕਿਹੜੇ ਨਿਯਮ ਤਹਿਤ ਅਤੇ ਕਿਉਂ ਦਿੱਤਾ ਗਿਆ ਹੈ। ਪੰਜਾਬ ਦੇ ਲੋਕਾਂ ਨੂੰ ਇਸ ਸਵਾਲ ਦਾ ਜਵਾਬ ਮਿਲਣਾ ਚਾਹੀਦਾ ਹੈ।

ਧੂਰੀ ਬਲਾਕ ਵਿੱਚ "ਨਿੱਕੇ ਕਦਮ" ਪ੍ਰੋਗਰਾਮ ਤਹਿਤ 145 ਆਂਗਣਵਾੜੀ ਵਰਕਰਾਂ ਦੀ ਟ੍ਰੇਨਿੰਗ

ਧੂਰੀ, 27 ਸਤੰਬਰ
(ਪੈ.ਗਾਮ-ਏ-ਜਗਤ)



ਧੂਰੀ ਬਲਾਕ ਵਿੱਚ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੇ "ਨਿੱਕੇ ਕਦਮ"ਪ੍ਰੋਗਰਾਮ ਤਹਿਤ 21 ਸਤੰਬਰ ਤੋਂ 25 ਸਤੰਬਰ 2026 ਤਕ ਆਂਗਣਵਾੜੀ ਵਰਕਰਾਂ ਲਈ ਵਿਸ਼ੇਸ਼ ਟ੍ਰੇਨਿੰਗ ਕਰਵਾਈ ਗਈ। ਇਹ ਪ੍ਰੋਗਰਾਮ 0 ਤੋਂ 3 ਸਾਲ ਦੇ ਬੱਚਿਆਂ ਦੇ ਸਰਵਪੱਖੀ ਵਿਕਾਸ ਅਤੇ ਮਾਪਿਆਂ ਦੀ ਬੱਚਿਆਂ ਦੇ ਵਿਕਾਸ ਵਿੱਚ ਭਾਗੀਦਾਰੀ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਚਲਾਇਆ ਜਾ ਰਿਹਾ ਹੈ।

ਇਹ ਟ੍ਰੇਨਿੰਗ ਜ਼ਿਲ੍ਹਾ ਪ੍ਰੋਗਰਾਮ ਅਫਸਰ ਪ੍ਰਦੀਪ ਸਿੰਘ ਗਿੱਲ ਅਤੇ ਬਾਲ ਵਿਕਾਸ ਪ੍ਰੋਜੈਕਟ ਅਫਸਰ ਹਰਬੰਸ ਸਿੰਘ ਦੀ ਰਹਿਨੁਮਾਈ ਹੇਠ ਪ੍ਰੋਗਰਾਮ ਮੈਨੇਜਰ ਆਦਿਤਿਆ ਸ਼ਰਮਾ ਵੱਲੋਂ ਕਰਵਾਈ ਗਈ। ਟ੍ਰੇਨਿੰਗ ਦੌਰਾਨ ਕੁੱਲ 145 ਆਂਗਣਵਾੜੀ ਵਰਕਰਾਂ ਨੂੰ "ਨਿੱਕੇ ਕਦਮ" ਪ੍ਰੋਗਰਾਮ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਅਤੇ ਮਾਰਗਦਰਸ਼ਨ ਦਿੱਤਾ ਗਿਆ।

ਟ੍ਰੇਨਿੰਗ ਦੌਰਾਨ ਆਂਗਣਵਾੜੀ ਵਰਕਰਾਂ ਨੂੰ ਮਾਪੇ-ਆਂਗਣਵਾੜੀ ਮੀਟਿੰਗ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਮਾਪਿਆਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੁੜਨ ਲਈ ਮਾਪੇ-ਆਂਗਣਵਾੜੀ ਮੀਟਿੰਗ ਸਬੰਧੀ ਪੋਸਟਰ ਅਤੇ ਹੋਰ ਲੋੜੀਂਦੀ ਸਮੱਗਰੀ ਸਾਂਝੀ ਕੀਤੀ ਗਈ। ਇਸ ਤੋਂ ਇਲਾਵਾ, ਮਾਪਿਆਂ ਨੂੰ ਪ੍ਰੋਗਰਾਮ ਨਾਲ ਜੋੜਨ ਲਈ ਕਿਊ.ਆਰ. ਕੋਡ ਦੀ ਵਰਤੋਂ ਅਤੇ ਇਸ ਰਾਹੀਂ ਬੱਚਿਆਂ ਨੂੰ ਪ੍ਰੋਗਰਾਮ ਨਾਲ ਜੋੜਨ ਦੀ ਪ੍ਰਕਿਰਿਆ ਬਾਰੇ ਵੀ ਜਾਣਕਾਰੀ ਦਿੱਤੀ ਗਈ।

ਇਹ ਟ੍ਰੇਨਿੰਗ ਸੁਪਰਵਾਈਜ਼ਰਾਂ ਦੇ ਸਹਿਯੋਗ ਨਾਲ ਕਰਵਾਈ ਗਈ, ਤਾਂ ਜੋ 0 ਤੋਂ 3 ਸਾਲ ਦੇ ਬੱਚਿਆਂ ਦੇ ਮਾਪਿਆਂ ਤਕ "ਨਿੱਕੇ ਕਦਮ" ਪ੍ਰੋਗਰਾਮ ਦਾ ਲਾਭ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਇਆ ਜਾ ਸਕੇ। ਇਸ ਦੌਰਾਨ ਸੁਪਰਵਾਈਜ਼ਰ ਜੋਤੀ ਘੰਡ ਅਤੇ ਸੁਖਵੀਰ ਕੌਰ ਵੱਲੋਂ ਵੀ ਪੂਰਨ ਸਹਿਯੋਗ ਅਤੇ ਤਾਲਮੇਲ ਪ੍ਰਦਾਨ ਕੀਤਾ ਗਿਆ।

ਹੈਬਤਪੁਰ ਵਿਖੇ ਨੌਜਵਾਨਾਂ ਨੂੰ ਵਾਲੀਬਾਲ ਕਿੱਟ ਭੇਂਟ : ਗੁਰਸੇਵਕ ਸਿੰਘ ਪੁਆਧੀ

ਪੈ.ਗਾਮ-ਏ-ਜਗਤ
ਡੇਰਾਬੱਸੀ, (ਸੰਜੀਵ ਸਿੰਘ ਸੈਣੀ)



ਪਿੰਡ ਹੈਬਤਪੁਰ ਵਿਖੇ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਨਵੇਂ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਵਿੱਚ ਪਹੁੰਚ ਕੇ ਸ. ਗੁਰਸੇਵਕ ਸਿੰਘ ਪੁਆਧੀ, ਸੰਗਠਨ ਇੰਚਾਰਜ ਹਲਕਾ ਡੇਰਾਬੱਸੀ ਅਤੇ ਚੇਅਰਮੈਨ ਮਾਰਕੀਟ ਕਮੇਟੀ ਲਾਲੜੂ ਵੱਲੋਂ ਨੌਜਵਾਨਾਂ ਨੂੰ ਵਾਲੀਬਾਲ ਕਿੱਟ ਭੇਟ ਕੀਤੀ ਗਈ। ਸ. ਪੁਆਧੀ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਡਾ ਮਕਸਦ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣਾ ਅਤੇ ਉਨ੍ਹਾਂ ਨੂੰ ਖੇਡਾਂ ਰਾਹੀਂ ਅੱਗੇ ਵਧਣ ਲਈ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤੀ, ਅਨੁਸ਼ਾਸਨ ਅਤੇ ਮਿਹਨਤ ਦਾ ਰਾਹ ਦਿਖਾਉਂਦੀਆਂ ਹਨ। ਨੌਜਵਾਨ ਖੇਡਾਂ ਵਿੱਚ ਮੱਲਾਂ ਮਾਰਨ ਅਤੇ ਆਪਣੇ ਪਿੰਡ ਦੇ ਨਾਲ-ਨਾਲ ਪੰਜਾਬ ਦਾ ਨਾਮ ਵੀ ਰੌਸ਼ਨ ਕਰਨ। ਖੇਡਾਂ ਨਾਲ ਜੁੜੋ—ਨਸ਼ਿਆਂ ਤੋਂ ਦੂਰ ਰਹੋ। ਇਸ ਮੌਕੇ ਪਿੰਡ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਮੌਜੂਦ ਸਨ।

ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਧੂਰੀ ਸ਼ਹਿਰ 'ਚ ਕਰੀਬ 90 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ

ਕਿਹਾ, ਨਿਰਧਾਰਤ ਸਮੇਂ 'ਚ ਵਿਕਾਸ ਕਾਰਜ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ

ਧੂਰੀ, 27 ਸਤੰਬਰ
(ਪੈ.ਗਾਮ-ਏ-ਜਗਤ)



ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਧੂਰੀ ਸ਼ਹਿਰ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਮੁੱਖ ਮੰਤਰੀ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਅੱਜ ਧੂਰੀ ਸ਼ਹਿਰ ਵਿੱਚ ਕਰੀਬ 90 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ।

ਇਸ ਮੌਕੇ ਉਨ੍ਹਾਂ ਦੱਸਿਆ ਕਿ ਧੂਰੀ ਸ਼ਹਿਰ ਦੀ ਬੈਂਕ ਰੋਡ, ਸ਼ੂਗਰ ਮਿੱਲ ਰੋਡ, ਪਾਠਸ਼ਾਲਾ ਰੋਡ ਅਤੇ ਕੱਕੜਵਾਲ ਤੋਂ ਡਬਲ ਫਾਟਕ ਤੱਕ ਚਾਰ ਮੁੱਖ ਸੜਕਾਂ ਦੇ ਨਿਰਮਾਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਇਨ੍ਹਾਂ ਸਾਰੇ ਕਾਰਜਾਂ ਨੂੰ ਨਿਰਧਾਰਤ ਸਮੇਂ ਵਿੱਚ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਲਾਇਬ੍ਰੇਰੀ ਵਿੱਚ ਬਣ ਰਹੇ ਪਾਰਕ, ਕਲਾਕ ਟਾਵਰ ਅਤੇ ਬੈਡਮਿੰਟਨ ਕੋਰਟ ਦੇ ਨਿਰਮਾਣ ਕਾਰਜ ਵੀ ਆਉਣ ਵਾਲੇ ਕੁਝ ਦਿਨਾਂ ਵਿੱਚ ਮੁਕੰਮਲ ਹੋ ਜਾਣਗੇ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਸਿਹਤ ਸਹੂਲਤਾਂ ਸਬੰਧੀ ਓ.ਐਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਧੂਰੀ ਹਸਪਤਾਲ ਲਈ ਨਵੀਆਂ ਅਸਾਮੀਆਂ ਨੂੰ ਮਨਜ਼ੂਰੀ ਮਿਲ ਚੁੱਕੀ ਹੈ, ਜਿਨ੍ਹਾਂ ਨੂੰ ਜਲਦ ਭਰਿਆ ਜਾਵੇਗਾ। ਇਸ ਨਾਲ ਹਸਪਤਾਲ ਵਿੱਚ ਮਰੀਜ਼ਾਂ ਨੂੰ ਹੋਰ ਬਿਹਤਰ ਅਤੇ ਸੁਚਾਰੂ ਸਿਹਤ ਸੇਵਾਵਾਂ ਮਿਲ ਸਕਣਗੀਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਚਾਰ ਸਾਲਾਂ ਤੋਂ ਧੂਰੀ ਸ਼ਹਿਰ ਅਤੇ ਹਲਕੇ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਸਬੰਧਤ ਠੇਕੇਦਾਰਾਂ ਤੇ ਏਜੰਸੀਆਂ ਨੂੰ ਨਿਰਧਾਰਤ ਸਮਾਂ-ਸੀਮਾ ਅਨੁਸਾਰ ਕੰਮ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਧੂਰੀ ਹਲਕੇ ਦੇ ਸਾਰੇ ਪਿੰਡਾਂ ਵਿੱਚ ਲੋਕਾਂ ਨਾਲ ਲਗਾਤਾਰ ਰਾਬਤਾ ਕਾਇਮ ਕਰਦਿਆਂ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਇਸ ਮੌਕੇ ਨਗਰ ਕੌਂਸਲ ਧੂਰੀ ਦੇ ਪ੍ਰਧਾਨ ਅਮਰਜੋਤ ਕੌਰ ਬਾਜਵਾ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਰੂਬਲ ਬਾਜਵਾ, ਗਗਨ ਜਵੰਧਾ ਸਮੇਤ ਸਮੂਹ ਐਮ.ਸੀ. ਸਾਹਿਬਾਨ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਸਾਡੇ ਕੰਮ ਹੀ ਸਾਡੀ ਪਛਾਣ; ਕੰਮਾਂ ਦੇ ਆਧਾਰ 'ਤੇ ਹੀ ਪੈਣਗੀਆਂ ਵੋਟਾਂ : ਬਰਿੰਦਰ ਕੁਮਾਰ ਗੋਇਲ

ਲਹਿਰਾਗਾਗਾ, 27 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸੌਰਭ ਕੰਪਲੈਕਸ, ਲਹਿਰਾਗਾਗਾ ਵਿਖੇ ਆਮ ਆਦਮੀ ਪਾਰਟੀ ਦੇ ਆਗੂਆਂ, ਅਹੁਦੇਦਾਰਾਂ, ਵਰਕਰਾਂ ਅਤੇ ਵਲੰਟੀਅਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਪਾਰਟੀ ਦੀ ਡੋਰ-ਟੂ-ਡੋਰ ਅਤੇ ਮੈਂਬਰਸ਼ਿਪ ਮੁਹਿੰਮ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਹਰ ਘਰ ਤੱਕ ਪਹੁੰਚਾਉਣ ਲਈ ਵਰਕਰਾਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ।

- **'ਆਪ' ਦੀ ਮੈਂਬਰਸ਼ਿਪ ਅਤੇ ਡੋਰ-ਟੂ-ਡੋਰ ਮੁਹਿੰਮ ਦੀ ਪ੍ਰਗਤੀ ਦਾ ਲਿਆ ਜਾਇਜ਼ਾ; ਹਰ ਘਰ ਤੱਕ ਸਰਕਾਰ ਦਾ ਰਿਪੋਰਟ ਕਾਰਡ ਪਹੁੰਚਾਉਣ ਦੀ ਹਦਾਇਤ**



ਮੀਟਿੰਗ ਨੂੰ ਸੰਬੋਧਨ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਇਸ ਦੇ ਮਿਹਨਤੀ ਵਰਕਰ ਅਤੇ ਵਲੰਟੀਅਰ ਹਨ, ਜਿਨ੍ਹਾਂ ਨੇ ਹਮੇਸ਼ਾ ਲੋਕਾਂ ਵਿਚਕਾਰ ਰਹਿ ਕੇ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨਾਲ ਜੁੜਨ ਵਾਲੇ ਨਵੇਂ ਮੈਂਬਰ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸੰਪਰਕ ਨੂੰ ਹੋਰ ਮਜ਼ਬੂਤ ਕਰਨਗੇ।

ਕੈਬਨਿਟ ਮੰਤਰੀ ਨੇ ਪਾਰਟੀ ਵਰਕਰਾਂ ਨੂੰ ਹਦਾਇਤ ਕੀਤੀ ਕਿ ਉਹ ਹਰ ਪਿੰਡ, ਹਰ ਵਾਰਡ, ਹਰ ਮੁਹੱਲੇ ਅਤੇ ਹਰ ਘਰ ਤੱਕ ਪਹੁੰਚ ਕਰਕੇ ਸਰਕਾਰ ਵੱਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਲੋਕ-ਭਲਾਈ ਸਕੀਮਾਂ ਬਾਰੇ ਜਾਣਕਾਰੀ ਦੇਣ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮੱਸਿਆਵਾਂ, ਰਾਏ ਅਤੇ ਸੁਝਾਅ ਵੀ ਗੰਭੀਰਤਾ ਨਾਲ ਸੁਣੇ ਜਾਣ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਿਆਸਤ ਦਾ ਮੁੱਢਲਾ ਸਿਧਾਂਤ ਲੋਕਾਂ ਵਿਚਕਾਰ ਰਹਿ ਕੇ ਉਨ੍ਹਾਂ ਨਾਲ ਸਿੱਧਾ ਰਾਬਤਾ ਕਾਇਮ ਕਰਨਾ ਅਤੇ ਕੀਤੇ ਗਏ ਕੰਮਾਂ ਲਈ ਲੋਕਾਂ ਪ੍ਰਤੀ ਜਵਾਬਦੇਹੀ ਨਿਭਾਉਣਾ ਹੈ। ਇਸੇ ਸੋਚ ਤਹਿਤ ਪਾਰਟੀ ਦੇ ਵਰਕਰ ਅਤੇ ਵਲੰਟੀਅਰ ਪੰਜਾਬ ਦੇ ਘਰ-ਘਰ ਪਹੁੰਚ ਕੇ ਸੂਬਾ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਲੋਕਾਂ ਸਾਹਮਣੇ ਰੱਖ ਰਹੇ ਹਨ।

ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਸੂਬਾ ਪੱਧਰੀ ਮੁਹਿੰਮ ਤਹਿਤ ਇੱਕ ਵਿਸ਼ੇਸ਼ ਪੈਂਫਲੇਟ-ਕਮ-ਰਿਪੋਰਟ ਕਾਰਡ ਵੀ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਵਿੱਚ ਸਰਕਾਰ ਵੱਲੋਂ ਬਿਜਲੀ, ਸਿਹਤ, ਸਿੱਖਿਆ, ਮਹਿਲਾ ਭਲਾਈ ਅਤੇ ਹੋਰ ਖੇਤਰਾਂ ਵਿੱਚ ਕੀਤੀਆਂ ਪਹਿਲਕਦਮੀਆਂ ਦੇ ਨਾਲ-ਨਾਲ ਇਨ੍ਹਾਂ ਰਾਹੀਂ ਪਰਿਵਾਰਾਂ ਨੂੰ ਹੋਣ ਵਾਲੀ ਬੱਚਤ ਦਾ ਵੇਰਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸਰਕਾਰ ਦੇ ਕੰਮਾਂ ਦਾ ਲੇਖਾ-ਜੋਖਾ ਲੋਕਾਂ ਸਾਹਮਣੇ ਪੇਸ਼ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਰਾਏ ਅਤੇ ਸੁਝਾਅ ਪ੍ਰਾਪਤ ਕਰਨਾ ਵੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਪਰਿਵਾਰ ਦੀ ਰੋਜ਼ਾਨਾ ਜ਼ਿੰਦਗੀ ਨਾਲ ਜੁੜੇ ਖ਼ਰਚਿਆਂ ਨੂੰ ਘਟਾਉਣ ਨੂੰ ਆਪਣੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਵੱਡੀ ਗਿਣਤੀ ਵਿੱਚ ਘਰੇਲੂ ਖਪਤਕਾਰਾਂ ਨੂੰ ਬਿਜਲੀ ਬਿੱਲਾਂ ਤੋਂ ਰਾਹਤ ਮਿਲੀ ਹੈ। ਇਸੇ ਤਰ੍ਹਾਂ ਸਰਕਾਰੀ ਸਿਹਤ ਅਤੇ ਸਿੱਖਿਆ ਸਹੂਲਤਾਂ ਦੇ ਵਿਸਥਾਰ ਨਾਲ ਪਰਿਵਾਰਾਂ ਦੇ ਇਲਾਜ ਅਤੇ ਬੱਚਿਆਂ ਦੀ ਪੜ੍ਹਾਈ 'ਤੇ ਹੋਣ ਵਾਲੇ ਖ਼ਰਚਿਆਂ ਨੂੰ ਘਟਾਉਣ ਲਈ ਮਹੱਤਵਪੂਰਨ ਉਪਰਾਲੇ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਯੋਗ ਮਹਿਲਾਵਾਂ ਲਈ 1,500 ਰੁਪਏ ਅਤੇ ਹੋਰ ਯੋਗ ਵਰਗਾਂ ਦੀਆਂ ਮਹਿਲਾਵਾਂ ਲਈ 1,000 ਰੁਪਏ ਪ੍ਰਤੀ ਮਹੀਨਾ ਸਹਾਇਤਾ ਦਾ ਪ੍ਰਬੰਧ ਕੀਤਾ ਗਿਆ ਹੈ।

ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪਾਰਟੀ ਵੱਲੋਂ ਕੀਤੇ ਗਏ ਮੁਲਾਂਕਣ ਅਨੁਸਾਰ ਮੁਫ਼ਤ ਬਿਜਲੀ, ਸਿਹਤ ਸਹੂਲਤਾਂ, ਸਿੱਖਿਆ, ਮਹਿਲਾਵਾਂ ਲਈ ਵਿੱਤੀ ਸਹਾਇਤਾ ਅਤੇ ਹੋਰ ਲੋਕ-ਭਲਾਈ ਪਹਿਲਕਦਮੀਆਂ ਨੂੰ ਮਿਲਾ ਕੇ ਪੰਜਾਬ ਦੇ ਇੱਕ ਔਸਤ ਪਰਿਵਾਰ ਨੂੰ ਸਾਲਾਨਾ ਲਗਭਗ 1.82 ਲੱਖ ਰੁਪਏ ਤੱਕ ਦਾ ਲਾਭ ਹੋ ਰਿਹਾ ਹੈ।

ਖੇਡਾਂ ਵਤਨ ਪੰਜਾਬ ਦੀਆਂ-2026 (ਸੀਜ਼ਨ-4) : ਸੰਗਰੂਰ ਵਿੱਚ ਜ਼ਿਲ੍ਹਾ ਪੱਧਰੀ ਖੇਡਾਂ 29 ਸਤੰਬਰ ਤੋਂ ਹੋਣਗੀਆਂ ਸ਼ੁਰੂ

ਸੰਗਰੂਰ, 27 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਯੋਗ ਅਗਵਾਈ ਹੇਠ ਜ਼ਿਲ੍ਹੇ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ-2026' (ਸੀਜ਼ਨ-4) ਦੀਆਂ ਜ਼ਿਲ੍ਹਾ ਪੱਧਰੀ ਖੇਡਾਂ ਮਿਤੀ 29 ਸਤੰਬਰ 2026 ਤੋਂ 08 ਅਕਤੂਬਰ 2026 ਤੱਕ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਨਿਰਧਾਰਤ ਵੈਨਿਊਜ਼ ਉੱਤੇ ਪੂਰੇ ਉਤਸ਼ਾਹ ਨਾਲ ਕਰਵਾਈਆਂ ਜਾ ਰਹੀਆਂ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ, ਸੰਗਰੂਰ ਨਵਦੀਪ ਸਿੰਘ ਨੇ ਦੱਸਿਆ ਕਿ ਇਨ੍ਹਾਂ ਖੇਡਾਂ ਦੌਰਾਨ ਵੱਖ-ਵੱਖ ਖੇਡ ਮੁਕਾਬਲੇ ਹੇਠ ਲਿਖੇ ਅਨੁਸਾਰ ਤੈਅ ਕੀਤੇ ਗਏ ਵੈਨਿਊਜ਼ ਉੱਤੇ ਕਰਵਾਏ ਜਾਣਗੇ।

ਗੇਮ ਆਰਚਰੀ ਜੀ.ਸੀ.ਐਮ ਕਾਨਵੈਂਟ ਸਕੂਲ, ਕੜਿਆਲ (ਦਿੜ੍ਹਬਾ) ਵਿਖੇ ਮਿਤੀ:29.09.2026 ਤੋਂ ਸ਼ੁਰੂ ਹੋ ਕੇ 30.09.2026 ਤੱਕ, ਸਾਈ ਸੈਂਟਰ ਮਸਤੁਆਣਾ ਸਾਹਿਬ ਵਿਖੇ ਗੇਮ ਹਾਕੀ ਮਿਤੀ: 01 ਤੋਂ 3-10-2026 ਤਕ ਅਤੇ ਗੇਮ ਬਾਕਸਿੰਗ ਮਿਤੀ: 01 ਤੋਂ 05-10-2026 ਤਕ ਕਰਵਾਈ ਜਾਣੀ ਹੈ। ਗੇਮ ਲਾਅਨ ਟੈਨਿਸ ਰਣਬੀਰ ਕਲੱਬ, ਸੰਗਰੂਰ ਵਿਖੇ 29.09.2026 ਤੋਂ 01.10.2026 ਤੱਕ ,ਚੈੱਸ ਅਗਰਵਾਲ ਧਰਮਸ਼ਾਲਾ, ਸੁਨਾਮੀ ਗੇਟ, ਨੇੜੇ ਵੱਡਾ ਚੌਕ, (ਸੰਗਰੂਰ) ਵਿਖੇ 29.09.2026 ਤੋਂ 01.10.2026 ਤਕ , ਫੁਟਬਾਲ ਸੰਤ ਅਤਰ ਸਿੰਘ ਅਕਾਲ ਅਕੈਡਮੀ, ਮਸਤੂਆਣਾ ਸਾਹਿਬ ਵਿਖੇ ਮਿਤੀ: 29-09-2026 ਤੋਂ 05-10-2026 ਤਕ।

ਵਾਰ ਹੀਰੋਜ਼ ਸਟੇਡੀਅਮ, ਸੰਗਰੂਰ ਵਿਖੇ ਗੇਮ ਅਥਲੈਟਿਕਸ, ਬਾਸਕਿਟਬਾਲ, ਕਿੱਕ ਬਾਕਸਿੰਗ, ਬੈਡਮਿੰਟਨ, ਟੇਬਲ ਟੈਨਿਸ , ਕੁਸ਼ਤੀ, ਜੂਡੋ ਮਿਤੀ: 01 ਤੋਂ 05-10-2026 ਤਕ ਅਤੇ ਗੇਮ ਵਾਲੀਬਾਲ ਸ਼ੂਟਿੰਗ ਅਤੇ ਸਮੈਸ਼ਿੰਗ ਮਿਤੀ: 02 ਤੋਂ 05-10-2026 ਤਕ, ਗੇਮ ਸਾਫਟਬਾਲ ਮਿਤੀ: 02 ਤੋਂ 04-10-2026 ਤੱਕ, ਗੇਮ ਰੋਲਰ ਸਕੇਟਿੰਗ (ਹਾਕੀ ਕੁਆਰਡਜ਼) ਮਿਤੀ: 4 ਤੋਂ 5-10-2026 ਤੱਕ ਅਤੇ ਗੇਮ ਤੈਰਾਕੀ ਮਿਤੀ: 30.09.2026 ਤੋਂ 01.10.2026 ਤਕ ਕਰਵਾਈ ਜਾ ਰਹੀ ਹੈ।

ਗੇਮ ਟੈਨਿਸ ਬਾਲ ਕ੍ਰਿਕਟ ਜਨਰਲ ਗੁਰਨਾਮ ਸਿੰਘ ਪਬਲਿਕ ਸਕੂਲ ਸੰਗਰੂਰ ਵਿਖੇ ਮਿਤੀ: 30-9-2026 ਤੋਂ 4-10-2026 ਤਕ, ਸ਼ਹੀਦ ਊਧਮ ਸਿੰਘ ਸ.ਸ.ਸ. ਸੁਨਾਮ ਵਿਖੇ ਗੇਮ ਵੇਟਲਿਫਟਿੰਗ ਮਿਤੀ: 01 ਤੋਂ 02-10-2026 ਤਕ ਅਤੇ ਗੇਮ ਪਾਵਰਲਿਫਟਿੰਗ ਮਿਤੀ: 03 ਤੋਂ 04-10-2026 ਤਕ, ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਮਸਤੂਆਣਾ ਸਾਹਿਬ ਵਿਖੇ ਗੇਮ ਗੱਤਕਾ ਮਿਤੀ: 01 ਤੋਂ 05-10-2026 ਅਤੇ ਗੇਮ ਖੋਹ ਖੋਹ ਮਿਤੀ: 01 ਤੋਂ 04-10-2026 ਤਕ, ਕਬੱਡੀ ਨੈਸ਼ਨਲ ਸਟਾਇਲ ਅਤੇ ਸਰਕਲ ਸਟਾਇਲ ਮਿਤੀ: 01 ਤੋਂ 5-10-2026 ਤਕ।

ਪੁਲਿਸ ਲਾਈਨ ਸੰਗਰੂਰ ਵਿਖੇ ਗੇਮ ਰੋਲਰ ਸਕੇਟਿੰਗ (ਸਪੀਡ) ਮਿਤੀ: 01 ਤੋਂ 04-10-2026 ਅਤੇ ਗੇਮ ਸ਼ੂਟਿੰਗ ਮਿਤੀ: 01 ਤੋਂ 04-10-2026 ਤੱਕ , ਸ: ਕਰਤਾਰ ਸਿੰਘ ਦਰਵੇਸ਼ (ਸਕੂਲ ਆਫ ਐਮੀਨੈਂਸ) ਰਾਜ ਹਾਈ ਸਕੂਲ ਸੰਗਰੂਰ ਗੇਮ ਨੈੱਟਬਾਲ ਮਿਤੀ: 02 ਤੋਂ 5-10-2026 ਤੱਕ ਅਤੇ ਗੇਮ ਹੈਂਡਬਾਲ ਮਿਤੀ: 01 ਤੋਂ 05-10-2026 ਤੱਕ, ਪ੍ਰੇਮ ਸਭਾ ਸ.ਸ. ਸਕੂਲ ਸੰਗਰੂਰ ਵਿਖੇ ਫੈਨਸਿੰਗ ਮਿਤੀ: 03 ਤੋਂ 05-10-2026 ਤੱਕ ਹੋਣਗੇ। ਇਸ ਤੋਂ ਇਲਾਵਾ ਜਿਮਨਾਸਟਿਕਸ, ਰੋਇੰਗ, ਸਾਈਕਲਿੰਗ, ਕਰਾਟੇ , ਕੈਕਿੰਗ ਕੈਨੋਇੰਗ, ਵੂਸ਼ੋ , ਘੋੜਸਵਾਰੀ, ਤਾਈਕਵਾਂਡੋ ,ਬੇਸਬਾਲ ਖੇਡਾਂ ਦੇ ਟ?ਰਾਇਲ ਮਿਤੀ 07.10.2026 ਤੋਂ 08-10-2026 ਨੂੰ ਵਾਰ ਹੀਰੋਜ਼ ਸਟੇਡੀਅਮ, ਸੰਗਰੂਰ ਵਿਖੇ ਅਤੇ ਰਗਬੀ ਦੇ ਟ?ਰਾਇਲ ਮਿਤੀ 07-10-2026 ਤੋ 08.10.2026 ਨੂੰ ਸੰਤ ਅਤਰ ਸਿੰਘ ਅਕਾਲ ਅਕੈਡਮੀ, ਮਸਤੂਆਣਾ ਸਾਹਿਬ ਵਿਖੇ ਲਏ ਜਾਣਗੇ। ਜ਼ਿਲ੍ਹਾ ਖੇਡ ਪ੍ਰਸ਼ਾਸਨ ਵੱਲੋਂ ਸਮੂਹ ਖੇਡ ਪ੍ਰੇਮੀਆਂ, ਸਕੂਲੀ ਬੱਚਿਆਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਨ੍ਹਾਂ ਖੇਡਾਂ ਵਿੱਚ ਵੱਧ-ਚੜ੍ਹ ਕੇ ਸ਼ਿਰਕਤ ਕਰਨ ਅਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਨ।

ਪੀ.ਐੱਸ. ਆਰਟਸ ਐਂਡ ਕਲਚਰਲ ਸੁਸਾਇਟੀ ਵੱਲੋਂ ਤਿੰਨ ਰੋਜ਼ਾ ਇੰਟਰਨੈਸ਼ਨਲ ਥੀਏਟਰ ਵਰਕਸ਼ਾਪ ਕਰਾਈ ਗਈ

ਪੈ.ਗਾਮ-ਏ-ਜਗਤ
ਡੇਰਾਬੱਸੀ, (ਸੰਜੀਵ ਸਿੰਘ ਸੈਣੀ)

ਪੀ.ਐੱਸ. ਆਰਟਸ ਐਂਡ ਕਲਚਰਲ ਸੁਸਾਇਟੀ ਚੰਡੀਗੜ੍ਹ ਵੱਲੋਂ ਟੈਗੋਰ ਥੀਏਟਰ, ਸੈਕਟਰ-18, ਚੰਡੀਗੜ੍ਹ ਵਿਖੇ ਤਿੰਨ ਰੋਜ਼ਾ ਇੰਟਰਨੈਸ਼ਨਲ ਥੀਏਟਰ ਵਰਕਸ਼ਾਪ ਲਗਾਈ ਗਈ। ਜਿਸ ਵਿਚ ਮੈਂਟਲ (ਦਿਮਾਗੀ) ਹੈਲਥ, ਥੀਏਟਰ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਇੰਟਰਨੈਸ਼ਨਲ ਥੀਏਟਰ ਵਰਕਸ਼ਾਪ ਦੌਰਾਨ ਮਿਤੀ 25 ਸਤੰਬਰ, 2026 ਨੂੰ ਪੰਜਾਬੀ ਸਭਿਆਚਾਰ ਨੂੰ ਦਰਸਾਉਂਦਾ ਪ੍ਰੋਗਰਾਮ ÷ਪੰਜਾਬ ਦੇ ਰੰਗ÷ ਬਹੁਤ ਹੀ ਧੂਮਧਾਮ ਨਾਲ ਪੇਸ਼ ਕੀਤਾ ਗਿਆ। ਜਿਸ ਵਿੱਚ ਕਲਾਕਾਰਾਂ ਦੁਆਰਾ ਪੰਜਾਬੀਅਤ ਅਤੇ ਪੰਜਾਬੀ ਵਿਰਸੇ ਦੇ ਸੰਗੀਤਕ ਰੰਗ ਪੇਸ਼ ਕੀਤੇ ਗਏ।

ਇਸ ਪ੍ਰੋਗਰਾਮ ਵਿੱਚ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਜੱਥੇਦਾਰ ਸਰਦਾਰ ਬਲਜੀਤ ਸਿੰਘ ਦਾਦੂਵਾਲ ਜੀ (ਅੰਬੈਸਡਰ ਫਾਰ ਪੀਸ) ਨੇ ਉਚੇਚੇ ਤੌਰ ਤੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉੱਥੇ ਹੀ ਏ. ਐੱਸ. ਰਾਏ (ਡੀ.ਜੀ.ਪੀ. ਪੰਜਾਬ), ਬਾਲ ਮੁਕੰਦ ਸ਼ਰਮਾ (ਰਿਟਾਇਰਡ ਚੇਅਰਮੈਨ, ਫੂਡ ਕਮਿਸ਼ਨ, ਪੰਜਾਬ), ਸਿਮਰ ਸਿੰਘ (ਪ੍ਰਧਾਨ ਸਿੱਖ ਹਿਸਟਰੀ ਫਾਊਂਡੇਸ਼ਨ), ਡਾ. ਸਤੀਸ਼ ਵਰਮਾ (ਪ੍ਰੋਫੈਸਰ ਇਮੈਰਿਟਿਸ, ਦੇਸ਼ ਭਗਤ ਯੂਨੀਵਰਸਿਟੀ ਅਤੇ ਸ੍ਰੋਮਣੀ ਨਾਟਕ ਕਾਰ ਐਵਾਰਡੀ), ਮਨਵੀਰ ਸਿੰਘ (ਪ੍ਰਧਾਨ ਕਾਰ ਐਸੋਸੀਏਸ਼ਨ, ਚੰਡੀਗੜ੍ਹ), ਚੇਤਨ ਧਾਲੀਵਾਲ (ਮੈਂਬਰ, ਫੂਡ ਕਮਿਸ਼ਨ ਪੰਜਾਬ), ਸੁੱਖੀ ਬਰਾੜ, ਪਰਮਦੀਪ ਕੌਰ ਭੱਲਾ (ਸੁਪੱਤਨੀ ਸਵਰਗਵਾਸੀ ਡਾ. ਜਸਵਿੰਦਰ ਸਿੰਘ ਭੱਲਾ), ਕੰਚਨ ਸ਼ਰਮਾ (ਚੇਅਰਪਰਸਨ ਪੰਜਾਬ ਟ?ਰੇਡ ਪ੍ਰੋਮੋਸ਼ਨ ਕਾਂਸਲ), ਨੀਸ਼ਾ ਲੂਥਰਾ (ਕਵਿੱਤਰੀ, ਫਿਲਮ ਅਤੇ ਥੀਏਟਰ ਡਾਇਰੈਕਟਰ), ਅੰਜੂ ਕੱਟਿਆਲ (ਐੱਮ.ਸੀ. ਸੈਕਟਰ 22, ਚੰਡੀਗੜ੍ਹ) ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।



ਪੀ. ਐੱਸ. ਆਰਟਸ ਐਂਡ ਕਲਚਰਲ ਸੁਸਾਇਟੀ ਦੇ ਪ੍ਰਧਾਨ ਪਰਵੀਨ ਸੰਧੂ ਅਤੇ ਚੇਅਰਮੈਨ, ਰਾਸ਼ਟਰਪਤੀ ਐਵਾਰਡੀ ਬਲਕਾਰ ਸਿੱਧੂ ਵਲੋਂ ਮੁੱਖ ਮਹਿਮਾਨ ਜੱਥੇਦਾਰ ਸਰਦਾਰ ਬਲਜੀਤ ਸਿੰਘ ਦਾਦੂਵਾਲ ਜੀ (ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ, ਅੰਬੈਸਡਰ ਫਾਰ ਪੀਸ) ਨੂੰ ਸੁਸਾਇਟੀ ਵਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਅਤੇ ਪ੍ਰੋਗਰਾਮ ਵਿੱਚ ਸ਼ਾਮਿਲ ਸਾਰੀਆਂ ਨੂੰ ਸਨਮਾਨਿਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

ਜੱਥੇਦਾਰ ਸਰਦਾਰ ਬਲਜੀਤ ਸਿੰਘ ਦਾਦੂਵਾਲ ਜੀ (ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ, ਅੰਬੈਸਡਰ ਫਾਰ ਪੀਸ) ਨੇ ਪੀ.ਐੱਸ. ਆਰਟਸ ਐਂਡ ਕਲਚਰਲ ਸੁਸਾਇਟੀ ਵਲੋਂ ਕਰਾਏ ਗਏ ਸੱਭਿਆਚਾਰਕ ਪ੍ਰੋਗਰਾਮ ਨੂੰ ਬਹੁਤ ਹੀ ਸ਼ਲਾਘਾਯੋਗ ਦੱਸਿਆ ਅਤੇ ਸਾਰੇ ਪ੍ਰੋਗਰਾਮ ਦਾ ਆਨੰਦ ਮਾਣਿਆ। ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿਚ ਪੰਜਾਬੀ ਵਿਰਸੇ ਦੀਆਂ ਝਾਕੀਆਂ ਨਜ਼ਰ ਆਉਂਦੀਆਂ ਹਨ। ਪੰਜਾਬੀ ਪਹਿਰਾਵਾ, ਸੱਗੀ ਫੁੱਲ, ਕੈਂਠੇ, ਪਰਾਂਦੀਆਂ, ਫੁਲਕਾਰੀਆਂ, ਚਰਖੇ ਦੇਖ ਕੇ ਉਸ ਸਮੇਂ ਦੀ ਯਾਦ ਤਾਜ਼ਾ ਹੋ ਗਈ ਜਦੋਂ ਪਿੰਡਾਂ ਵਿੱਚ ਸਾਂਝਾ ਭਾਈਚਾਰਾ ਹੁੰਦਾ ਸੀ। ਉਹਨਾਂ ਨੇ ਪਰਵੀਨ ਸੰਧੂ ਨੂੰ ਵੱਧ ਚੜ੍ਹ ਕੇ ਇਸ ਤਰਾਂ ਦੇ ਉਪਰਾਲੇ ਕਰਦੇ ਰਹਿਣ ਦੀ ਹੱਲਾਸ਼ੇਰੀ ਦਿੱਤੀ, ਤਾਂ ਕਿ ਨੌਜਵਾਨ ਪੀੜ੍ਹੀ ਅਪਣੇ ਵਿਰਸੇ ਨਾਲ ਜੁੜੀ ਰਹੇ।

ਇਸ ਪ੍ਰੋਗਰਾਮ ਵਿਚ ਪੀ.ਐੱਸ. ਆਰਟਸ ਐਂਡ ਕਲਚਰਲ ਸੁਸਾਇਟੀ ਦੇ ਚੇਅਰਮੈਨ ਰਾਸ਼ਟਰਪਤੀ ਅਵਾਰਡੀ ਸ. ਬਲਕਾਰ ਸਿੱਧੂ ਅਤੇ ਟੀਮ ਵੱਲੋਂ ਪੰਜਾਬੀ ਨਾਚ ਲੁੱਡੀ, ਝੂੰਮਰ ਅਤੇ ਭੰਗੜਾ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਗੁਰਦੀਪ ਕੌਰ ਅਤੇ ਟੀਮ ਵਲੋਂ ਗਿੱਧੇ ਦੀ ਪੇਸ਼ਕਾਰੀ ਕੀਤੀ ਗਈ। ਜਿਥੇ ਹੀ ਇਹ ਸਾਰੇ ਪ੍ਰੋਗਰਾਮ ਦੀ ਰਹਿਨੁਮਾਈ ਪੀ. ਐੱਸ. ਆਰਟਸ ਐਂਡ ਕਲਚਰਲ ਸੁਸਾਇਟੀ ਦੇ ਪ੍ਰਧਾਨ ਪਰਵੀਨ ਸੰਧੂ ਨੇ ਕੀਤੀ, ਉਥੇ ਹੀ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਵਿਚ ਸੁਸਾਇਟੀ ਦੀ ਸਮੁੱਚੀ ਟੀਮ, ਸੁਸਾਇਟੀ ਦੀ ਜਨਰਲ ਸਕੱਤਰ ਰਾਜਦੀਪ ਕੌਰ, ਕੈਸ਼ੀਅਰ ਅਰਸ਼ਦੀਪ ਸਿੰਘ, ਸਹਾਇਕ ਸਕੱਤਰ ਮਨਜੀਤ ਕੌਰ ਮੀਤ, ਪ੍ਰੀਤੀ ਜੈਨ, ਧੰਨਜਿਆ ਚੌਹਾਨ, ਨਵਪ੍ਰੀਤ ਕੌਰ, ਰੁਪਿੰਦਰ ਕੌਰ, ਮੁਸਕਾਨ, ਬਲਬੀਰ ਕੌਰ ਸੈਣੀ, ਜੱਸਮਾਈਨ ਸਿੰਘ ਸੋਨੀ, ਅੰਮ੍ਰਿਤਪਾਲ ਕੌਰ ਪਟਿਆਲਾ, ਰੇਸ਼ਮ ਸਿੰਘ ਸੰਧੂ, ਨਵਨੂਰ ਸੰਧੂ, ਸ਼ਮਾ ਮਹਾਜਨ, ਤੇਜਾ ਸਿੰਘ ਬੂਹਾ ਸਾਰਿਆਂ ਦਾ ਭਰਭੂਰ ਯੋਗਦਾਨ ਰਿਹਾ। ਐਂਕਰ ਦੀਪਾਲੀ ਭੱਲਾ ਵਲੋਂ ਉਲੀਕੇ ਗਏ ਪ੍ਰੋਗਰਾਮ ਦੀ ਰੂਪ ਰੇਖਾ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਪੇਸ਼ ਕੀਤਾ ਗਿਆ। ਐੱਸ. ਆਰਟਸ ਐਂਡ ਕਲਚਰਲ ਸੁਸਾਇਟੀ ਦੇ ਪ੍ਰਧਾਨ ਪਰਵੀਨ ਸੰਧੂ ਨੇ ਦੱਸਿਆ ਕਿ ਸਾਰੀ ਟੀਮ ਦੇ ਸਹਿਯੋਗ ਸਦਕਾ ਹਰ ਪ੍ਰੋਗਰਾਮ ਦੀ ਤਰਾਂ ਇਹ ਪ੍ਰੋਗਰਾਮ ਵੀ ਸਫ਼ਲ ਰਿਹਾ। ਦਰਸ਼ਕਾਂ ਨੇ ਪਰਿਵਾਰਾਂ ਨਾਲ ਆ ਕੇ ਪ੍ਰੋਗਰਾਮ ਦਾ ਆਨੰਦ ਮਾਣਿਆ।

ਏ.ਡੀ.ਸੀ. ਵੱਲੋਂ ਫਰਮ 'ਮੈਸਰਜ਼ ਡੈਸਟੀਨੀ ਚੇਂਜਰ' ਦਾ ਲਾਇਸੰਸ ਤਿੰਨ ਮਹੀਨੇ ਲਈ ਮੁਅੱਤਲ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
27 ਸਤੰਬਰ (ਪੈ.ਗਾਮ-ਏ-ਜਗਤ)

ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਗੀਤਿਕਾ ਸਿੰਘ, ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ-2012 ਤਹਿਤ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਫਰਮ 'ਮੈਸਰਜ਼ ਡੈਸਟੀਨੀ ਚੇਂਜਰ', ਐਸ.ਸੀ.ਓ. ਨੰਬਰ 08, ਦੂਜੀ ਮੰਜ਼ਿਲ, ਪ੍ਰਾਈਮ ਕਰਾਸ ਰਿਟੇਲ, ਪਿੰਡ ਸਿੰਘਪੁਰਾ, ਸਬ-ਤਹਿਸੀਲ ਜ਼ੀਰਕਪੁਰ, ਜ਼ਿਲ੍ਹਾ ਐਸ.ਏ.ਐਸ. ਨਗਰ ਨੂੰ ਜਾਰੀ ਲਾਇਸੰਸ ਨੰਬਰ 693/ਆਈ.ਸੀ., ਮਿਤੀ 25 ਜੁਲਾਈ 2024 ਨੂੰ ਤਿੰਨ ਮਹੀਨਿਆਂ ਲਈ ਮੁਅੱਤਲ ਕਰਨ ਦੇ ਹੁਕਮ ਜਾਰੀ ਕੀਤੇ ਹਨ।

ਵਧੀਕ ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਫਰਮ 'ਮੈਸਰਜ਼ ਡੈਸਟੀਨੀ ਚੇਂਜਰ ਦੇ ਮਾਲਕ ਪ੍ਰਦੀਪ ਸਿੰਘ ਪੁੱਤਰ ਭਜਨ ਸਿੰਘ, ਵਾਸੀ ਗੁਰੂ ਨਾਨਕ ਕਲੋਨੀ, ਦਫਰਪੁਰ, ਤਹਿਸੀਲ, ਡੇਰਾਬੱਸੀ, ਜ਼ਿਲ੍ਹਾ ਮੋਹਾਲੀ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ/ਰੂਲਾਂ ਅਨੁਸਾਰ ਲੋੜੀਂਦੀਆਂ ਮਹੀਨਾਵਾਰ ਰਿਪੋਰਟਾਂ ਅਤੇ ਮਹੀਨਾਵਾਰ ਸਵੈ ਘੋਸ਼ਣਾ ਫਾਰਮ ਇਸ ਦਫ਼ਤਰ ਅਤੇ ਛਿਮਾਹੀ ਰਿਪੋਰਟਾਂ ਗ੍ਰਹਿ ਮਾਮਲੇ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ ਨੂੰ ਭੇਜਣੀਆਂ ਸਨ। ਦਫ਼ਤਰੀ ਰਿਕਾਰਡ ਅਨੁਸਾਰ ਫਰਮ ਨੂੰ ਇਸ ਸਬੰਧੀ ਪਹਿਲਾਂ ਵੀ 25 ਜੁਲਾਈ 2024, 27 ਮਈ 2025 ਅਤੇ 21 ਜੁਲਾਈ 2026 ਨੂੰ ਨੋਟਿਸ ਜਾਰੀ ਕਰਕੇ ਲੋੜੀਂਦੀਆਂ ਰਿਪੋਰਟਾਂ ਪੇਸ਼ ਕਰਨ ਦੀ ਹਦਾਇਤ ਕੀਤੀ ਗਈ ਸੀ। ਇਸ ਦੇ ਬਾਵਜੂਦ ਫਰਮ ਵੱਲੋਂ ਲੋੜੀਂਦੀਆਂ ਰਿਪੋਰਟਾਂ ਪੇਸ਼ ਨਾ ਕਰਨ ਕਰਕੇ ਐਕਟ/ਰੂਲਾਂ ਦੀ ਉਲੰਘਣਾ ਕੀਤੀ ਗਈ। ਉਕਤ ਦੇ ਸਨਮੁੱਖ ਵਧੀਕ ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਗੀਤਿਕਾ ਸਿੰਘ, ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ-2012 ਦੀ ਧਾਰਾ 6(A)(e) ਦੇ ਉਪਬੰਧਾਂ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਫਰਮ 'ਮੈਸਰਜ਼ ਡੈਸਟੀਨੀ ਚੇਂਜਰ' ਐਸ.ਸੀ.ਓ. ਨੰਬਰ 08, ਦੂਜੀ ਮੰਜ਼ਿਲ, ਪ੍ਰਾਈਮ ਕਰਾਸ ਰਿਟੇਲ, ਪਿੰਡ ਸਿੰਘਪੁਰਾ, ਸਬ-ਤਹਿਸੀਲ ਜ਼ੀਰਕਪੁਰ, ਜ਼ਿਲ੍ਹਾ ਐਸ.ਏ.ਐਸ. ਨਗਰ ਨੂੰ ਜਾਰੀ ਲਾਇਸੰਸ ਨੰਬਰ 693/ਆਈ.ਸੀ., ਮਿਤੀ 25 ਜੁਲਾਈ 2024 ਨੂੰ ਤਿੰਨ ਮਹੀਨਿਆਂ ਲਈ ਮੁਅੱਤਲ ਕਰ ਦਿੱਤਾ ਗਿਆ ਹੈ।

ਸ੍ਰੀ ਗੁਰੂ ਰਵੀਦਾਸ ਜੀ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਦਾ ਆਨੰਦ ਪਿੰਡ ਪੱਤੜਾਂ, ਟੋਡਰ ਮਾਜਰਾ ਤੇ ਮਜਾਤ ਵਾਸੀਆਂ ਨੇ ਮਾਣਿਆ

ਖਰੜ, 27 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ ਫਿਲਮ ਜ਼ਿਲ੍ਹੇ ਦੇ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ ਦਿਖਾਈ ਜਾ ਰਹੀ ਹੈ। ਇਸੇ ਲੜੀ ਤਹਿਤ ਖਰੜ ਬਲਾਕ ਦੇ ਪਿੰਡ ਪੱਤੜਾਂ, ਟੋਡਰ ਮਾਜਰਾ ਅਤੇ ਮਜਾਤ ਵਿਖੇ ਵੀ ਸੰਗਤਾਂ ਨੂੰ ਇਹ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਗਈ। ਐਸ ਡੀ ਐਮ ਖਰੜ ਗੁਰਮੀਤ ਸਿੰਘ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਤਿਆਰ ਕੀਤੀ ਗਈ ਵਿਸ਼ੇਸ਼ ਡਾਕੂਮੈਂਟਰੀ ਨੂੰ ਪਿੰਡ-ਪਿੰਡ ਐਲ.ਈ.ਡੀ. ਸਕਰੀਨਾਂ ਰਾਹੀਂ ਦਿਖਾਇਆ ਜਾ ਰਿਹਾ ਹੈ ਤਾਂ ਜੋ ਵੱਧ ਤੋਂ ਵੱਧ ਲੋਕ ਸ੍ਰੀ ਗੁਰੂ ਰਵੀਦਾਸ ਜੀ ਦੇ ਜੀਵਨ, ਵਿਚਾਰਾਂ ਅਤੇ ਸਮਾਜ ਨੂੰ ਦਿੱਤੇ ਸੰਦੇਸ਼ ਤੋਂ ਜਾਣੂ ਹੋ ਸਕਣ।

- ਸ੍ਰੀ ਗੁਰੂ ਰਵੀਦਾਸ ਜੀ ਦੀਆਂ ਸਿੱਖਿਆਵਾਂ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਤੋਂ ਜਾਣੂ ਹੋਏ ਲੋਕ-ਕੋਮਲ ਮਿੱਤਲ

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਨੇ ਆਪਣੀ ਬਾਣੀ ਰਾਹੀਂ ਮਨੁੱਖਤਾ ਨੂੰ ਬਰਾਬਰੀ, ਭਾਈਚਾਰੇ, ਸੱਚੀ ਕਿਰਤ ਅਤੇ ਆਪਸੀ ਸਤਿਕਾਰ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਸਹੀ ਦਿਸ਼ਾ ਦਿਖਾਉਣ ਲਈ ਪ੍ਰੇਰਨਾ ਦਾ ਸਰੋਤ ਹਨ।

ਖਰੜ ਬਲਾਕ ਦੇ ਪਿੰਡ ਪੱਤੜਾਂ, ਟੋਡਰ ਮਾਜਰਾ ਅਤੇ ਮਜਾਤ ਵਿਖੇ ਦਿਖਾਈ ਗਈ ਡਾਕੂਮੈਂਟਰੀ ਨੂੰ ਪਿੰਡ ਵਾਸੀਆਂ ਅਤੇ ਸੰਗਤਾਂ ਵੱਲੋਂ ਰੁਚੀ ਨਾਲ ਦੇਖਿਆ ਗਿਆ। ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵੀਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਗਏ ਸੰਦੇਸ਼ ਨੂੰ ਸਰਲ ਢੰਗ ਨਾਲ ਪੇਸ਼ ਕੀਤਾ ਗਿਆ। ਐਸਡੀਐਮ ਨੇ ਕਿਹਾ ਕਿ ਅਜਿਹੇ ਉਪਰਾਲੇ ਨੌਜਵਾਨ ਪੀੜ੍ਹੀ ਨੂੰ ਸਾਡੇ ਮਹਾਨ ਗੁਰੂਆਂ ਅਤੇ ਸੰਤਾਂ ਦੀਆਂ ਸਿੱਖਿਆਵਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਸੰਗਤਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਅੱਖਾਂ ਦਾ ਮੁਫਤ ਚੈਕ ਅਪ ਅਤੇ ਆਪਰੇਸ਼ਨ ਕੈਂਪ ਲਗਾਇਆ



ਐਸ.ਏ.ਐਸ. ਨਗਰ, 26 ਸਤੰਬਰ (ਪੈ.ਗਾਮ-ਏ-ਜਗਤ)

ਸਾਹਿਬਜਾਦਾ ਅਜੀਤ ਸਿੰਘ ਚੈਰੀਟੇਬਲ ਟਰੱਸਟ, ਪੜਛ ਅਤੇ ਰੋਟਰੀ ਕਲੱਬ ਮੁਹਾਲੀ ਮਿਡਟਾਊਨ ਵਲੋਂ ਸਾਂਝੇ ਤੌਰ ਤੇ ਅੱਖਾਂ ਦਾ ਮੁਫਤ ਚੈਕ ਅਪ ਅਤੇ ਆਪਰੇਸ਼ਨ ਕੈਂਪ ਲਗਾਇਆ ਗਿਆ। ਟਰੱਸਟ ਦੇ ਚੇਅਰਮੈਨ ਬਲਬੀਰ ਸਿੰਘ ਅਤੇ ਕੈਂਪ ਨਿਰਦੇਸ਼ਕ ਗੁਰਚਰਨ ਸਿੰਘ ਨੇ ਦੱਸਿਆ ਕਿ ਪਿੰਡ ਪੜਛ ਦੇ ਪੌਲੀਕਿਲੀਨਕ ਵਿਖੇ ਲਗਾਏ ਗਏ ਇਸ ਕੈਂਪ ਵਿਚ ਅੱਖਾਂ ਦੇ ਮਾਹਿਰ ਡਾਕਟਰ ਅਦਿਤਿਆ ਸ਼ਰਮਾ ਦੀ ਟੀਮ ਨੇ 90 ਤੋਂ ਵਧ ਮਰੀਜਾਂ ਦੀਆਂ ਅੱਖਾਂ ਚੈਕ ਕੀਤੀਆਂ। ਉਹਨਾਂ ਦੱਸਿਆ ਕਿ ਇਸ ਮੌਕੇ ਚਿੱਟੇ ਮੋਤੀਏ ਦੇ ਆਪਰੇਸ਼ਨ ਲਈ 26 ਮਰੀਜ ਚੁਣੇ ਗਏ ਅਤੇ 60 ਤੋਂ ਵਧ ਮਰੀਜਾਂ ਦੀਆਂ ਅੱਖਾਂ ਦੇ ਨੰਬਰ ਚੈਕ ਕੀਤੇ ਗਏ। ਰੋਟਰੀ ਕਲਬ ਦੀ ਪ੍ਰਧਾਨ ਮਨਜੀਤ ਕੌਰ ਨੇ ਦਸਿਆ ਕਿ ਮੋਤੀਆ ਬਿੰਦ ਦੇ ਸਾਰੇ ਆਪਰੇਸ਼ਨ ਬਿਲਕੁਲ ਮੁਫਤ ਕੀਤੇ ਜਾਣਗੇ। ਇਸ ਮੌਕੇ ਰੋਟੇਰੀਅਨ ਕੁਲਦੀਪ ਸਿੰਘ ਢੋਡੀ, ਮਨਜੀਤ ਸਿੰਘ ਅਤੇ ਟਰੱਸਟੀ ਪਰਮਜੀਤ ਸਿੰਘ ਵੀ ਹਾਜਰ ਰਹੇ।

ਗੁਰੂਦੁਆਰਾ ਸ੍ਰੀ ਈਸਰ ਦਰਬਾਰ ਸੈਕਟਰ 104 ਵਿਖੇ ਨਿਸ਼ਾਨ ਸਾਹਿਬ ਝੁਲਾਇਆ



ਐਸ.ਏ.ਐਸ. ਨਗਰ, 26 ਸਤੰਬਰ
(ਪੈ.ਗਾਮ-ਏ-ਜਗਤ)

ਪਰਲਜ਼ ਸਿਟੀ ਸੈਕਟਰ 104 ਵਿਖੇ ਗੁਰੂਦੁਆਰਾ ਸ੍ਰੀ ਈਸਰ ਦਰਬਾਰ ਵਾਲੀ ਥਾਂ ਤੇ ਸੰਗਤਾਂ ਵਲੋਂ ਸ੍ਰੀ ਨਿਸ਼ਾਨ ਸਾਹਿਬ ਸਥਾਪਿਤ ਕੀਤੇ ਗਏ ਹਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਜੱਥੇਦਾਰ ਸ੍ਰ ਪਰਵਿੰਦਰ ਸਿੰਘ ਸੋਹਾਣਾ ਵੀ ਹਾਜਿਰ ਰਹੇ। ਸਮਾਜਸੇਵੀ ਆਗੂ ਸ੍ਰ. ਜੋਗਿੰਦਰ ਸਿੰਘ ਜੋਗੀ ਨੇ ਦੱਸਿਆ ਕਿ ਸੰਗਤਾਂ ਵਲੋਂ ਬਾਬਾ ਉਮਰਾਓ ਸਿੰਘ (ਅੰਗੀਠਾ ਸਾਹਿਬ ਵਾਲੇ) ਦੀ ਅਗਵਾਈ ਹੇਠ ਇੱਥੇ ਨਿਸ਼ਾਨ ਸਾਹਿਬ ਸਥਾਪਿਤ ਕੀਤੇ ਗਏ ਹਨ।

ਉਹਨਾਂ ਦੱਸਿਆ ਕਿ ਇਸਦੇ ਨਾਲ ਹੀ ਇੱਥੇ ਸਵੇਰੇ ਸ਼ਾਮ ਦੇ ਦੀਵਾਨ ਵੀ ਆਰੰਭ ਕਰ ਦਿੱਤੇ ਗਏ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਰਮਨਪ੍ਰੀਤ ਸਿੰਘ, ਰਬਾਬ ਸਟੂਡੀਓ ਦੇ ਮਾਲਕ ਸ੍ਰੀ ਅਸ਼ਵਨੀ ਸੰਭਾਲਕੀ, ਸੈਕਟਰ 104 ਦੇ ਪ੍ਰਧਾਨ ਪਰਮਜੀਤ ਸਿੰਘ, ਸਕੱਤਰ ਕੁਲਦੀਪ ਸਿੰਘ, ਮਹਿਲਾ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਹਾਜਿਰ ਸਨ।

ਧਿਆਨ ਸਿੰਘ ਕਾਹਲੋਂ ਗੀਤ ਸੰਗ੍ਰਹਿ 'ਤੇਤਰੇ ਮੇਤਰੇ ਬੋਲ' 'ਤੇ ਹੋਈ ਵਿਚਾਰ ਚਰਚਾ

ਚੰਡੀਗੜ੍ਹ, 26 ਸਤੰਬਰ
(ਪੈ.ਗਾਮ-ਏ-ਜਗਤ)

ਕਵੀ ਮੰਚ (ਰਜਿ.) ਮੁਹਾਲ਼ੀ ਵੱਲੋਂ ਪੰਜਾਬ ਸਕੱਤਰੇਤ ਸਾਹਿਤ ਸਭਾ (ਰਜਿ.), ਚੰਡੀਗੜ੍ਹ ਦੇ ਸਹਿਯੋਗ ਨਾਲ਼ ਧਿਆਨ ਸਿੰਘ ਕਾਹਲ਼ੋਂ ਦੇ ਗੀਤ ਸੰਗ੍ਰਹਿ 'ਤੇਤਰੇ ਮੇਤਰੇ ਬੋਲ' ਤੇ ਵਿਚਾਰ ਚਰਚਾ ਕਰਵਾਈ ਗਈ, ਜਿਸ ਵਿੱਚ ਡਾ. ਲਾਭ ਸਿੰਘ ਖੀਵਾ, ਮੁੱਖ ਮਹਿਮਾਨ ਅਤੇ ਮਲਕੀਅਤ ਸਿੰਘ ਔਜਲਾ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਸਮਾਗਮ ਦੀ ਪ੍ਰਧਾਨਗੀ ਭਗਤ ਰਾਮ ਰੰਘਾੜਾ ਵੱਲੋਂ ਕੀਤੀ ਗਈ।



ਇਸ ਮੌਕੇ ਮੁੱਖ ਮਹਿਮਾਨ ਡਾ. ਲਾਭ ਸਿੰਘ ਖੀਵਾ ਨੇ ਕਿਹਾ ਕਿ ਕਾਹਲ਼ੋਂ ਨਾਲ਼ ਉਹਨਾਂ ਦਾ ਬਹੁਤ ਪੁਰਾਣਾ ਰਿਸ਼ਤਾ ਹੈ। ਉਸ ਦੀ ਗੀਤਕਾਰੀ ਵਿੱਚ ਪ੍ਰਪੱਕਤਾ ਹੈ। ਇਸ ਮੌਕੇ ਪੇਪਰ ਪੜ੍ਹਦਿਆਂ ਰਾਜ ਕੁਮਾਰ ਸਾਹੋਵਾਲ਼ੀਆ ਨੇ ਪੇਪਰ ਪੜ੍ਹਦਿਆ ਕਿਹਾ ਕਿ ਕਾਹਲ਼ੋਂ ਦੇ ਪਹਿਲੇ ਗੀਤ ਸੰਗ੍ਰਹਿ ਰਸੀਲੇ ਬੋਲ, ਟੰਬਵੇਂ ਬੋਲ ਅਤੇ ਹੁਣ ਤੇਤਰੇ ਬੋਲ ਤੱਕ ਉਹ ਸ਼ਬਦ ਸ਼ਬਦ ਦੇ ਗਵਾਹ ਰਹੇ ਹਨ। ਉਨ੍ਹਾਂ ਕਾਹਲ਼ੋਂ ਦੀ ਹਰ ਰੰਗ ਦੀ ਗੀਤਕਾਰੀ ਨੂੰ ਸਰੋਤਿਆਂ ਸਨਮੁੱਖ ਕਰਦਿਆਂ ਕਿਹਾ ਕਿ ਬੇਸ਼ੱਕ ਗੀਤ ਲਿਖਣਾ ਔਖਾ ਕਾਰਜ ਹੈ, ਪਰ ਗੀਤ ਲਿਖਣ ਦੇ ਨਾਲ਼ ਨਾਲ਼ ਕਾਹਲ਼ੋਂ ਸੁਰ-ਤਾਲ ਦਾ ਵੀ ਪੂਰਾ ਧਿਆਨ ਰੱਖਦਾ ਹੈ। ਉਹਦੇ ਗੀਤਾਂ ਵਿੱਚੋਂ ਬਹੁ-ਪੱਖੀ ਗਿਆਨ ਝਲਕਦਾ ਹੈ, ਜਿਸ ਵਿੱਚ ਕੋਈ ਨਾ ਕੋਈ ਸੁਨੇਹਾ ਹੁੰਦਾ ਹੈ। ਭਗਤ ਰਾਮ ਰੰਗਾੜਾ ਨੇ ਕਾਹਲ਼ੋਂ ਦੀ ਗੀਤਕਾਰੀ, ਸੁਭਾਅ ਤੇ ਸਮਰਪਣ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਗੀਤਕਾਰ ਦੇ ਨਾਲ਼ ਨਾਲ਼ ਉਹ ਇੱਕ ਚੰਗੇ ਇਨਸਾਨ ਵੀ ਹਨ।

ਇਸ ਮੌਕੇ ਵਿਚਾਰ ਚਰਚਾ ਵਿੱਚ ਭਾਗ ਲੈਂਦਿਆਂ ਸੁਰਜੀਤ ਸੁਮਨ ਨੇ ਕਿਹਾ ਕਿ ਧਿਆਨ ਸਿੰਘ ਕਾਹਲ਼ੋਂ ਗੀਤਕਾਰੀ ਦਾ ਭਰ ਵਹਿੰਦਾ ਦਰਿਆ ਹੈ। ਪੱਤਰਕਾਰ ਗੁਰਪ੍ਰੀਤ ਸਿੰਘ ਨਿਆਮੀਆਂਨੇ ਕਾਹਲ਼ੋਂ ਨਾਲ਼ ਆਪਣੇ ਲੰਬੇ ਮੁਹੱਬਤੀ ਸਫਰ ਬਾਰੇ ਕਿਹਾ ਕਿ ਕਿਸੇ ਵੇਲ਼ੇ ਉਹ ਸਟੇਜ ਤੇ ਡਿਊਟ ਗੀਤ ਗਾਉਂਦੇ ਸਨ। ਹੁਣ ਉਨ੍ਹਾਂ ਵੱਲੋਂ ਰਚੇ ਜਾ ਰਹੇ ਗੀਤਾਂ ਦੇ ਉਹ ਕਾਇਲ ਹਨ। ਇਸ ਮੌਕੇ ਗਾਇਕ ਗੁਰਿੰਦਰ ਗੁਰੀ, ਗੀਤਕਾਰ ਧਿਆਨ ਸਿੰਘ ਕਾਹਲ਼ੋਂ, ਮਲਕੀਅਤ ਸਿੰਘ ਔਜਲਾ, ਅਮਰਜੀਤ ਕੌਰ ਮੋਰਿੰਡਾ ਤੇ ਭੁਪਿੰਦਰ ਸਿੰਘ ਭਾਗੋਮਾਜਰੀ ਨੇ ਗੀਤ ਸੁਣਾਏ। ਵਲੋਂ ਗੀਤ ਸੁਣਾਏ ਗਏ। ਇਸ ਮੌਕੇ ਰਣਜੀਤ ਕੌਰ ਕੰਗ ਟਿਵਾਣਾ, ਗੁਰਜੀਤ ਸਿੰਘ ਲਾਂਬਾ ਅਤੇ ਐਡਵੋਕੇਟ ਨੀਲਮ ਨਾਰੰਗ ਨੇ ਵੀ ਸੰਬੋਧਨ ਕੀਤਾ। ਇਸ ਸਮਾਗਮ ਵਿੱਚ ਕਹਾਣੀਕਾਰ ਗੁਰਮੀਤ ਸਿੰਗਲ, ਮਹਿੰਦਰ ਸਿੰਘ ਕਲਸੀ,ਜਸਵਿੰਦਰ ਸਿੰਘ ਕਾਈਨੌਰ, ਪਿਆਰਾ ਸਿੰਘ ਰਾਹੀ, ਸਰਬਜੀਤ ਸਿੰਘ ਪੱਡਾ, ਡਾ. ਪੰਨਾ ਲਾਲ ਮੁਸਤਫਾਬਾਦੀ, ਗੁਰਸ਼ਰਨ ਸਿੰਘ ਕਾਕਾ, ਸੁਮਿੱਤਰ ਸਿੰਘ ਦੋਸਤ, ਬਾਬੂ ਰਾਮ ਦੀਵਾਨਾ ਅਤੇ ਵੱਡੀ ਗਿਣਤੀ ਵਿੱਚ ਸਾਹਿਤ ਪ੍ਰੇਮੀਆਂ ਵੱਲੋਂ ਹਿੱਸਾ ਲਿਆ ਗਿਆ।

ਆਪ ਸਰਕਾਰ ਦੇ ਰਾਜ ਵਿੱਚ ਘਰ ਘਰ ਪਹੁੰਚ ਰਹੀ ਹੈ ਨਸ਼ਿਆਂ ਦੀ ਸਪਲਾਈ : ਹਰਸਿਮਰਤ ਬਾਦਲ

ਐਸ.ਏ.ਐਸ. ਨਗਰ, 26 ਸਤੰਬਰ
(ਪੈ.ਗਾਮ-ਏ-ਜਗਤ)

ਸਾਬਕਾ ਕੇਂਦਰੀ ਮੰਤਰੀ, ਬਠਿੰਡਾ ਤੋਂ ਸੰਸਦ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਹਰਸਿਮਰਤ ਕੌਰ ਬਾਦਲ ਨੇ ਕਿਹਾ ਹੈ ਕਿ ਪੰਜਾਬ ਸਰਕਾਰ ਆਪਣੇ ਵਾਇਦੇ ਪੂਰੇ ਕਰਨ ਵਿੱਚ ਪੂਰੀ ਤਰ੍ਹਾ ਨਾਕਾਮ ਰਹੀ ਹੈ ਅਤੇ ਵਿਧਾਨਸਭਾ ਚੋਣ ਮੌਕੇ ਪੰਜਾਬ ਦੀ ਜਨਤਾ ਨੂੰ ਗਾਰੰਟੀਆਂ ਦੇਣ ਦਾ ਲਾਰਾ ਲਗਾਉਣ ਵਾਲੇ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਅਤੇ ਉਹਨਾਂ ਦੀ ਜੁੰਡਲੀ ਉਲਟਾ ਪੰਜਾਬ ਨੂੰ ਲੁੱਟਣ ਵਿੱਚ ਲੱਗੀ ਹੋਈ ਹੈ।

- ਪੰਜਾਬ ਦੀਆਂ ਮਾਵਾਂ ਧੀਆਂ ਨਾਲ ਹੋਣਾ ਚਾਹੀਦਾ ਹੈ ਇਨਸਾਫ਼




ਅੱਜ ਇੱਥੇ ਕਰਵਾਈ ਗਈ ਮਾਵਾਂ ਧੀਆਂ ਇਨਸਾਫ ਰੈਲੀ ਦੌਰਾਨ ਸੰਬੋਧਨ ਕਰਦਿਆਂ ਬੀਬੀ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵਲੋਂ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਹੁਣ ਪੂਰੀ ਰਕਮ ਦੇਣ ਦੀ ਬਜਾਏ ਕਿਸ਼ਤਾਂ ਵਿੱਚ ਰਕਮ ਦੇਣ ਦੀ ਗੱਲ ਕੀਤੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਨੇ ਮਹਿਲਾਵਾਂ ਨੂੰ 60 ਹਜ਼ਾਰ ਰੁਪਏ ਦੇਣ ਦਾ ਭਰੋਸਾ ਦਿੱਤਾ ਸੀ, ਪਰ ਹੁਣ 1,000 ਰੁਪਏ ਦੀਆਂ ਕਿਸ਼ਤਾਂ ਦੀ ਗੱਲ ਹੋ ਰਹੀ ਹੈ। ਉਨ੍ਹਾਂ ਸਵਾਲ ਕੀਤਾ ਕਿ ਮਹਿਲਾਵਾਂ ਨਾਲ ਕੀਤਾ ਵਾਅਦਾ ਪੂਰਾ ਕਰਨ ਵਿੱਚ ਸਰਕਾਰ ਨੂੰ ਮੁਸ਼ਕਲ ਕਿਉਂ ਆ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮਾਵਾਂ ਅਤੇ ਧੀਆਂ ਨੇ ਸਰਕਾਰ ਤੇ ਭਰੋਸਾ ਕੀਤਾ ਸੀ, ਪਰ ਹੁਣ ਉਨ੍ਹਾਂ ਨੂੰ ਆਪਣੇ ਹੱਕਾਂ ਲਈ ਆਵਾਜ਼ ਉਠਾਉਣੀ ਪੈ ਰਹੀ ਹੈ। ਮਹਿਲਾਵਾਂ ਦੀ ਸੁਰੱਖਿਆ, ਸਨਮਾਨ, ਆਰਥਿਕ ਹੱਕ ਅਤੇ ਇਨਸਾਫ਼ ਨਾਲ ਜੁੜੇ ਮੁੱਦਿਆਂ ਬਾਰੇ ਗੱਲ ਕਰਦਿਆਂ ਉਹਨਾਂ ਕਿਹਾ ਕਿ ਸਰਕਾਰ ਇੱਕ ਪਾਸੇ ਮਾਵਾਂ ਧੀਆਂ ਨੂੰ ਇਨਸਾਫ ਦੇਣ ਦੀ ਗੱਲ ਕਰਦੀ ਹੈ ਅਤੇ ਦੂਜੇ ਪਾਸੇ ਬਲਾਤਕਾਰੀਆਂ ਨੂੰ ਬਚਾਉਂਦੀ ਹੈ।

ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ ਨੂੰ ਵੀ ਪ੍ਰਮੁੱਖਤਾ ਨਾਲ ਉਠਾਇਆ। ਉਨ੍ਹਾਂ ਦੋਸ਼ ਲਾਇਆ ਕਿ ਨਸ਼ੇ ਦਾ ਪ੍ਰਭਾਵ ਪਿੰਡ-ਪਿੰਡ ਤੱਕ ਪਹੁੰਚ ਚੁੱਕਾ ਹੈ। ਉਨ੍ਹਾਂ ਨਸ਼ੇ ਤੋਂ ਪ੍ਰਭਾਵਿਤ ਪਰਿਵਾਰਾਂ ਦੇ ਮੁੜ ਵਸੇਬੇ ਅਤੇ ਨਸ਼ਿਆਂ ਨਾਲ ਜੁੜੇ ਮਾਮਲਿਆਂ ਵਿੱਚ ਜਵਾਬਦੇਹੀ ਤੈਅ ਕਰਨ ਦੀ ਮੰਗ ਕੀਤੀ। ਉਨ੍ਹਾਂ ਪੁਲੀਸ ਕਾਰਵਾਈ ਅਤੇ ਕਥਿਤ ਤੌਰ ਤੇ ਦਬਾਏ ਗਏ ਮਾਮਲਿਆਂ ਦੀ ਸਮਾਂਬੱਧ ਜਾਂਚ ਦੀ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਮਹਿਲਾਵਾਂ ਦੀ ਆਵਾਜ਼ ਨੂੰ ਮਜ਼ਬੂਤ ਕਰਨ ਲਈ 'ਮਾਵਾਂ-ਧੀਆਂ' ਮੁਹਿੰਮ ਰਾਹੀਂ ਇਨ੍ਹਾਂ ਮੁੱਦਿਆਂ ਨੂੰ ਲਗਾਤਾਰ ਉਠਾਉਂਦਾ ਰਹੇਗਾ। ਲਾਂਡਰਾਂ-ਬਨੂੜ ਰੋਡ ਵਿਖੇ ਇੱਕ ਪੈਲੇਸ ਵਿਖੇ ਹੋਈ ਇਸ ਮਹਿਲਾ ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦਾ ਆਯੋਜਨ ਸ਼੍ਰੋਮਣੀ ਅਕਾਲੀ ਦਲ ਦੀ ਮੁਹਾਲੀ ਇਕਾਈ ਦੇ ਮਹਿਲਾ ਵਿੰਗ ਵੱਲੋਂ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਮੁਹਾਲੀ ਦੇ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਮੁਹਾਲੀ ਹਲਕੇ ਨੂੰ ਪੂਰੀ ਤਰ੍ਹਾਂ ਅਣਗੌਲਿਆ ਕੀਤਾ ਗਿਆ ਹੈ ਅਤੇ ਮੁਹਾਲੀ ਹਲਕੇ ਦਾ ਜਿੰਨਾ ਵੀ ਵਿਕਾਸ ਹੋਇਆ ਹੈ, ਅਕਾਲੀ ਸਰਕਾਰ ਸਮੇਂ ਹੀ ਹੋਇਆ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਅੱਧੀ ਆਬਾਦੀ ਮਹਿਲਾਵਾਂ ਦੀ ਹੈ ਅਤੇ ਉਨ੍ਹਾਂ ਦੇ ਹੱਕਾਂ, ਸੁਰੱਖਿਆ ਅਤੇ ਇਨਸਾਫ਼ ਨਾਲ ਜੁੜੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਮਾਵਾਂ ਅਤੇ ਧੀਆਂ ਦੀ ਆਵਾਜ਼ ਨੂੰ ਜਨਤਕ ਮੰਚ ਤੇ ਲਗਾਤਾਰ ਉਠਾਉਂਦੀ ਰਹੇਗੀ। ਇਸ ਮੌਕੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ, ਹਲਕਾ ਖਰੜ ਦੇ ਇੰਚਾਰਜ ਰਵਿੰਦਰ ਸਿੰਘ ਖੇੜਾ, ਸ਼੍ਰੋਮਣੀ ਕਮੇਟੀ ਮੈਂਬਰ ਪਰਮਜੀਤ ਕੌਰ ਲਾਂਡਰਾਂ, ਪਾਰਟੀ ਦੇ ਮੀਤ ਪ੍ਰਧਾਨ ਸਰਬਜੀਤ ਸਿੰਘ ਪਾਰਸ ਗੁਰਦੀਪ ਸਿੰਘ, ਸੁਖਵਿੰਦਰ ਸਿੰਘ ਛਿੰਦੀ, ਨਗਰ ਨਿਗਮ ਦੇ ਹਰਵਿੰਦਰ ਸਿੰਘ ਅਤੇ ਸੁਖਬੀਰ ਸਿੰਘ ਗਿੱਲ, ਸੀਨੀਅਰ ਆਗੂ ਪ੍ਰਦੀਪ ਸਿੰਘ ਭਾਰਜ, ਮਨਜੀਤ ਸਿੰਘ ਮਾਨ, ਸਾਬਕਾ ਕੌਂਸਲਰ ਮਨਮੋਹਨ ਕੌਰ, ਭੁਪਿੰਦਰ ਕੋਰ ਗੋਸਲ, ਰੁਪਿੰਦਰ ਕੋਰ ਧੜਾਕ ਸਮੇਤ ਕਈ ਮਹਿਲਾ ਆਗੂ ਅਤੇ ਵਰਕਰ ਮੌਜੂਦ ਸਨ।

ਮਾਵਾਂ ਧੀਆਂ ਇਨਸਾਫ ਰੈਲੀ ਮੌਕੇ ਨਦਾਰਦ ਰਹੀਆਂ ਮੁਹਾਲੀ ਦੀਆਂ ਦੋਵੇਂ ਮਹਿਲਾ ਅਕਾਲੀ ਕੌਂਸਲਰ

ਐਸ.ਏ.ਐਸ. ਨਗਰ, 26 ਸਤੰਬਰ
(ਪੈ.ਗਾਮ-ਏ-ਜਗਤ)

ਸ਼੍ਰੋਮਣੀ ਅਕਾਲੀ ਦਲ ਵਲੋਂ ਮੁਹਾਲੀ ਵਿੱਚ ਇੱਕ ਨਿੱਜੀ ਪੈਲੇਸ ਵਿੱਚ ਕਰਵਾਏ ਗਏ ਮਾਵਾਂ ਧੀਆਂ ਇਨਸਾਫ ਰੈਲੀ ਦੌਰਾਨ ਨਗਰ ਨਿਗਮ ਐਸ ਏ ਐਸ ਨਗਰ ਦੀਆਂ ਦੋ ਮਹਿਲਾ ਅਕਾਲੀ ਕੌਂਸਲਰਾਂ ਕੁਲਦੀਪ ਕੌਰ ਕੰਗ ਅਤੇ ਇੰਦਰਪ੍ਰੀਤ ਕੌਰ ਪ੍ਰਿੰਸ ਸ਼ਾਮਿਲ ਨਹੀਂ ਹੋਈਆਂ। ਇਹਨਾਂ ਕੌਂਸਲਰਾਂ ਅਨੁਸਾਰ ਪਾਰਟੀ ਦੇ ਹਲਕਾ ਇੰਚਾਰਜ ਵਲੋਂ ਉਹਨਾਂ ਨੂੰ ਸਮਾਗਮ ਦੇ ਆਯੋਜਨ ਵਿੱਚ ਸ਼ਾਮਿਲ ਕਰਨਾ ਤਾਂ ਦੂਰ, ਮੀਟਿੰਗ ਬਾਰੇ ਜਾਣਕਾਰੀ ਤਕ ਨਹੀਂ ਦਿੱਤੀ ਗਈ।



ਇੱਥੇ ਜਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਜਿਲ੍ਹਾ ਜੱਥੇਦਾਰ ਅਤੇ ਵਿਧਾਨਸਭਾ ਹਲਕਾ ਮੁਹਾਲੀ ਦੇ ਇੰਚਾਰਜ ਸ੍ਰ. ਪਰਵਿੰਦਰ ਸਿੰਘ ਸੋਹਾਣਾ ਦੀ ਪਤਨੀ ਅਤੇ ਸਾਬਕਾ ਕੌਂਸਲਰ ਹਰਜਿੰਦਰ ਕੌਰ ਬੈਦਵਾਨ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਪ੍ਰੋਗਰਾਮ ਦੌਰਾਨ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਵਲੋਂ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਗਈ ਸੀ। ਪਰੰਤੂ ਇਸ ਮੌਕੇ ਮੁਹਾਲੀ ਨਗਰ ਨਿਗਮ ਦੀਆਂ ਦੋ ਮਹਿਲਾ ਅਕਾਲੀ ਕੌਂਸਲਰਾਂ ਨੂੰ ਸੱਦਾ ਤਕ ਨਹੀਂ ਦਿੱਤਾ ਗਿਆ।

ਰਜਿੰਦਰ ਸਿੰਘ ਸੋਹਲ ਮੁੜ ਬਣੇ ਪੰਜਾਬ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ



ਐਸ.ਏ.ਐਸ. ਨਗਰ, 26 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਗੱਤਕਾ ਐਸੋਸੀਏਸ਼ਨ ਦੀ ਗਵਰਨਿੰਗ ਬਾਡੀ ਦੀ ਸਰਬ ਸੰਮਤੀ ਨਾਲ ਹੋਈ ਚੋਣ ਵਿੱਚ ਸ੍ਰ ਰਜਿੰਦਰ ਸਿੰਘ ਸੋਹਲ ਨੂੰ ਪ੍ਰਧਾਨ, ਸ੍ਰ ਬਲਜਿੰਦਰ ਸਿੰਘ ਤੂਰ ਨੂੰ ਜਨਰਲ ਸਕੱਤਰ, ਸ੍ਰ. ਕੁਲਦੀਪ ਸਿੰਘ ਨੂੰ ਖਜਾਂਚੀ, ਮੈਡਮ ਜਗ ਕਿਰਨ ਕੌਰ ਬੜੈਚ ਨੂੰ ਜਾਇੰਟ ਸਕੱਤਰ, ਅਰਸ਼ਦ ਡਾਲੀ ਨੂੰ ਮੀਤ ਪ੍ਰਧਾਨ, ਰਘਵੀਰ ਸਿੰਘ ਨੂੰ ਸਕੱਤਰ ਅਤੇ ਪਰਮਿੰਦਰ ਸਿੰਘ ਕੰਡਾ, ਇੰਦਰਜੀਤ ਸਿੰਘ ਮੱਲੀ ਅਤੇ ਕੁਲਦੀਪ ਸਿੰਘ ਧਾਲੀਵਾਲ ਨੂੰ ਕਾਰਜਕਾਰੀ ਮੈਂਬਰ ਚੁਣਿਆ ਗਿਆ ਹੈ। ਚੋਣ ਦੌਰਾਨ ਪੰਜਾਬ ਗਤਕਾ ਐਸੋਸੀਏਸ਼ਨ ਦੇ ਨਾਲ ਸਾਰੇ ਜਿਲਿਆਂ ਦੇ ਗਤਕਾ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਅਤੇ ਹੋਰ ਮੈਂਬਰਾਂ ਸਮੇਤ ਜਿਲਾ ਗਤਕਾ ਐਸੋਸੀਏਸ਼ਨ ਮੁਹਾਲੀ ਦੇ ਪ੍ਰਧਾਨ ਅਕਵਿੰਦਰ ਸਿੰਘ ਗੋਸਲ ਪ੍ਰਧਾਨ, ਜਨਰਲ ਸਕੱਤਰ ਦਵਿੰਦਰ ਸਿੰਘ ਜੁਗਨੀ, ਜਾਇੰਟ ਸਕੱਤਰ ਜਗਤਾਰ ਸਿੰਘ ਜੱਗੀ, ਹਰਮਨਜੋਤ ਸਿੰਘ, ਰਾਜਵੀਰ ਸਿੰਘ ਤਲਵਿੰਦਰ ਸਿੰਘ ਵੀ ਹਾਜ਼ਰ ਸਨ।

ਲੁਧਿਆਣਾ ਵਿੱਚ ਬਾਬਾ ਬਾਗੇਸ਼ਵਰ ਧਾਮ ਸਰਕਾਰ ਦੀ ਹਨੂੰਮਾਨ ਕਥਾ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਲਿਆ ਹਿੱਸਾ

ਚੰਡੀਗੜ੍ਹ, 26 ਸਤੰਬਰ (ਪੈ.ਗਾਮ-ਏ-ਜਗਤ)

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਲੁਧਿਆਣਾ ਵਿੱਚ ਆਯੋਜਿਤ ਬਾਬਾ ਬਾਗੇਸ਼ਵਰ ਧਾਮ ਸਰਕਾਰ ਪੰਡਿਤ ਧੀਰੇਂਦਰ ਕ੍ਰਿਸ਼ਨ ਸ਼ਾਸਤਰੀ ਜੀ ਦੀ ਹਨੂੰਮਾਨ ਕਥਾ ਵਿੱਚ ਹਿੱਸਾ ਲਿਆ ਅਤੇ ਹਾਜ਼ਰ ਸ਼ਰਧਾਲੂਆਂ ਨੂੰ ਸੰਬੋਧਿਤ ਕੀਤਾ। ਉਨ੍ਹਾਂ ਨੇ ਸੰਕਟਮੋਚਨ ਹਨੂੰਮਾਨ ਜੀ ਦੇ ਚਰਨਾਂ ਵਿੱਚ ਸੀਸ ਨਿਵਾਉਂਦੇ ਹੋਏ ਪੰਜਾਬ ਦੀ ਪਵਿੱਤਰ ਧਰਤੀ ਅਤੇ ਗੁਰੂ ਸਾਹਿਬਾਨ ਦੀ ਮਹਾਨ ਪਰੰਪਰਾ ਨੂੰ ਵੀ ਸ਼ਰਧਾਪੂਰਵਕ ਪ੍ਰਣਾਮ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਅਵਸਰ ਬਹੁਤ ਹੀ ਖ਼ਾਸ ਹੈ। ਇਹ ਸਿਰਫ ਇੱਕ ਧਾਰਮਿਕ ਆਯੋਜਨ ਨਹੀਂ, ਸਗੋਂ ਆਸਥਾ, ਸੰਸਕਾਰ, ਸੱਭਿਆਚਾਰ ਅਤੇ ਸੇਵਾ ਦਾ ਸੰਗਮ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਨੂੰਮਾਨ ਜੀ ਸਿਰਫ ਸ਼ਕਤੀ ਦੇ ਪ੍ਰਤੀਕ ਨਹੀਂ, ਸਗੋਂ ਭਗਤੀ, ਸੇਵਾ, ਸਮਰਪਣ, ਸਾਹਸ ਅਤੇ ਨਿਮਰਤਾ ਦੇ ਵੀ ਸਰਵਉੱਚ ਆਦਰਸ਼ ਹਨ। ਉਨ੍ਹਾਂ ਕੋਲ ਅਪਾਰ ਸ਼ਕਤੀ ਸੀ, ਪਰ ਉਨ੍ਹਾਂ ਵਿੱਚ ਹੰਕਾਰ ਨਹੀਂ ਸੀ। ਉਨ੍ਹਾਂ ਵਿੱਚ ਅਦਭੁਤ ਗਿਆਨ ਸੀ, ਪਰ ਦਿਖਾਵਾ ਨਹੀਂ ਸੀ। ਉਨ੍ਹਾਂ ਦਾ ਪੂਰਾ ਜੀਵਨ ਪ੍ਰਭੂ ਸ਼੍ਰੀ ਰਾਮ ਦੀ ਸੇਵਾ ਅਤੇ ਲੋਕ-ਭਲਾਈ ਲਈ ਸਮਰਪਿਤ ਰਿਹਾ। ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ੇ, ਨਿਰਾਸ਼ਾ ਅਤੇ ਨਕਾਰਾਤਮਕਤਾ ਤੋਂ ਦੂਰ ਰਹਿਣ ਅਤੇ ਆਪਣੀ ਊਰਜਾ ਸਿੱਖਿਆ, ਖੇਡਾਂ, ਹੁਨਰ, ਰੋਜ਼ਗਾਰ, ਸੇਵਾ ਅਤੇ ਰਾਸ਼ਟਰ ਨਿਰਮਾਣ ਵਿੱਚ ਲਗਾਉਣ। ਉਨ੍ਹਾਂ ਕਿਹਾ ਕਿ ਔਖੇ ਹਲਾਤਾਂ ਅਤੇ ਚੁਣੌਤੀਆਂ ਜੀਵਨ ਦਾ ਹਿੱਸਾ ਹਨ, ਪਰ ਮਜ਼ਬੂਤ ਇੱਛਾ-ਸ਼ਕਤੀ ਅਤੇ ਆਤਮ-ਵਿਸ਼ਵਾਸ ਨਾਲ ਉਨ੍ਹਾਂ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਸੰਕਟ ਦੀ ਘੜੀ ਵਿੱਚ ਸੰਕਟਮੋਚਨ ਹਨੂੰਮਾਨ ਜੀ ਦਾ ਸਿਮਰਨ ਸਾਨੂੰ ਸਾਹਸ ਅਤੇ ਵਿਸ਼ਵਾਸ ਬਖ਼ਸ਼ਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੇ ਨੌਜਵਾਨਾਂ ਦੀ ਊਰਜਾ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੈ। ਨੌਜਵਾਨਾਂ ਨੂੰ ਆਪਣੇ ਜੀਵਨ ਵਿੱਚ ਅਨੁਸ਼ਾਸਨ, ਮਿਹਨਤ, ਸੰਸਕਾਰ ਅਤੇ ਹਾਂਵਾਚੀ ਸੋਚ ਨੂੰ ਅਪਣਾ ਕੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਗੁਰੂਗ੍ਰਾਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਮਨ ਕੀ ਬਾਤ' ਦੇ 138ਵੇਂ ਐਡੀਸ਼ਨ ਨੂੰ ਸੁਣਿਆ

ਚੰਡੀਗੜ੍ਹ, 27 ਸਤੰਬਰ (ਪੈ.ਗਾਮ-ਏ-ਜਗਤ)

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਗੁਰੂਗ੍ਰਾਮ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ 'ਮਨ ਕੀ ਬਾਤ' ਰੇਡੀਓ ਪ੍ਰੋਗਰਾਮ ਦੇ 138ਵੇਂ ਐਡੀਸ਼ਨ ਨੂੰ ਸੁਣਿਆ। ਇਸ ਮੌਕੇ 'ਤੇ ਸੇਵਾ ਸੰਕਲਪ ਅਭਿਆਨ ਤਹਿਤ ਮੁੱਖ ਮੰਤਰੀ ਨੇ ਖੇਡਾਂ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਅਤੇ ਸੂਬੇ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ। ਮੁੱਖ ਮੰਤਰੀ ਨੇ ਸਮਾਗਮ ਵਾਲੀ ਥਾਂ 'ਤੇ ਵਾਤਾਵਰਣ ਸਰੰਖਣ ਦਾ ਸੰਦੇਸ਼ ਦਿੰਦਿਆਂ ਪੌਦੇ ਵੀ ਲਗਾਏ ਅਤੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕ ਰਹਿਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਯੁੱਗ ਬਾਕਸਰ ਨੂੰ ਅੰਤਰਰਾਸ਼ਟਰੀ ਪੱਧਰ 'ਤੇ 2 ਸੋਨ ਤਗਮੇ ਅਤੇ ਥਾਈਲੈਂਡ ਵਿੱਚ ਏਸ਼ੀਅਨ ਗੋਲਡ ਮੈਡਲ ਜਿੱਤਣ, ਨਿਕਿਤਾ ਸਹਿਰਾਵਤ ਨੂੰ ਅੰਡਰ-17 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਗਮਾ ਹਾਸਲ ਕਰਨ ਅਤੇ ਸੁਬੋਧ ਭੱਟ ਨੂੰ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ 3 ਸੋਨ ਅਤੇ 2 ਬ੍ਰਾਂਜ ਤਗਮੇ ਜਿੱਤਣ ਦੀ ਪ੍ਰਾਪਤੀ ਲਈ ਸਨਮਾਨਿਤ ਕੀਤਾ। ਨਿਸ਼ਾਂਤ ਦਾਈਮਾ ਨੂੰ ਰਾਸ਼ਟਰੀ ਪੱਧਰ ਦੀਆਂ ਕੁਸ਼ਤੀ ਮੁਕਾਬਲਿਆਂ ਵਿੱਚ 1 ਸੋਨ ਅਤੇ 2 ਚਾਂਦੀ ਦੇ ਤਗਮੇ, ਸਚਿਨ ਨੂੰ ਰਾਸ਼ਟਰੀ ਜੂਨੀਅਰ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਬ੍ਰਾਂਜ ਤਗਮਾ ਅਤੇ ਪ੍ਰਿਆ ਯਾਦਵ ਨੂੰ ਅੰਤਰਰਾਸ਼ਟਰੀ ਪੱਧਰ 'ਤੇ 2 ਸੋਨ, 2 ਚਾਂਦੀ ਅਤੇ 4 ਬ੍ਰਾਂਜ ਤਗਮੇ ਹਾਸਲ ਕਰਨ ਦੀ ਪ੍ਰਾਪਤੀ ਲਈ ਸਨਮਾਨਿਤ ਕੀਤਾ ਗਿਆ। ਉੱਥੇ ਹੀ ਸ੍ਰਿਸ਼ਟੀ ਨੇ ਸੀਨੀਅਰ ਵਿਸ਼ਵ ਚੈਂਪੀਅਨਸ਼ਿਪ ਵਿੱਚ ਚਾਰ ਵਾਰ ਮੈਡਲ ਜਿੱਤ ਕੇ ਅਤੇ ਵਿਵੇਕ ਭਾਰਦਵਾਜ ਨੇ ਤੁਰਕੀ ਦੇ ਇਸਤਾਂਬੁਲ ਵਿੱਚ ਗਲੋਬਲ ਗ੍ਰੈਪਲਿੰਗ ਸੀਰੀਜ਼ ਰੈਸਲਿੰਗ ਵਿੱਚ ਬ੍ਰਾਂਜ ਤਗਮਾ ਜਿੱਤ ਕੇ ਦੇਸ਼ ਦਾ ਮਾਣ ਵਧਾਇਆ ਹੈ। ਮੁੱਖ ਮੰਤਰੀ ਨੇ ਸਾਰੇ ਖਿਡਾਰੀਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਸੇਵਾ ਸੰਕਲਪ ਸੇਵਾ ਯਾਤਰਾ ਦਾ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੀਤਾ ਸਵਾਗਤ

ਚੰਡੀਗੜ੍ਹ, 27 ਸਤੰਬਰ
(ਪੈ.ਗਾਮ-ਏ-ਜਗਤ)

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਾਂ ਕਦੇ ਛੁੱਟੀ ਦੀ ਚਿੰਤਾ ਕੀਤੀ ਅਤੇ ਨਾਂ ਆਰਾਮ ਨੂੰ ਪਹਿਲ ਦਿੱਤੀ। ਉਹਨਾਂ ਲਈ 140 ਕਰੋੜ ਦੇਸ਼ਵਾਸੀ ਹੀ ਪਰਿਵਾਰ ਹਨ। ਗਰੀਬ ਦੀ ਪੀੜਾ, ਕਿਸਾਨ ਦੀ ਚਿੰਤਾ ਅਤੇ ਯੁਵਾ ਦਾ ਸਪਨਾ ਉਹਨਾਂ ਦਾ ਆਪਣਾ ਹੈ। ਮਾਤਾਵਾਂ-ਭੈਣਾਂ ਦਾ ਸਨਮਾਨ ਉਹਨਾਂ ਦੀ ਸਰਵਉੱਚ ਪਹਿਲ ਹੈ, ਜਦਕਿ ਸਰਹੱਦ 'ਤੇ ਖੜ੍ਹੇ ਸੈਨਿਕ ਦਾ ਸਾਹਸ ਉਹਨਾਂ ਦਾ ਸੰਕਲਪ ਹੈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਸੇਵਾ ਸੰਕਲਪ ਅਭਿਆਨ ਦੇ ਤਹਿਤ ਗੁਜਰਾਤ ਦੇ ਵਡਨਗਰ ਤੋਂ ਵਾਰਾਣਸੀ ਤੱਕ ਕੱਢੀ ਜਾ ਰਹੀ ਸੇਵਾ ਯਾਤਰਾ (ਮੋਟਰਸਾਈਕਲ ਯਾਤਰਾ) ਦੇ ਸਵਾਗਤ ਨੂੰ ਲੈ ਕੇ ਮਹਿੰਦਰਗੜ੍ਹ ਦੇ ਪਿੰਡ ਗੋਦ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਸੰਬੋਧਿਤ ਕਰ ਰਹੇ ਸਨ। ਮੁੱਖ ਮੰਤਰੀ ਨੇ ਯਾਤਰਾ ਦਾ ਸਵਾਗਤ ਕੀਤਾ ਅਤੇ ਪ੍ਰੋਗਰਾਮ ਤੋਂ ਬਾਅਦ ਹਰੀ ਝੰਡੀ ਦਿਖਾ ਕੇ ਉਸ ਨੂੰ ਅੱਗੇ ਮੰਜ਼ਿਲ ਲਈ ਰਵਾਨਾ ਕੀਤਾ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਹ ਯਾਤਰਾ ਸੇਵਾ ਤੋਂ ਸੰਕਲਪ, ਸੰਕਲਪ ਤੋਂ ਸਿੱਧੀ ਅਤੇ ਸਿੱਧੀ ਤੋਂ ਵਿਕਸਿਤ ਭਾਰਤ ਤੱਕ ਦੀ ਯਾਤਰਾ ਹੈ। ਉਹਨਾਂ ਕਿਹਾ ਕਿ ਮਹਿੰਦਰਗੜ੍ਹ ਇਤਿਹਾਸ, ਪਰਾਕ੍ਰਮ, ਜਨਚੇਤਨਾ ਅਤੇ ਰਾਸ਼ਟਰੀ ਸਵਾਭਿਮਾਨ ਦੀ ਧਰਤੀ ਹੈ। ਉਹਨਾਂ ਨੇ ਯਾਤਰਾ ਦਾ ਇੱਥੇ ਪਹੁੰਚਣ 'ਤੇ ਸਵਾਗਤ ਕੀਤਾ ਅਤੇ ਇਸ ਨੂੰ ਯਾਦਗਾਰ ਪਲ ਦੱਸਿਆ। ਉਹਨਾਂ ਕਿਹਾ ਕਿ ਵਡਨਗਰ ਤੋਂ ਵਾਰਾਨਸੀ ਤੱਕ ਦੀ ਯਾਤਰਾ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰੇਰਕ ਜੀਵਨ-ਯਾਤਰਾ ਦਾ ਵੀ ਪ੍ਰਤੀਕ ਹੈ। ਵਡਨਗਰ ਉਹਨਾਂ ਦੀ ਜਨਮਭੂਮੀ ਹੈ, ਜਦਕਿ ਵਾਰਾਣਸੀ ਉਹਨਾਂ ਦੀ ਕਰਮਭੂਮੀ ਹੈ, ਜਿੱਥੋਂ ਭਾਰਤ ਦੀ ਵਿਰਾਸਤ ਅਤੇ ਆਧੁਨਿਕ ਉਮੀਦਾਂ ਨੂੰ ਨਾਲ ਲੈ ਕੇ ਵਿਕਸਿਤ ਭਾਰਤ ਦਾ ਸੰਕਲਪ ਅੱਗੇ ਵਧਾਇਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਆਪਣੇ ਜੀਵਨ ਨਾਲ ਜਨਸੇਵਾ ਨੂੰ ਰਾਜਨੀਤੀ ਦਾ ਮੂਲ ਉਦੇਸ਼ ਬਣਾਇਆ। 7 ਅਕਤੂਬਰ, 2001 ਨੂੰ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਜ਼ਿੰਮੇਵਾਰੀ ਸੰਭਾਲਣ ਤੋਂ ਬਾਅਦ ਆਗਾਮੀ 7 ਅਕਤੂਬਰ ਨੂੰ ਉਹਨਾਂ ਦੀ ਜਨਸੇਵਾ ਦੇ ਅਵਿਰਾਮ 25 ਸਾਲ ਪੂਰੇ ਹੋਣਗੇ। ਉਹਨਾਂ ਕਿਹਾ ਕਿ ਇਸ ਪੂਰੇ ਸਫ਼ਰ ਵਿੱਚ ਗਰੀਬ ਭਲਾਈ ਅਤੇ ਦੇਸ਼ ਨੂੰ ਨਵੀਆਂ ਉੱਚਾਈਆਂ ਤੱਕ ਲੈ ਜਾਣਾ ਉਹਨਾਂ ਦੀ ਪਹਿਲ ਰਹੀ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਲ 2014 ਵਿੱਚ ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਲਾਲ ਕਿਲੇ ਤੋਂ ਸਵੱਛਤਾ ਦਾ ਸੰਦੇਸ਼ ਦਿੱਤਾ ਗਿਆ। ਸਵੱਛ ਭਾਰਤ ਮਿਸ਼ਨ ਨੂੰ ਗਰੀਬ ਦੀ ਸਿਹਤ, ਨਾਰੀ ਦੀ ਗਰਿਮਾ ਅਤੇ ਦੇਸ਼ ਦੇ ਸਨਮਾਨ ਨਾਲ ਜੋੜਦੇ ਹੋਏ ਅੱਗੇ ਵਧਾਇਆ ਗਿਆ। ਉੱਜਵਲਾ ਯੋਜਨਾ ਰਾਹੀਂ ਗਰੀਬ ਮਾਤਾਵਾਂ ਨੂੰ ਧੂੰਏਂ ਤੋਂ ਮੁਕਤੀ, ਜਦਕਿ ਹਰ ਘਰ ਬਿਜਲੀ, ਨਲ ਤੋਂ ਜਲ, ਜਨਧਨ ਯੋਜਨਾ ਅਤੇ ਪੱਕੇ ਮਕਾਨ ਲਈ ਅਭਿਆਨ ਚਲਾਏ ਗਏ। ਆਯੁਸ਼ਮਾਨ ਭਾਰਤ ਨੇ ਗਰੀਬ ਪਰਿਵਾਰਾਂ ਨੂੰ ਇਲਾਜ ਦਾ ਭਰੋਸਾ ਦਿੱਤਾ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਨੇ ਕਿਸਾਨਾਂ ਨੂੰ ਆਰਥਿਕ ਸਹਾਰਾ ਦਿੱਤਾ ਅਤੇ ਮੁਫ਼ਤ ਰਾਸ਼ਨ ਨੇ ਸੰਕਟ ਦੇ ਸਮੇਂ ਕਰੋੜਾਂ ਪਰਿਵਾਰਾਂ ਦੀ ਰਸੋਈ ਦਾ ਚੁੱਲ੍ਹਾ ਬਾਲੀ ਰੱਖਿਆ।ਉਹਨਾਂ ਕਿਹਾ ਕਿ ਭਾਰਤ ਅੱਜ ਡਿਜੀਟਲ ਕ੍ਰਾਂਤੀ ਦੀ ਅਗਵਾਈ ਕਰ ਰਿਹਾ ਹੈ ਅਤੇ ਯੂ.ਪੀ.ਆਈ. ਪੂਰੀ ਦੁਨੀਆ ਲਈ ਉਦਾਹਰਨ ਬਣ ਚੁੱਕਾ ਹੈ। ਸਟਾਰਟਅੱਪ, ਸਪੇਸ, ਡਰੋਨ, ਏਆਈ, ਸੈਮੀਕੰਡਕਟਰ, ਰੱਖਿਆ ਉਤਪਾਦਨ ਅਤੇ ਹਰਿਤ ਊਰਜਾ ਵਰਗੇ ਖੇਤਰਾਂ ਵਿੱਚ ਯੁਵਾ ਦੇਸ਼ ਦੀ ਨਵੀਂ ਪਛਾਣ ਬਣਾ ਰਹੇ ਹਨ।